ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 3 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਬੋਲੇ ਜਥੇਦਾਰ ਸਾਹਿਬਾਨ

# ਅਕਾਲੀ ਸਰਕਾਰ ਨੇ ਗੁਨਾਹ ਕੀਤੇ, ਮੱਲ੍ਹਮ ਦੀ ਥਾਂ ਜ਼ਖਮ ਦਿੱਤੇ

**ਅੰਮ੍ਰਿਤਸਰ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜ ਸਿੰਘ ਸਾਹਿਬਾਨ ਨੇ ਤਨਖਾਹੀਆ ਕਰਾਰ ਦਿੱਤੇ ਗਏ ਸੁਖਬੀਰ ਸਿੰਘ ਬਾਦਲ ਸਣੇ ਸਾਬਕਾ ਅਕਾਲੀ ਮੰਤਰੀਆਂ ਨੂੰ ਅੱਜ ਜਥੇਦਾਰ ਸਾਹਿਬਾਨ ਵਲੋਂ ਤਲਬ ਕੀਤਾ ਗਿਆ। ਪੰਜ ਸਿੰਘ ਸਾਹਿਬਾਨਾਂ ਨੇ ਸੁਖਬੀਰ ਸਿੰਘ ਬਾਦਲ ਸਣੇ 2007 ਤੋਂ 2017 ਦੌਰਾਨ ਸਰਕਾਰ ਦਾ ਹਿੱਸਾ ਰਹਿਣ ਵਾਲੇ ਆਗੂਆਂ ਨੂੰ ਫਸੀਲ ਦੇ ਸਨਮੁੱਖ ਇਕੱਤਰ ਕਰਕੇ ਲੱਗੇ ਦੋਸ਼ਾਂ ਦੇ ਸਪੱਸ਼ਟੀਕਰਨ ਮੰਗੇ। ਆਪਣੇ ਸੰਬੋਧਨ ਦੌਰਾਨ ਜਥੇਦਾਰ ਸਾਹਿਬਾਨ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਰਬ ਉਚ ਹੈ ਅਤੇ ਇਸ ਦੀ ਮਾਣ-ਮਰਿਆਦਾ ਸਰਵ ਉੱਚ ਹੈ। ਉਨ੍ਹਾਂ ਕਿਹਾ ਕਿ ਅੱਜ ਸਮੁੱਚੇ ਖਾਲਸਾ ਪੰਥ ਦੀਆਂ ਨਜ਼ਰਾਂ ਦੇਸ਼ਾਂ ਵਿਦੇਸ਼ਾਂ ਤੋਂ ਸ੍ਰੀ ਅਕਾਲ ਤਖ਼ਤ 'ਤੇ ਟਿਕੀਆਂ ਹੋਈਆਂ ਹਨ। ਸਭ ਤੋਂ ਪਹਿਲਾਂ ਉਹ ਸਾਫ ਕਰਦੇ ਹਨ ਕਿ ਉਨ੍ਹਾਂ ਤੇ ਕਿਸੇ ਧਿਰ ਦਾ ਕੋਈ ਦਬਾਅ ਨਹੀਂ ਹੈ ਅਤੇ ਨਾ ਹੀ ਕਦੇ ਸਿੰਘ ਸਾਹਿਬਾਨ ਦਬਾਅ ਹੇਠ ਆ ਸਕਦੇ ਹਨ।



ਇਸ ਉਪਰੰਤ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਅਗਲਾ ਸੰਬੋਧਨ ਗਿਆਨੀ ਹਰਪ੍ਰੀਤ ਸਿੰਘ ਕਰਨਗੇ। ਗਿਆਨੀ ਹਰਪ੍ਰੀਤ ਸਿੰਘ ਨੇ ਸਖ਼ਤ ਸ਼ਬਦਾਂ ਵਿਚ ਆਖਿਆ ਕਿ ਸ਼ਰਮ ਵਾਲੀ ਗੱਲ ਹੈ ਕਿ ਪੰਜਾਬ ਦੀ ਪੰਥਕ ਪਾਰਟੀ ਜਿਸ ਨੇ ਸਿੱਖਾਂ ਦੀ ਗੱਲ ਕਰਨੀ ਸੀ ਉਹ ਆਪਣੇ ਅਸਲ ਮੁੱਦਿਆਂ ਤੋਂ ਭਟਕ ਗਈ ਅਤੇ ਪੰਥਕ ਹਿੱਤਾਂ ਨੂੰ ਭੁੱਲ ਗਈ। ਉਨ੍ਹਾਂ ਕਿਹਾ ਕਿ ਕਿਸੇ ਵੀ ਛੋਟੇ ਅਤੇ ਵੱਡੇ ਲੀਡਰ ਦੀ ਸਾਡੇ ਫ਼ੈਸਲੇ ਵਿਚ ਕੋਈ ਭੂਮਿਕਾ ਨਹੀਂ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਾਡੀਆਂ ਭੂਮਿਕਾਵਾਂ ਨੂੰ ਵੀ ਸ਼ੱਕੀ ਬਣਾ ਦਿੱਤਾ ਗਿਆ। ਪਹਿਲੇ ਜਥੇਦਾਰਾਂ ਨੇ ਕੰਮ ਹੀ ਕੁਝ ਅਜਿਹੇ ਕੀਤਾ ਕਿ ਹੁਣ ਸਾਡੇ 'ਤੇ ਵੀ ਉਂਗਲ ਉਠੀ। ਅਸੀਂ ਸਪੱਸ਼ਟ ਕਰਦੇ ਹਾਂ ਕਿ ਕਿਸ ਛੋਟੇ ਤੇ ਵੱਡੇ ਲੀਡਰ ਤਕ ਸਾਡੇ ਨਾਲ ਸਲਾਹ ਮਸ਼ਵਰਾ ਨਹੀਂ ਕੀਤਾ ਗਿਆ। ਅਕਾਲੀ ਲੀਡਰਾਂ ਅਤੇ ਵਰਕਰਾਂ ਦੇ ਟੈਲੀਫੋਨ ਜ਼ਰੂਰ ਆਏ , ਜਿਨ੍ਹਾਂ ਨੇ ਕਿਹਾ ਕਿ ਪੰਥ ਨੂੰ ਇਸ ਦਰਦ ਵਿਚੋਂ ਕੱਢਣਾ ਚਾਹੀਦਾ ਹੈ ਜੋ ਬੀਤੇ ਸਮੇਂ ਵਿਚ ਗਲਤੀਆਂ ਹੋਈਆਂ, ਗੁਨਾਹ ਹੋਏ, ਉਨ੍ਹਾਂ ਦਾ ਲੇਖਾ ਜੋਖਾ ਖਾਲਸਾ ਪੰਥ ਦੇ ਸਾਹਮਣੇ ਕੀਤਾ ਜਾਣਾ ਚਾਹੀਦਾ ਹੈ।

## ਸੁਖਬੀਰ ਸਿੰਘ ਬਾਦਲ ਗਲ ਵਿੱਚ ਤਖਤੀ ਪਾ ਬਰਛਾ ਫੜ ਬੈਠਣਗੇ ਦਰਬਾਰ ਸਾਹਿਬ ਬਾਹਰ

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਸਿੰਘ ਬਾਦਲ ਨੂੰ ਸਜਾ ਦਾ ਐਲਾਨ ਕਰਦਿਆਂ ਕਈ ਵੱਡੇ ਐਲਾਨ ਕੀਤੇ। ਇਸ ਦੌਰਾਨ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਜੋ ਸਵਾਲ ਸਿੰਘ ਸਹਿਬਾਨ ਵਲੋਂ ਕੀਤੇ ਗਏ ਉਨ੍ਹਾਂ ਨੇ ਆਪਣੇ ਗੁਨਾਹ ਕਬੂਲ ਕੀਤੇ ਹਨ ਉਨ੍ਹਾਂ (ਸੁਖਬੀਰ ਬਾਦਲ) ਦੇ ਸਾਥੀਆਂ ਨੇ ਵੀ ਆਪਣੀ ਹਿੱਸੇਦਾਰੀ ਕਬੂਲ ਕੀਤੀ ਗਈ ਹੈ। ਜਿਸ ਕਾਰਨ ਸੁਖਬੀਰ ਬਾਦਲ ਤੇ ਉਨ੍ਹਾਂ ਦੇ ਸਾਥੀਆਂ ਨੂੰ ਇਹ ਧਾਰਮਿਕ ਸਜਾ ਲਗਾਈ ਜਾਂਦੀ ਹੈ। ਇਸ ਲਈ ਉਹ ਮੰਗਲਵਾਰ 3 ਦਸੰਬਰ 2024 ਤੋਂ ਉਹ ਰੋਜ਼ਾਨਾ 12 ਵਜੇ ਤੋਂ 1 ਵਜੇ ਤਕ ਪਖਾਨੇ ਸਾਫ ਕਰਨਗੇ। ਉਸ ਤੋਂ ਬਾਅਦ ਇਸ਼ਨਾਨ ਕਰਨਗੇ ਅਤੇ ਫਿਰ ਲੰਗਰ ਹਾਲ ਵਿੱਚ ਜਾ ਕੇ 1 ਘੰਟੇ ਤਕ ਬਰਤਨ ਧੋਣ ਦੀ ਸੇਵਾ ਕਰਨਗੇ। ਜਿਸ ਪਿੱਛੋਂ ਉਹ 1 ਘੰਟਾ ਕੀਰਤਨ ਸਰਵਣ ਕਰਨਗੇ ।ਜਥੇਦਾਰ ਸਾਹਿਬ ਨੇ ਕਿਹਾ ਕਿ ਇਸ ਦੌਰਾਨ ਵਿਸ਼ੇਸ਼ ਕਰਕੇ ਉਨ੍ਹਾਂ ਦੇ ਗੱਲ ਵਿੱਚ ਤਖ਼ਤੀ ਪਾਈ ਜਾਵੇਗੀ। ਇਸ ਦੇ ਨਾਲ ਹੀ ਜਥੇਦਾਰ ਸਾਹਿਬ ਨੇ ਕਿਹਾ ਕਿ ਕਿਉਂਕਿ ਸੁਖਬੀਰ ਸਿੰਘ ਬਾਦਲ ਦੀ ਲੱਤ ਵਿੱਚ ਫੈਕਚਰ ਹੋਇਆ ਹੈ, ਇਸ ਲਈ ਸੁਖਬੀਰ ਸਿੰਘ ਬਾਦਲ ਦਰਬਾਰ ਸਾਹਿਬ ਦੇ ਬਾਹਰ ਘੰਟਾ ਘਰ ਕੋਲ ਦਰਸ਼ਨੀ ਸੇਵਾਦਾਰ ਦਾ



ਪੋਸ਼ਾਕਾਂ ਪਹਿਨ ਕੇ ਡਿਊਢੀ ਦੌਰਾਨ ਹੱਥ ਵਿੱਚ ਬਰਛਾ ਫੜ ਕੇ ਆਪਣੀ ਵ੍ਹੀਲਚੇਅਰ 'ਤੇ ਬੈਠਣਗੇ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਗੱਲ ਵਿੱਚ ਤਖਤੀ ਪਾਈ ਜਾਵੇਗੀ। ਇਸ ਪਿੱਛੋਂ ਉਹ ਬਰਤਨ ਸਾਫ ਕਰਨ ਤੇ ਕੀਰਤਨ ਸਰਵਣ ਕਰਨ ਤੋਂ ਬਾਅਦ ਸੁਖਮਨੀ ਸਾਹਿਬ ਦਾ ਪਾਠ ਵੀ ਕਰਨਗੇ। 2 ਦਿਨ ਦੀ ਸੇਵਾ ਦਰਬਾਰ ਵਿੱਚ ਕਰਨ ਉਪਰੰਤ ਉਹ ਅਗਲੇ 2-2 ਦਿਨ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਦਮਦਮਾ ਸਾਹਿਬ, ਸ੍ਰੀ ਮੁਕਤਸਰ ਸਾਹਿਬ, ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸੇਵਾ ਕਰਕੇ ਆਪਣੀ ਤਨਖਾਹ ਪੂਰੀ ਕਰਨਗੇ। ਬਰਛੀ ਫੜ੍ਹ ਕੇ ਬੈਠਣ ਦਾ ਇਨ੍ਹਾਂ ਦਾ ਸਮਾਂ ਇਥੇ 9 ਤੋਂ 10 ਵਜੇ ਤਕ ਹੋਵੇਗਾ।

## ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੋਂ ਫਖਰ-ਏ-ਕੌਮ ਵਾਪਸ ਲਿਆ

ਸ੍ਰੀ ਅਕਾਲ ਤਖ਼ਤ ਸਾਹਿਬ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੋਂ ਫਖਰ-ਏ-ਕੌਮ ਵਾਪਸ ਲੈ ਲਿਆ ਹੈ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ 'ਤੇ ਬੋਲਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ



ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਇਹ ਗੁਨਾਹ ਕਬੂਲ ਕੀਤਾ ਹੈ ਕਿ ਉਨ੍ਹਾਂ ਨੇ ਜਥੇਦਾਰ ਸਾਹਿਬਾਨ ਨੂੰ ਆਪਣੇ ਰਿਹਾਇਸ਼ 'ਤੇ ਬੁਲਾ ਕੇ ਡੇਰਾ ਸੌਦਾ ਸਾਧ ਨੂੰ ਮੁਆਫੀ ਲਈ ਦਬਾਅ ਪਾਇਆ। ਇਸ ਕੰਮ ਵਿਚ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੀ ਇਸ ਵਿਚ ਸ਼ਾਮਲ ਸਨ। ਲਿਹਾਜ਼ਾ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਫਖਰ-ਏ-ਕੌਮ ਵਾਪਸ ਲਿਆ ਜਾਂਦਾ ਹੈ।

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਅੱਗੇ ਮਜੀਠੀਆ ਨੇ ਹੱਥ ਜੋੜ ਕੇ ਮੰਗੀ ਮੁਆਫ਼ੀ



ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅੱਜ ਪੰਜ ਸਿੰਘ ਸਾਹਿਬਾਨਾਂ ਵੱਲੋਂ ਇਤਿਹਾਸਕ ਫ਼ਸੀਲ ਤੋਂ ਸੰਗਤ ਦੇ ਰੂ-ਬ-ਰੂ ਹੁੰਦੇ ਹੋਏ ਸਾਬਕਾ ਸੁਖਬੀਰ ਸਿੰਘ ਬਾਦਲ ਸਮੇਤ ਸਾਬਕਾ ਕੈਬਨਿਟ ਮੰਤਰੀਆਂ ਨੂੰ ਸਿੱਧੇ ਸਵਾਲ ਕੀਤੇ ਗਏ। ਇਸ ਦੌਰਾਨ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਹੱਥ ਜੋੜ ਕੇ ਮੁਆਫ਼ੀ ਮੰਗੀ। ਇਸ ਮੌਕੇ ਅਕਾਲੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਮਜੀਠੀਆ, ਦਾਸ ਸਾਲ 2007 ਤੋਂ ਲੈ ਕੇ 2009 ਅਤੇ 2009 ਤੋਂ ਲੈ ਕੇ 2012 ਤੱਕ ਮੈਂ ਕੈਬਨਿਟ ਮੰਤਰੀ ਦਾ ਹਿੱਸਾ ਨਹੀਂ ਸੀ। 2012 ਤੋਂ ਲੈ ਕੇ 2017 ਤੱਕ ਮੈਂ ਕੈਬਨਿਟ ਦਾ ਹਿੱਸਾ ਸੀ। ਕਿਸੇ ਵੀ ਕੈਬਨਿਟ ਮੀਟਿੰਗ ਵਿਚ ਮੁਆਫ਼ੀ ਜਾਂ ਫਿਰ ਜਿੰਨੇ ਵੀ ਮੁੱਦਿਆਂ ਦਾ ਜ਼ਿਕਰ ਕੀਤਾ ਗਿਆ, ਅਜਿਹੇ ਕਿਸੇ ਵੀ ਮੁੱਦੇ ਵਿਚ ਮੈਂ ਸ਼ਾਮਲ ਨਹੀਂ ਸੀ ਪਰ ਮੈਂ ਆਪਣੀ ਗਲਤੀ ਮੰਨਦਾ ਹੈ ਕਿ ਮੈਂ ਉਸ ਕੈਬਨਿਟ ਦਾ ਹਿੱਸਾ ਸੀ, ਮੈਨੂੰ ਆਵਾਜ਼ ਬੁਲੰਦ ਕਰਨੀ ਚਾਹੀਦੀ ਸੀ। ਮੈਂ ਹੱਥ ਜੋੜ ਕੇ ਇਸ ਦੀ ਮੁਆਫ਼ੀ ਮੰਗਦਾ ਹਾਂ।

## ਅਕਾਲੀ ਦਲ ਦੇ ਹਰ ਵਰਕਰ ਨੂੰ ਲੱਗੀ ਤਨਖਾਹ, ਜਾਣੋ ਕੀ ਬੋਲੇ ਜਥੇਦਾਰ ਸਾਹਿਬ

ਅੱਜ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਸਜਾ ਦਾ ਐਲਾਨ ਕਰਦਿਆਂ ਜਥੇਦਾਰ ਗਿਆਨੀ ਰਘਬੀਰ ਸਿੰਘ ਵਲੋਂ ਅਕਾਲੀ ਦਲ ਦੇ ਹਰ ਵਰਕਰ ਨੂੰ ਸਜਾ ਲਗਾਈ ਗਈ। ਦਰਅਸਲ ਜਦੋਂ ਜਥੇਦਾਰ ਸਾਹਿਬ ਆਗੂਆਂ ਨੂੰ ਸਜਾ ਦਾ ਐਲਾਨ ਕਰ ਰਹੇ ਸਨ ਤਾਂ ਉਸ ਵੇਲੇ ਜਥੇਦਾਰ ਸਾਹਿਬ ਨੇ ਅਕਾਲੀ ਦਲ ਦੇ ਵਰਕਰਾਂ ਨੂੰ 1 ਲੱਖ 25 ਹਜ਼ਾਰ ਬੂਟੇ ਲਾਉਣ ਲਈ ਆਖਿਆ। ਇਨ੍ਹਾਂ ਹੀ ਨਹੀਂ ਜਥੇਦਾਰ ਸਾਹਿਬ ਨੇ ਇਹ ਵੀ ਆਖਿਆ ਕਿ ਵਰਕਰ ਨਾ ਸਿਰਫ ਇਹ ਬੂਟੇ ਲਗਾਉਣਗੇ ਸਗੋਂ ਉਨ੍ਹਾਂ ਦਾ ਪਾਲਣ-ਪੋਸ਼ਣ ਵੀ ਕਰਨਗੇ। ਬੂਟੇ ਲਗਾਉਣ ਦੀ ਇਸ ਮੁਹਿੰਮ ਲਈ ਸਮੇਂ ਦਾ ਵੀ ਬਕਾਇਦਾ ਤੌਰ 'ਤੇ ਜਥੇਦਾਰ ਸਾਹਿਬ ਵਲੋਂ



ਐਲਾਨ ਕੀਤਾ ਗਿਆ। ਜਥੇਦਾਰ ਸਾਹਿਬ ਨੇ ਕਿਹਾ ਕਿ ਬੂਟੇ ਲਗਾਉਣ ਦਾ ਕੰਮ 1 ਮਾਰਚ ਤੋਂ ਅਰੰਭਿਆ ਜਾਵੇ, ਜੋਕਿ 30 ਅਪ੍ਰੈਲ ਤਕ ਚੱਲੇਗਾ। ਇਸ ਸਮੇਂ ਦੌਰਾਨ ਹੀ ਵਰਕਰਾਂ ਨੂੰ 1 ਲੱਖ 25 ਹਜ਼ਾਰ ਬੂਟੇ ਲਗਾ ਕੇ ਉਨ੍ਹਾਂ ਦਾ ਪਾਲਣ-ਪੋਸ਼ਣ ਕਰਨਾ ਹੋਵੇਗਾ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗੁਰਬਚਨ ਸਿੰਘ ਨੂੰ ਲੈ ਕੇ ਸਖ਼ਤ ਫ਼ੈਸਲਾ



ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕੀਤੀ ਗਈ। ਇਸ ਦੌਰਾਨ ਸਿੰਘ ਸਾਹਿਬਾਨ ਵੱਲੋਂ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਆਗੂਆਂ ਨੂੰ ਪੰਥਕ ਸਜ਼ਾ ਸੁਣਾਈ ਹੈ। ਇਸ ਤੋਂ ਇਲਾਵਾ ਸਾਰਿਆਂ ਦੇ ਗ.ਲਾਂ ਵਿੱਚ ਤਖ਼ਤੀ ਵੀ ਪਾਈ ਗਈ। ਉਥੇ ਹੀ ਇਸ ਮੌਕੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਫਖ਼ਰ-ਏ-ਕੌਮ ਖਿਤਾਬ ਵਾਪਸ ਲਏ ਜਾਣ ਦਾ ਵੀ ਐਲਾਨ ਕੀਤਾ ਗਿਆ ਹੈ। ਇਸ ਦੇ ਇਲਾਵਾ ਸੁਖਬੀਰ ਸਿੰਘ ਬਾਦਲ ਦਾ ਅਸਤੀਫ਼ਾ ਤਿੰਨ ਦਿਨਾਂ ਵਿੱਚ ਮਨਜ਼ੂਰ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਉਥੇ ਹੀ ਗਿਆਨੀ ਰਘਬੀਰ ਸਿੰਘ ਨੇ ਸਾਬਕਾ ਜਥਦੇਰਾ ਗਿਆਨੀ ਗੁਰਬਚਨ ਸਿੰਘ ਨੂੰ ਲੈ ਕੇ ਵੀ ਵੱਡਾ ਫ਼ੈਸਲਾ ਲਿਆ ਹੈ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਨੂੰ ਦਿੱਤੀਆਂ ਗਈਆਂ ਸਾਰੀਆਂ ਸਹੂਲਤਾਂ ਵਾਪਸ ਲਈਆਂ ਜਾਣ ਅਤੇ ਉਨ੍ਹਾਂ ਦੇ ਜਨਤਕ ਸਮਾਗਮਾਂ 'ਤੇ ਬੋਲਣ 'ਤੇ ਵੀ ਰੋਕ ਲਗਾਈ ਜਾਂਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਿੰਘ ਸਾਹਿਬਾਨਾਂ ਵੱਲੋਂ SGPC ਨੂੰ ਆਦੇਸ਼ ਦਿੱਤੇ ਗਏ ਹਨ। ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਸਿੰਘ ਬਾਦਲ ਸਣੇ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਅਤੇ ਸਾਲ 2015 ਵਿੱਚ ਜੋ ਆਗੂ ਕੈਬਨਿਟ ਮੈਂਬਰ ਰਹੇ ਹਨ, ਉਨ੍ਹਾਂ ਲਈ ਵੀ ਸਜ਼ਾ ਲਗਾਈ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਜਿਨ੍ਹਾਂ ਨੇ ਸੁਖਬੀਰ ਸਿੰਘ ਦੇ ਨਾਲ ਆਪਣੇ ਗੁਨਾਹ ਕਬੂਲ ਕੀਤੇ ਹਨ, ਉਨ੍ਹਾਂ ਵਿੱਚ ਸੁਖਦੇਵ ਸਿੰਘ ਢੀਂਡਸਾ, ਸੁੱਚਾ ਸਿੰਘ ਲੰਗਾਹ, ਹੀਰਾ ਸਿੰਘ, ਬਲਵਿੰਦਰ ਸਿੰਘ ਭੂੰਦੜ, ਦਲਜੀਤ ਸਿੰਘ ਚੀਮਾ, ਗੁਲਜ਼ਾਰ ਸਿੰਘ ਰਣੀਕੇ ਸ਼ਾਮਲ ਹਨ।



## ਤੁਰੰਤ ਬਦਲੇ ਜਾਣ ਹੈੱਡ ਗ੍ਰੰਥੀ ਗੁਰਮੁਖ ਸਿੰਘ, ਸਿੰਘ ਸਾਹਿਬਾਨ ਦਾ ਹੁਕਮ

ਸ੍ਰੀ ਅਕਾਲ ਤਖ਼ਤ ਵਿਖੇ ਤਨਖ਼ਾਹੀਆ ਕਰਾਰ ਦਿੱਤੇ ਗਏ ਸੁਖਬੀਰ ਸਿੰਘ ਬਾਦਲ ਦੇ ਮਾਮਲੇ ਨੂੰ ਲੈ ਕੇ ਪੰਜ ਸਿੰਘ ਸਾਹਿਬਾਨ ਦੀ ਅੱਜ ਇਕੱਤਰਤਾ ਕੀਤੀ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਸੁਖਬੀਰ ਬਾਦਲ ਸਣੇ ਸ਼੍ਰੋਮਣੀ ਅਕਾਲੀ ਦਲ ਦੇ ਹੋਰ ਆਗੂਆਂ ਖ਼ਿਲਾਫ਼ ਵੱਡਾ ਫ਼ੈਸਲਾ ਸੁਣਾਇਆ ਗਿਆ ਹੈ। ਉਥੇ ਹੀ ਇਸ ਮੌਕੇ ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ ਬਾਰੇ ਟਿੱਪਣੀ ਕਰਦੇ ਸਿੰਘ ਸਾਹਿਬਾਨਾਂ ਨੇ ਕਿਹਾ ਕਿ ਗਿਆਨੀ ਗੁਰਮੁਖ ਸਿੰਘ ਦੀ ਨਿਯੁਕਤੀ ਅੰਮ੍ਰਿਤਸਰ ਸਾਹਿਬ ਤੋਂ ਕਿਤੇ ਬਾਹਰ ਕੀਤੀ ਜਾਵੇ। ਜਨਤਕ ਸਮਾਗਮਾਂ ਵਿਚ



ਬੋਲਣ ਨੂੰ ਲੈ ਕੇ ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ 'ਤੇ ਰੋਕ ਲਾਈ ਜਾਂਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਿੰਘ ਸਾਹਿਬਾਨਾਂ ਵੱਲੋਂ SGPC ਨੂੰ ਆਦੇਸ਼ ਦਿੱਤੇ ਗਏ ਹਨ। ਇਹ ਫ਼ੈਸਲਾ ਕੱਲ੍ਹ ਭਾਵ 3 ਦਸੰਬਰ ਦੁਪਹਿਰ 12 ਵਜੇ ਤੱਕ ਲਾਗੂ ਕੀਤਾ ਜਾਵੇ। ਜਦੋਂ ਤੱਕ ਉਹ ਇਸੇ ਤਰੀਕੇ ਨਾਲ ਆ ਕੇ ਮੁਆਫ਼ੀ ਨਹੀਂ ਮੰਗਦੇ, ਉਦੋਂ ਤੱਕ ਉਨ੍ਹਾਂ ਦੀ ਨਿਯੁਕਤੀ ਅੰਮ੍ਰਿਤਸਰ ਸਾਹਿਬ ਤੋਂ ਬਾਹਰ ਹੀ ਕੀਤੀ ਜਾਵੇਗੀ।

## ਦਾੜ੍ਹੀ ਰੰਗਣ ਤੇ ਕੱਟਣ ਕਰਕੇ ਮਨਪ੍ਰੀਤ ਬਾਦਲ ਤੇ ਮਨਜਿੰਦਰ ਸਿਰਸਾ ਨੂੰ ਕੀਤਾ ਗਿਆ ਬਾਹਰ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਆਗੂਆਂ ਨੂੰ ਸੋਮਵਾਰ ਧਾਰਮਿਕ ਸਜ਼ਾ ਸੁਣਾਈ ਗਈ। ਇਸ ਸਜ਼ਾ ਦੇ ਐਲਾਨ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਜਥੇਦਾਰ ਸਾਹਿਬਾਨ ਨੇ ਆਖਿਆ ਕਿ ਜਿਹੜਾ ਵੀ ਆਗੂ ਦਾੜ੍ਹੀ ਰੰਗਦਾ ਹੈ ਜਾਂ ਕੱਟਦਾ ਹੈ ਉਹ ਬਾਹਰ ਚਲਾ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਦੇਸ਼ ਆਉਣ ਤੋਂ ਬਾਅਦ ਮਨਪ੍ਰੀਤ ਸਿੰਘ ਬਾਦਲ ਅਤੇ ਮਨਜਿੰਦਰ ਸਿੰਘ ਸਿਰਸਾ ਤੁਰੰਤ ਬਾਹਰ ਚਲੇ ਗਏ। ਇਥੇ ਇਹ ਵੀ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਧਾਰਮਿਕ ਸਜ਼ਾ ਦੀ ਪੂਰੀ ਕਾਰਵਾਈ ਦੌਰਾਨ ਇਕ ਵਾਰ ਵੀ ਮਨਪ੍ਰੀਤ ਬਾਦਲ ਅਤੇ ਮਨਜਿੰਦਰ ਸਿੰਘ ਸਿਰਸਾ ਦਾ ਜ਼ਿਕਰ ਤਕ ਨਹੀਂ ਕੀਤਾ ਗਿਆ। ਹਾਲਾਂਕਿ ਇਸ ਐਲਾਨ ਦੌਰਾਨ ਜਥੇਦਾਰ ਸਾਹਿਬ ਨੇ ਇਹ ਜ਼ਰੂਰ ਆਖਿਆ ਕਿ ਜਿਹੜਾ ਵੀ ਆਗੂ ਦਾੜ੍ਹੀ ਕੱਟਦਾ ਜਾਂ ਰੰਗਦਾ ਹੈ ਸਪੱਸ਼ਟੀਕਰਨ ਜ਼ਰੂਰ ਦੇਵੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 3 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਇਕ ਹੋਰ ਥਾਣੇ 'ਚ ਬੰਬ ! ਅੰਮ੍ਰਿਤਸਰ ਮਗਰੋਂ ਹੁਣ ਪੰਜਾਬ ਦੇ ਇਸ ਇਲਾਕੇ 'ਚ ਹੋਈ ਪੁਲਸ ਹੀ ਪੁਲਸ

**ਨਵਾਂਸ਼ਹਿਰ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ 'ਚੇ ਪੁਲਸ ਚੌਂਕੀ ਦੇ ਬਾਹਰ ਹੋਏ ਧਮਾਕੇ ਦਾ ਮਾਮਲਾ ਹਾਲੇ ਠੰਡਾ ਨਹੀਂ ਹੋਇਆ ਕਿ ਪੰਜਾਬ ਦੀ ਇਕ ਹੋਰ ਪੁਲਸ ਚੌਂਕੀ ਦੇ ਕੋਲ ਬੰਬਨੁਮਾ ਚੀਜ਼ ਮਿਲਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਇਸ ਖ਼ਬਰ ਦੇ ਸਾਹਮਣੇ ਆਉਂਦਿਆਂ ਹੀ ਪੂਰੇ ਇਲਾਕੇ ਦੇ ਲੋਕਾਂ ਦੇ ਮਨਾਂ 'ਚ ਦਹਿਸ਼ਤ ਦਾ ਮਾਹੌਲ ਹੈ। ਤਾਜ਼ਾ ਮਾਮਲਾ ਨਵਾਂਸ਼ਹਿਰ ਜ਼ਿਲ੍ਹੇ ਦੇ ਕਾਠਗੜ੍ਹ ਇਲਾਕੇ ਦਾ ਹੈ, ਜਿੱਥੋਂ ਦੇ ਪੁਲਸ ਥਾਣੇ ਨੇੜੇ ਇਕ ਸ਼ੱਕੀ ਚੀਜ਼ ਮਿਲੀ ਹੈ। ਇਹ ਘਟਨਾ ਤੜਕੇ ਕਰੀਬ 3 ਵਜੇ ਦੀ ਹੈ, ਜਿਸ ਦੀ ਜਾਣਕਾਰੀ ਮਿਲਦਿਆਂ ਹੀ ਐੱਸ.ਐੱਸ.ਪੀ. ਨਵਾਂਸ਼ਹਿਰ ਮਹਿਤਾਬ ਸਿੰਘ, ਡੀ.ਐੱਸ.ਪੀ.(ਡੀ) ਨਵਾਂਸ਼ਹਿਰ ਡਾ.ਮੁਕੇਸ਼ ਕੁਮਾਰ, ਡੀ.ਐੱਸ.ਪੀ. ਬਲਾਚੌਰ ਸ਼ਾਮ ਸੁੰਦਰ ਸ਼ਰਮਾ, ਐੱਸ.ਐੱਚ.ਓ. ਕਾਠਗੜ੍ਹ ਰਣਜੀਤ ਸਿੰਘ ਬੰਬ ਡਿਸਪੋਜ਼ਲ ਸਕੁਆਡ ਸਮੇਤ ਮੌਕੇ 'ਤੇ ਪਹੁੰਚੇ। ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਕਿਹਾ ਕਿ ਉਹ ਸਵੇਰ ਸਮੇਂ ਤੋਂ ਹੀ ਪੁਲਸ ਥਾਣੇ ਵਿਖੇ ਪਹੁੰਚੇ ਹੋਏ ਹਨ ਤੇ ਇਸ ਮਾਮਲੇ ਦੀ ਪੂਰੀ ਡੂੰਘਾਈ ਨਾਲ ਜਾਂਚ ਕਰ ਰਹੇ ਹਨ। ਹਾਲਾਂਕਿ ਸੂਤਰਾਂ ਮੁਤਾਬਕ ਉੱਥੇ ਬੰਬ ਵਰਗੀ ਸ਼ੱਕੀ ਵਸਤੂ ਤਾਂ ਮਿਲੀ ਹੈ, ਪਰ ਫ਼ਿਲਹਾਲ ਪੁਲਸ ਅਧਿਕਾਰੀਆਂ ਨੇ ਇਸ ਬਾਰੇ ਕੋਈ ਵੀ ਬਿਆਨ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ 'ਚੋਂ ਇਕ ਪੁਲਸ ਥਾਣੇ ਦੇ ਬਾਹਰੋਂ ਸ਼ੱਕੀ ਵਸਤੂ ਬਰਾਮਦ ਹੋਈ ਸੀ, ਜਦਕਿ ਉਸ ਮਗਰੋਂ ਅੰਮ੍ਰਿਤਸਰ ਦੇ ਹੀ ਗੁਰਬਖ਼ਸ਼ ਨਗਰ ਪੁਲਸ ਚੌਂਕੀ ਦੇ ਬਾਹਰ ਧਮਾਕਾ ਵੀ ਹੋ ਗਿਆ ਸੀ। ਇਸ ਕਾਰਨ ਹੁਣ ਜਦੋਂ ਇਹ ਤਾਜ਼ਾ ਮਾਮਲਾ ਸਾਹਮਣੇ ਆਇਆ ਹੈ ਤਾਂ ਲੋਕਾਂ ਦੇ ਮਨਾਂ 'ਚ ਡਰ ਨੇ ਘਰ ਕਰ ਲਿਆ ਹੈ ਕਿ ਕਿਤੇ ਕੋਈ ਵੱਡਾ ਹਾਦਸਾ ਨਾ ਵਾਪਰ ਜਾਵੇ।

## ਸੂਬੇ 'ਚ ਦਾਖਲ ਹੋਣ ਲਈ ਲਾ ਦਿੱਤੀਆਂ ਸ਼ਰਤਾਂ

# ਕਿਸਾਨਾਂ ਦੇ ਦਿੱਲੀ ਕੂਚ ਤੋਂ ਪਹਿਲਾਂ ਹਰਿਆਣਾ ਸਰਕਾਰ ਦਾ ਐਕਸ਼ਨ !

**ਚੰਡੀਗੜ੍ਹ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਕੂਚ ਦੌਰਾਨ ਕਿਸਾਨਾਂ ਦਾ ਹਰਿਆਣਾ ਸਰਕਾਰ ਨਾਲ ਪੰਗਾ ਪੈ ਸਕਦਾ ਹੈ। ਪੰਜਾਬ ਦੇ ਕਿਸਾਨਾਂ ਨੇ 6 ਦਸੰਬਰ ਨੂੰ ਸ਼ੰਭੂ ਤੇ ਖਨੌਰੀ ਸਰਹੱਦ ਤੋਂ ਪੈਦਲ ਦਿੱਲੀ ਵੱਲ ਮਾਰਚ ਕਰਨ ਦੀ ਤਿਆਰੀ ਖਿੱਚ ਲਈ ਹੈ। ਇਸ ਨੂੰ ਲੈ ਕੇ ਹਰਿਆਣਾ ਸਰਕਾਰ ਵੀ ਚੌਕਸ ਹੋ ਗਈ ਹੈ। ਹਰਿਆਣਾ ਪੁਲਿਸ ਦੇ ਇੱਕ ਸੀਨੀਅਰ ਅਧਿਕਾਰੀ ਅਨੁਸਾਰ ਕਿਸਾਨਾਂ ਨੂੰ ਹਰਿਆਣਾ ਵਿੱਚ ਉਦੋਂ ਹੀ ਦਾਖ਼ਲਾ ਦਿੱਤਾ ਜਾਵੇਗਾ ਜਦੋਂ ਉਹ ਦਿੱਲੀ ਜਾਣ ਦੀ ਇਜਾਜ਼ਤ ਦਿਖਾਉਣਗੇ। ਉਨ੍ਹਾਂ ਨੂੰ ਦੱਸਣਾ ਹੋਵੇਗਾ ਕਿ ਉਹ ਦਿੱਲੀ ਵਿੱਚ ਕਿੱਥੇ ਵਿਰੋਧ ਪ੍ਰਦਰਸ਼ਨ ਕਰਨਗੇ। ਕਿਸਾਨਾਂ ਨੂੰ ਲਿਖਤੀ ਤੌਰ 'ਤੇ ਇਹ ਵੀ ਦੇਣਾ ਹੋਵੇਗਾ ਕਿ ਉਹ ਰਾਤ ਦੇ ਠਹਿਰਾਅ ਦੌਰਾਨ ਪੱਕਾ ਧਰਨਾ ਨਹੀਂ ਲਾਉਣਗੇ। ਇਨ੍ਹਾਂ ਸਾਰੇ ਨੁਕਤਿਆਂ 'ਤੇ ਵਿਚਾਰ ਕਰਨ ਲਈ ਹਰਿਆਣਾ ਪੁਲਿਸ ਨੇ ਸ਼ੰਭੂ ਤੇ ਖਨੌਰੀ ਸਰਹੱਦ 'ਤੇ ਬੈਠੇ ਕਿਸਾਨਾਂ ਨਾਲ ਮੀਟਿੰਗ ਬੁਲਾਈ ਹੈ। ਇਹ ਮੀਟਿੰਗ ਸ਼ਾਮ 4:30 ਵਜੇ ਅੰਬਾਲਾ ਵਿੱਚ ਹੋਵੇਗੀ। ਮੀਟਿੰਗ ਦਾ ਸੱਦਾ ਅੰਬਾਲਾ ਦੇ ਐਸਪੀ ਵੱਲੋਂ ਭੇਜਿਆ ਗਿਆ ਹੈ। ਜੇਕਰ ਕਿਸਾਨ ਤੇ ਪੁਲਿਸ ਸਹਿਮਤ ਹੁੰਦੇ ਹਨ ਤਾਂ ਉਨ੍ਹਾਂ ਨੂੰ ਦਿੱਲੀ ਪਹੁੰਚਣ ਲਈ ਹਰਿਆਣਾ ਦੇ ਰਸਤੇ ਵਰਤਣ ਦੀ ਇਜਾਜ਼ਤ ਦਿੱਤੀ ਜਾਵੇਗੀ। ਹਾਸਲ ਜਾਣਕਾਰੀ ਮੁਤਾਬਕ ਹਰਿਆਣਾ-ਪੰਜਾਬ ਦੀ ਖਨੌਰੀ ਤੇ ਸ਼ੰਭੂ ਸਰਹੱਦ 'ਤੇ ਪੁਲਿਸ ਨੇ ਗਸ਼ਤ ਵਧਾ ਦਿੱਤੀ ਹੈ। ਸਰਹੱਦਾਂ 'ਤੇ 24 ਘੰਟੇ ਨਜ਼ਰ ਰੱਖਣ ਲਈ ਪੁਲਿਸ ਮੁਲਾਜ਼ਮਾਂ ਦੀ ਵਿਸ਼ੇਸ਼ ਡਿਊਟੀ ਲਾਈ ਗਈ ਹੈ। ਡਿਊਟੀ 'ਤੇ ਤਾਇਨਾਤ ਮੁਲਾਜ਼ਮਾਂ ਨੂੰ ਪੰਜਾਬ ਤੋਂ ਆਉਣ ਵਾਲੇ ਹਰ ਵਾਹਨ ਦੀ ਚੰਗੀ ਤਰ੍ਹਾਂ ਚੈਕਿੰਗ ਕਰਨ ਦੀਆਂ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ। ਇਸ ਦੇ ਨਾਲ ਹੀ ਟਰੈਕਟਰਾਂ ਦੇ ਦਾਖਲੇ 'ਤੇ



ਵੀ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਹੈ। ਇਸ ਦੇ ਨਾਲ ਹੀ ਅੰਬਾਲਾ ਸਮੇਤ ਜੀਟੀ ਰੋਡ 'ਤੇ ਪੈਂਦੇ ਜ਼ਿਲ੍ਹਿਆਂ ਤੇ ਦਿੱਲੀ ਦੀ ਸਰਹੱਦ ਨਾਲ ਲੱਗਦੇ ਜ਼ਿਲ੍ਹਿਆਂ ਦੀ ਪੁਲਿਸ ਨੂੰ ਅਲਰਟ ਮੋਡ 'ਤੇ ਰੱਖਿਆ ਗਿਆ ਹੈ। ਕਿਸਾਨਾਂ ਦੇ ਦਿੱਲੀ ਮਾਰਚ ਨੂੰ ਲੈ ਕੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਵਾਧੂ ਪੁਲਿਸ ਤਾਇਨਾਤ ਕੀਤੀ ਜਾ ਰਹੀ ਹੈ। ਹਰਿਆਣਾ ਦੇ ਐਕਸਪ੍ਰੈਸ ਵੇਅ ਸਮੇਤ ਦਿੱਲੀ ਨੂੰ ਜਾਣ ਵਾਲੀਆਂ ਸਰਹੱਦਾਂ 'ਤੇ ਚੈਕਿੰਗ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ। ਟ੍ਰੈਫਿਕ ਦਬਾਅ ਵਧਣ ਦੇ ਮਾਮਲੇ ਵਿੱਚ, ਪੁਲਿਸ ਨੇ ਇੱਕ ਰੂਟ ਡਾਇਵਰਸ਼ਨ ਯੋਜਨਾ ਲਾਗੂ ਕੀਤੀ ਹੈ। ਪੁਲਿਸ ਨੇ ਲੋਕਾਂ ਨੂੰ ਬਦਲਵੇਂ ਰਸਤਿਆਂ ਤੇ ਮੈਟਰੋ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਹੈ। ਟ੍ਰੈਫਿਕ ਪੁਲਿਸ ਅਨੁਸਾਰ ਯਮੁਨਾ ਐਕਸਪ੍ਰੈਸ ਵੇਅ ਤੋਂ ਦਿੱਲੀ ਵਾਇਆ ਨੋਇਡਾ-ਗ੍ਰੇਟਰ ਨੋਇਡਾ ਐਕਸਪ੍ਰੈਸਵੇਅ ਤੇ ਸਿਰਸਾ ਤੋਂ ਸੂਰਜਪੁਰ ਵਾਇਆ ਪਰੀ ਚੌਂਕ ਦੇ ਰਸਤੇ 'ਤੇ ਹਰ ਤਰ੍ਹਾਂ ਦੇ ਮਾਲ ਵਾਹਨਾਂ ਦੇ ਆਉਣ 'ਤੇ ਪਾਬੰਦੀ ਹੋਵੇਗੀ। ਇਸ ਦੌਰਾਨ ਕਿਸਾਨ ਆਗੂ ਸਰਵਨ ਪੰਧੇਰ ਨੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨਾਂ ਦੇ ਦਿੱਲੀ ਮਾਰਚ ਨੂੰ ਲੈ ਕੇ ਯੂ-ਟਰਨ ਲੈ ਰਹੀ ਹੈ। ਭਾਜਪਾ ਦੇ ਕਈ ਬੁਲਾਰੇ ਕਹਿ ਰਹੇ ਹਨ ਕਿ ਮੇਜ਼ 'ਤੇ ਬੈਠਣਾ ਚਾਹੀਦਾ ਹੈ। ਕੇਂਦਰ ਨੇ 18 ਫਰਵਰੀ ਤੋਂ ਗੱਲਬਾਤ ਤੋੜ ਦਿੱਤੀ ਹੈ। ਗੱਲਬਾਤ ਲਈ ਸਾਡੇ ਦਰਵਾਜ਼ੇ ਖੁੱਲ੍ਹੇ ਹਨ। ਜਦਕਿ ਹਰਿਆਣਾ ਦੇ ਸੀਐਮ ਨਾਇਬ ਸੈਣੀ ਨੇ ਕਿਹਾ ਹੈ ਕਿ ਪੰਜਾਬ 'ਚ ਧਰਨੇ ਲਾਏ ਜਾਣੇ ਚਾਹੀਦੇ ਹਨ। ਕਾਂਗਰਸ ਦੀ ਜੋ ਸਰਕਾਰ ਐਮਐਸਪੀ ਨਹੀਂ ਦੇ ਰਹੀ, ਧਰਨਾ ਉੱਥੇ ਲਾਇਆ ਜਾਣਾ ਚਾਹੀਦਾ ਹੈ। ਅਸੀਂ ਤਾਂ MSP ਦੇ ਰਹੇ ਹਾਂ। ਕਾਂਗਰਸ ਨੇ ਐਮਐਸਪੀ ਨੂੰ ਬੰਦ ਕਰਨ ਬਾਰੇ ਝੂਠ ਫੈਲਾਇਆ ਸੀ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਮਐਸਪੀ ਵਧਾ ਕੇ ਜਵਾਬ ਦੇ ਦਿੱਤਾ ਹੈ।

## ਚੰਡੀਗੜ੍ਹ ਆ ਰਹੇ ਪੀਐਮ ਮੋਦੀ ਨੂੰ ਘੇਰ ਲਓ...ਗੁਰਪਤਵੰਤ ਸਿੰਘ ਪਨੂੰ ਨੇ ਕੀਤਾ ਵੱਡਾ ਐਲਾਨ, ਸੁਰੱਖਿਆ ਏਜੰਸੀਆਂ ਅਲਰਟ




**ਨਵੀਂ ਦਿੱਲੀ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਪੱਖੀ ਸੰਗਠਨ ਸਿੱਖ ਫਾਰ ਜਸਟਿਸ (SFJ) ਨੇ ਕਿਸਾਨਾਂ ਨੂੰ ਸੱਦਾ ਦਿੱਤਾ ਹੈ ਕਿ 3 ਦਸੰਬਰ ਨੂੰ ਪੰਜਾਬ ਇੰਜੀਨੀਅਰਿੰਗ ਕਾਲਜ ਦੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਘਿਰਾਓ ਕਰੋ। ਕਿਸਾਨ ਅੰਦਲੋਨ ਦੀ ਹਮਾਇਤ ਕਰਦਿਆਂ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਪ੍ਰਧਾਨ ਮੰਤਰੀ ਮੋਦੀ 'ਤੇ ਨਿਸ਼ਾਨਾ ਸਾਧਿਆ ਹੈ। ਗ੍ਰਹਿ ਮੰਤਰੀ ਅਮਿਤ ਸ਼ਾਹ ਪ੍ਰਧਾਨ ਮੰਤਰੀ ਤੋਂ ਇੱਕ ਦਿਨ ਪਹਿਲਾਂ ਯਾਨੀ ਅੱਜ ਰਾਤ ਚੰਡੀਗੜ੍ਹ ਪਹੁੰਚ ਰਹੇ ਹਨ। ਇਸ ਲਈ ਸੁਰੱਖਿਆ ਏਜੰਸੀਆਂ ਅਲਰਟ ਹੋ ਗਈਆਂ ਹਨ। ਦੱਸ ਦਈਏ ਕਿ ਪੰਜਾਬ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ 'ਕਰੋ ਜਾਂ ਮਰੋ' ਵਾਲੀ ਸਥਿਤੀ ਦੱਸਦਿਆਂ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਹੈ ਕਿ ਸਾਂਝਾ ਕਿਸਾਨ ਮੋਰਚਾ (ਐਸਕੇਐਮ) ਤੇ ਹੋਰ ਕਿਸਾਨ ਜਥੇਬੰਦੀਆਂ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ 1980 ਤੋਂ ਚੱਲਿਆ ਆ ਰਿਹਾ ਇਹ ਅੰਦੋਲਨ ਅਜੇ ਤੱਕ ਕਿਸੇ ਨਤੀਜੇ 'ਤੇ ਨਹੀਂ ਪਹੁੰਚ ਸਕਿਆ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਦਾਅਵਾ ਕੀਤਾ ਕਿ ਹੁਣ ਪੰਜਾਬ ਦੇ ਕਿਸਾਨਾਂ ਕੋਲ ਖਾਲਿਸਤਾਨ ਦੀ ਲੜਾਈ ਵਿੱਚ ਸ਼ਾਮਲ ਹੋਣ ਦਾ ਇੱਕੋ ਇੱਕ ਵਿਕਲਪ ਬਚਿਆ ਹੈ। ਭਾਈ ਪੰਨੂ ਨੇ ਆਪਣੀ ਵੀਡੀਓ 'ਚ ਕਿਹਾ- ਪ੍ਰਧਾਨ ਮੰਤਰੀ ਨਰਿੰਦਰ ਮੋਦੀ 3 ਦਸੰਬਰ ਨੂੰ ਪੰਜਾਬ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਆ ਰਹੇ ਹਨ। ਹਰਿਆਣਾ ਦੇ ਬਾਰਡਰਾਂ ਤੋਂ ਉੱਠੋ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਘੇਰੋ। ਮੋਦੀ ਦਾ ਸਿਆਸੀ ਸਫ਼ਰ ਇਸੇ ਥਾਂ ਤੋਂ ਸ਼ੁਰੂ ਹੋਇਆ ਸੀ ਤੇ ਇਸੇ ਥਾਂ ਖ਼ਤਮ ਵੀ ਹੋਵੇਗਾ। ਕਿਲ ਮੋਦੀ ਪੌਲੀਟਿਕਸ ਦੇ ਨਾਅਰੇ ਨਾਲ ਪੰਜਾਬ ਇੰਜੀਨੀਅਰਿੰਗ ਕਾਲਜ ਪਹੁੰਚੋ। ਹੱਕ ਲੈਣਾ ਪੈਂਦਾ ਹੈ, ਮੰਗ ਕੇ ਕੁਝ ਨਹੀਂ ਮਿਲਦਾ। ਹੱਥਾਂ ਵਿੱਚ ਤਾਕਤ ਚਾਹੀਦੀ ਹੈ। ਕਿਸਾਨਾਂ ਦਾ ਇਹ ਕਦਮ ਨਰਿੰਦਰ ਮੋਦੀ ਦੀ ਸਿਆਸੀ ਮੌਤ ਦੀ ਸ਼ੁਰੂਆਤ ਹੋਵੇਗਾ। ਪੰਜਾਬ ਦੀ ਆਜ਼ਾਦੀ ਹੀ ਇੱਕੋ ਇੱਕ ਹੱਲ ਹੈ। ਨਾ ਮੋਦੀ ਹਿੰਦੂ, ਨਾ ਹਿੰਦੀ, ਨਾ ਹਿੰਦੁਸਤਾਨ, ਚੰਡੀਗੜ੍ਹ ਬਣੇਗਾ ਖਾਲਿਸਤਾਨ। ਦਰਅਸਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਦੁਪਹਿਰ ਕਰੀਬ 11.30 ਵਜੇ ਚੰਡੀਗੜ੍ਹ ਪਹੁੰਚਣਗੇ ਪਰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਇੱਕ ਦਿਨ ਪਹਿਲਾਂ ਅੱਜ ਹੀ ਚੰਡੀਗੜ੍ਹ ਪਹੁੰਚ ਰਹੇ ਹਨ। ਉਹ ਰਾਤ 9.30 ਵਜੇ ਪੰਜਾਬ ਰਾਜ ਭਵਨ ਪਹੁੰਚਣਗੇ ਜਿੱਥੇ ਉਹ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਵੀ ਮੁਲਾਕਾਤ ਕਰਨਗੇ।

## ਕੈਨੇਡਾ 'ਚ ਲੱਖਾਂ ਵਿਦਿਆਰਥੀਆਂ ਲਈ ਸੰਕਟ ਬਣਕੇ ਆਏਗਾ 'ਨਵਾਂ ਸਾਲ'

**ਨਵੀਂ ਦਿੱਲੀ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਕੈਨੇਡਾ ਦੇ ਰਿਸ਼ਤਿਆਂ ਵਿਚਾਲੇ ਇਸ ਸਮੇਂ ਤਣਾਅਪੂਰਨ ਮਾਹੌਲ ਬਣਿਆ ਹੋਇਆ ਹੈ। ਇਸ ਵਿਚਾਲੇ ਵੱਡੀ ਖਬਰ ਸਾਹਮਣੇ ਆ ਰਹੀ ਹੈ। ਦਰਅਸਲ, ਕੈਨੇਡਾ ਵਿੱਚ ਜਸਟਿਨ ਟਰੂਡੋ ਦੀ ਸਰਕਾਰ ਵੱਲੋਂ ਪ੍ਰਵਾਸੀਆਂ ਲਈ ਸਖ਼ਤੀ ਦਿਖਾਈ ਜਾ ਰਹੀ ਹੈ। ਦੇਸ਼ ਵਿੱਚ ਵਿਦੇਸ਼ੀ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ ਵਿੱਚ ਹੈ। ਕਰੀਬ 7 ਲੱਖ ਵਿਦੇਸ਼ੀ ਵਿਦਿਆਰਥੀਆਂ ਉੱਪਰ ਸੰਕਟ ਦੇ ਬੱਦਲ ਮੰਡਰਾ ਰਹੇ ਹਨ। ਅਸਲ 'ਚ, ਕੈਨੇਡਾ ਵਿੱਚ 2025 ਦੇ ਅੰਤ ਤੱਕ ਲਗਭਗ 5 ਮਿਲੀਅਨ ਅਸਥਾਈ ਪਰਮਿਟਾਂ ਦੀ ਮਿਆਦ ਖਤਮ ਹੋਣ ਜਾ ਰਹੀ ਹੈ। ਅਜਿਹੀ ਸਥਿਤੀ ਵਿੱਚ, ਕੈਨੇਡੀਅਨ ਇਮੀਗ੍ਰੇਸ਼ਨ ਅਧਿਕਾਰੀਆਂ ਨੂੰ ਉਮੀਦ ਹੈ ਕਿ ਪਰਮਿਟ ਦੀ ਮਿਆਦ ਖਤਮ ਹੋਣ ਤੋਂ ਬਾਅਦ ਜ਼ਿਆਦਾਤਰ ਪ੍ਰਵਾਸੀ ਵਿਦਿਆਰਥੀ ਕੈਨੇਡਾ ਛੱਡ ਜਾਣਗੇ। ਕੈਨੇਡੀਅਨ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਪਿਛਲੇ ਹਫ਼ਤੇ ਦੀ ਸ਼ੁਰੂਆਤ ਵਿੱਚ ਇਹ ਜਾਣਕਾਰੀ ਦਿੱਤੀ ਹੈ। ਇਨ੍ਹਾਂ 50 ਲੱਖ ਪਰਮਿਟਾਂ ਵਿੱਚੋਂ 7 ਲੱਖ ਪਰਮਿਟ ਵਿਦੇਸ਼ੀ ਵਿਦਿਆਰਥੀਆਂ ਦੇ ਹਨ। ਇਨ੍ਹਾਂ ਵਿਦਿਆਰਥੀਆਂ ਨੂੰ ਹਾਲ ਹੀ ਵਿੱਚ ਟਰੂਡੋ ਸਰਕਾਰ ਦੀਆਂ ਪਰਵਾਸੀ ਵਿਰੋਧੀ ਨੀਤੀਆਂ ਕਾਰਨ ਚੁਣੌਤੀਆਂ




ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਸ ਦੇਈਏ ਕਿ ਕੈਨੇਡਾ ਸਰਕਾਰ ਨੇ ਅੰਤਰਰਾਸ਼ਟਰੀ ਵਿਦਿਆਰਥੀ ਪਰਮਿਟਾਂ ਦੀ ਗਿਣਤੀ ਘਟਾਉਣ ਦਾ ਫੈਸਲਾ ਕੀਤਾ ਹੈ। ਸਾਲ 2024 ਵਿੱਚ ਵਿਦਿਆਰਥੀ ਪਰਮਿਟਾਂ ਵਿੱਚ 35 ਫੀਸਦੀ ਦੀ ਕਟੌਤੀ ਕੀਤੀ ਗਈ ਹੈ। ਫਿਰ 2025 ਵਿੱਚ 10 ਫੀਸਦੀ ਦੀ ਹੋਰ ਕਟੌਤੀ ਦਾ ਟੀਚਾ ਰੱਖਿਆ ਗਿਆ ਹੈ। ਇਨ੍ਹਾਂ ਨੀਤੀਗਤ ਤਬਦੀਲੀਆਂ ਦਾ ਉਦੇਸ਼ ਵਿਦਿਆਰਥੀ ਰਿਸੈਪਸ਼ਨ ਅਤੇ ਘਰੇਲੂ ਰਿਹਾਇਸ਼ ਦੀਆਂ ਚੁਣੌਤੀਆਂ ਵਿਚਕਾਰ ਸੰਤੁਲਨ ਬਣਾਈ ਰੱਖਣਾ ਹੈ। ਕੈਨੇਡਾ ਵਿੱਚ ਮਈ 2023 ਤੱਕ 10 ਲੱਖ ਤੋਂ ਵੱਧ ਵਿਦੇਸ਼ੀ ਵਿਦਿਆਰਥੀ ਮੌਜੂਦ ਸਨ। ਜਿਨ੍ਹਾਂ ਵਿੱਚੋਂ 396,235 ਵਿਦਿਆਰਥੀਆਂ ਕੋਲ ਪੋਸਟ ਗ੍ਰੈਜੂਏਸ਼ਨ ਵਰਕ ਪਰਮਿਟ ਹਨ। ਇਹ ਸੰਖਿਆ 2018 ਦੇ ਮੁਕਾਬਲੇ 3 ਗੁਣਾ ਵੱਧ ਹੈ। ਹਾਲਾਂਕਿ, ਵੱਡੀ ਗਿਣਤੀ ਵਿੱਚ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ ਅਗਲੇ ਸਾਲ ਖਤਮ ਹੋਣ ਵਾਲੇ ਹਨ। ਜਿਸ ਕਾਰਨ ਪੱਕੀ ਰਿਹਾਇਸ਼ ਦੀ ਆਸ ਰੱਖਣ ਵਾਲੇ ਵਿਦਿਆਰਥੀਆਂ ਦੀਆਂ ਮੁਸ਼ਿਕਲਾਂ ਵਧ ਰਹੀਆਂ ਹਨ। ਪੰਜਾਬ ਦੇ ਵਿਦਿਆਰਥੀਆਂ ਨੇ ਬਰੈਂਪਟਨ 'ਚ ਨੀਤੀਗਤ ਬਦਲਾਅ ਦੇ ਵਿਰੋਧ 'ਚ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਹ ਤਬਦੀਲੀਆਂ ਉਹਨਾਂ ਦੇ ਕੈਨੇਡਾ ਵਿੱਚ ਰਹਿਣ ਅਤੇ ਸਥਾਈ ਨਿਵਾਸ ਪ੍ਰਾਪਤ ਕਰਨ ਦੀਆਂ ਸੰਭਾਵਨਾਵਾਂ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਦੱਸ ਦੇਈਏ ਕਿ ਵਰਕ ਪਰਮਿਟ ਆਮ ਤੌਰ 'ਤੇ ਨੌਂ ਮਹੀਨਿਆਂ ਤੋਂ ਤਿੰਨ ਸਾਲਾਂ ਲਈ ਜਾਰੀ ਕੀਤੇ ਜਾਂਦੇ ਹਨ। ਇਹ ਡਿਪਲੋਮਾ ਜਾਂ ਡਿਗਰੀ ਵਾਲੇ ਵਿਦੇਸ਼ੀ ਵਿਦਿਆਰਥੀਆਂ ਲਈ ਦੇਸ਼ ਵਿੱਚ ਸਥਾਈ ਨਿਵਾਸ ਪ੍ਰਾਪਤ ਕਰਨ ਲਈ ਲਾਭਦਾਇਕ ਹੈ। ਮਿਲਰ ਨੇ ਕਿਹਾ ਕਿ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਉਲੰਘਣਾ ਕਰਨ ਵਾਲਿਆਂ ਦੀ ਸਖ਼ਤੀ ਨਾਲ ਜਾਂਚ ਕਰੇਗੀ। ਉਸਨੇ ਸੂਚਿਤ ਕੀਤਾ ਹੈ ਕਿ ਸਾਰੇ ਅਸਥਾਈ ਪ੍ਰਵਾਸੀਆਂ ਨੂੰ ਜਾਣ ਦੀ ਜ਼ਰੂਰਤ ਨਹੀਂ ਹੋਵੇਗੀ। ਮਿਲਰ ਨੇ ਕਿਹਾ ਕਿ ਕੁਝ ਨੂੰ ਨਵੇਂ ਜਾਂ ਪੋਸਟ-ਗ੍ਰੈਜੂਏਟ ਵਰਕ ਪਰਮਿਟ ਦਿੱਤੇ ਜਾਣਗੇ। ਪਿਛਲੇ ਮਹੀਨੇ ਦੇ ਸ਼ੁਰੂ ਵਿੱਚ, ਮਿਲਰ ਨੇ ਚਿੰਤਾ ਜ਼ਾਹਰ ਕੀਤੀ ਸੀ ਕਿ ਵਿਦਿਆਰਥੀ ਵੱਡੀ ਗਿਣਤੀ ਵਿੱਚ ਕੈਨੇਡਾ ਵਿੱਚ ਪਰਵਾਸ ਕਰਨ ਲਈ ਅਪਲਾਈ ਕਰ ਰਹੇ ਹਨ। ਉਨ੍ਹਾਂ ਕਿਹਾ ਸੀ ਕਿ ਉਹ ਫਰਜ਼ੀ ਬਿਨੈਕਾਰਾਂ ਨੂੰ ਨੱਥ ਪਾਉਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨਗੇ।

## ਜਗਜੀਤ ਡੱਲੇਵਾਲ ਦੀ ਭੁੱਖ ਹੜਤਾਲ ਦਾ ਸੱਤਵਾਂ ਦਿਨ, ਲਗਾਤਾਰ ਵਿਗੜ ਰਹੀ ਸਿਹਤ; ਬੋਲੇ- ਸਰਕਾਰ ਕੋਲ ਗੱਲਬਾਤ ਲਈ 5 ਦਸੰਬਰ ਤੱਕ ਦਾ ਸਮਾਂ



**ਚੰਡੀਗੜ੍ਹ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ ਸੱਤਵੇਂ ਦਿਨ ਵਿੱਚ ਸ਼ਾਮਲ ਹੋ ਗਈ ਹੈ। ਉਨ੍ਹਾਂ ਦਾ ਭਾਰ ਅੱਗੇ ਨਾਲੋਂ ਲਗਭਗ 7 ਕਿਲੋ ਘਟ ਗਿਆ ਹੈ। ਜਦੋਂ ਉਹ ਤੁਰਦੇ ਹਨ ਤਾਂ ਉਨ੍ਹਾਂ ਨੂੰ ਸਾਹ ਚੜ੍ਹਦਾ ਮਹਿਸੂਸ ਹੁੰਦਾ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਸਿਹਤ ਲਗਾਤਾਰ ਵਿਗੜ ਰਹੀ ਹੈ। ਕੈਂਸਰ ਤੋਂ ਪੀੜਤ ਹੋਣ ਦੇ ਬਾਵਜੂਦ ਵੀ ਉਹ ਦਵਾਈ ਨਹੀਂ ਲੈ ਰਹੇ। ਉਹ ਸਿਰਫ ਇਕੱਲੇ ਨਹੀਂ ਹਨ, 6 ਦਸੰਬਰ ਨੂੰ ਮਰਜੀਵੜੇ ਜੱਥਾ ਦਿੱਲੀ ਵੱਲ ਮਾਰਚ ਕਰੇਗਾ। ਇਹ ਉਹ ਸਮੂਹ ਹੈ ਜੋ ਜੀਵਨ ਜਾਂ ਮੌਤ ਦੀ ਚਿੰਤਾ ਕੀਤੇ ਬਿਨਾਂ ਅੱਗੇ ਵਧੇਗਾ। ਸਰਵਣ ਸਿੰਘ ਪੰਧੇਰ ਨੇ ਐਤਵਾਰ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਗੱਲਬਾਤ ਲਈ 5 ਦਸੰਬਰ ਤੱਕ ਦਾ ਸਮਾਂ ਹੈ। ਕੇਂਦਰ ਨੇ 18 ਜਨਵਰੀ ਤੋਂ ਬਾਅਦ ਉਨ੍ਹਾਂ ਨਾਲ ਗੱਲਬਾਤ ਬੰਦ ਕਰ ਦਿੱਤੀ ਹੈ। ਇਹੀ ਕਾਰਨ ਹੈ ਕਿ ਕਿਸਾਨਾਂ ਨੂੰ ਇਹ ਕਦਮ ਚੁੱਕਣਾ ਪਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ 'ਤੇ ਦੋਸ਼ ਲਾਇਆ ਗਿਆ ਕਿ ਉਹ ਟਰੈਕਟਰ ਟਰਾਲੀਆਂ ਲੈ ਕੇ ਦਿੱਲੀ ਜਾਂਦੇ ਹਨ। ਇਸ ਨਾਲ ਅਮਨ-ਕਾਨੂੰਨ ਦੀ ਸਥਿਤੀ ਵਿਗੜ ਜਾਵੇਗੀ। ਪਰ ਹੁਣ 6 ਦਸੰਬਰ ਨੂੰ ਕਿਸਾਨ ਪੈਦਲ ਹੀ ਦਿੱਲੀ ਜਾਣਗੇ। ਹਰਿਆਣਾ ਵਿੱਚ ਮਰਜੀਵੜੇ ਜਥੇ ਦੇ ਚਾਰ ਸਟਾਪ ਨਿਰਧਾਰਤ ਕੀਤੇ ਗਏ ਹਨ, ਪੰਜਵਾਂ ਸਟਾਪ ਦਿੱਲੀ ਵਿੱਚ ਹੋਵੇਗਾ। ਕਿਸਾਨ ਦਿੱਲੀ ਜਾਣ ਲਈ ਪੂਰੀ ਵਿਉਂਤਬੰਦੀ ਨਾਲ ਅੱਗੇ ਵਧਣਗੇ। ਇਹ ਗਰੁੱਪ ਸਭ ਤੋਂ ਪਹਿਲਾਂ ਜੱਗੀ ਸਿਟੀ, ਅੰਬਾਲਾ ਵਿਖੇ ਰੁਕੇਗਾ। ਫਿਰ ਇਹ ਜਥਾ ਮੋਹੜਾ ਮੰਡੀ, ਖਾਨਪੁਰ, ਜੱਟਾਂ ਅਤੇ ਪਿੱਪਲੀ ਪਹੁੰਚੇਗਾ। ਗਰੁੱਪ ਦੇ ਅੱਗੇ ਵਧਣ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ। ਕਿਸਾਨ ਸੜਕਾਂ 'ਤੇ ਰਾਤ ਕੱਟਣਗੇ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ ਪਿੰਡ ਰੋਡੇ 2.6.1947 Birth Pind Rode
ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar
www.damdamitaksal.net
Physical death i do not fear death of conscience is a sure death
Sant Jarnail Singh Ji Khalsa Bhindranwale
www.damdamitaksal.net





ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Enjoy Real Taste of PUNJAB
24 SERVICE EVERYDAY HOURS
PURE AND NATURAL 100% VEGETARIAN PURE AND NATURAL
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad



We Accept Online & Card Payment


# ਦਸੰਬਰ 2024 ਦਾ ਦਿਨ ਵਿਸ਼ਵ-ਵਿਆਪਕ ਸਿੱਖ-ਪੰਥ ਦੇ ਕੌਮੀ ਇਤਿਹਾਸ ਵਿੱਚ ਨਿਵੇਕਲਾ ਅਤੇ ਵਿਸ਼ੇਸ਼ ਰਹੇਗਾ



ਇਹ ਪਹਿਲੀਵਾਰ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਜਥੇਦਾਰ ਰਘਵੀਰ ਸਿੰਘ ਹੁਣਾਂ ਦੀ ਅਗਵਾਈ ਵਿੱਚ ਗਿਆਨੀ ਹਰਪ੍ਰੀਤ ਸਿੰਘ ਸਮੇਤ ਪੰਜ ਸਿੰਘ ਸਾਹਿਬਾਨ ਨੇ, ਸਮੁਚਿਤਾ ਵਿਚ ਸਬੰਧਿਤ ਸ਼ੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੂੰ, ਵਖ-ਵਖ ਗੁਨਾਹਾਂ, ਭੁਲਾਂ-ਗਲਤੀਆਂ ਅਤੇ ਅਣਗਿਹਲੀਆਂ ਬਾਰੇ ਪਰੰਪਰਾਗਤ ਸਜਾਵਾਂ, ਮਰਿਆਦਾ ਅਨੁਸਾਰ ਆਦੇਸ਼ਤ ਕੀਤੀਆਂ ਹਨ। ਸਮੇਤ ਸੁਖਬੀਰ ਸਿੰਘ ਬਾਦਲ ਅਤੇ ਸੁਖਦੇਵ ਸਿੰਘ ਢੀਂਡਸਾ ਦੇ, ਅਕਾਲੀ ਸਰਕਾਰ ਵੇਲੇ ਤੋਂ ਸੀ ਗੁਰੂ ਗ੍ਰੰਥ ਸਹਿਬ ਨਾਲ ਸਬੰਧਿਤ ਬੇਅਦਬੀ ਦੇ ਘਟਨਾਕ੍ਰਮਾਂ, 'ਸੌਦਾ-ਸਾਧ' ਨੂੰ ਮੁਆਫੀ, ਗੋਲੀਕਾਂਡ, ਸਿੱਖ ਭਾਵਨਾਵਾਂ ਦੇ ਉਲਟ-ਪੁਲਟ ਸਰਕਾਰੀ ਨਿਯੁਕਤੀਆ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਬਕਾ ਜਥੇਦਾਰਾਂ ਨਾਲ ਜੁੜਦੀਆਂ ਕੁਤਾਹੀਆਂ...ਸਬੰਧੀ ਸਭਨੀਂ ਦੋਸ਼ ਕਬੂਲ ਕਰਦਿਆਂ, ਭੁਲਾਂ ਬਾਰੇ ਮੁਆਫੀ-ਜੋਦੜੀਆਂ ਨਾਲ ਤਨਖਾਹਾਂ- ਸਜਾਵਾਂ ਪ੍ਰਵਾਨ ਕੀਤੀਆਂ। 1978 ਦੇ ਸ਼ਹੀਦੀ ਸਾਕੇ ਤੋਂ 2017 ਤਕ ਦੀਆਂ ਪ੍ਰਕਿਰਿਆਵਾਂ ਸਮੇਂ ਅਕਾਲੀ ਆਗੂ ਅਤੇ ਮੁੱਖ-ਮੰਤਰੀ ਰਹੇ ਅਕਾਲ ਵਾਸੀ ਪ੍ਰਕਾਸ਼ ਸਿੰਘ ਬਾਦਲ ਹੁਣ ਦਾ 'ਫਖਰੇ-ਕੌਮ' ਖਿਤਾਬ ਵੀ ਵਾਪਸ ਲੈ ਲਿਆ ਗਿਆ। ਸਮੁਚਿਤ ਅਗਵਾਈ ਦੀਆਂ ਤਨਖਾਹਾਂ-ਸਜਾਵਾਂ ਅਤੇ ਅਸਤੀਫੇ, ਸ਼੍ਰੋਮਣੀ ਅਕਾਲੀ ਦਲ ਦੀ ਅਗਾਂਹ ਨਵੀਂ ਮੈਂਬਰਸ਼ਿਪ ਭਾਰਤੀ, ਡੈਲੀਗੇਟਾਂ, ਵਰਕਿੰਗ ਕਮੇਟੀ ਅਤੇ ਪ੍ਰਧਾਨਗੀ ਚੋਂਣ ਲਈ ਰਾਹ ਸਾਫ ਕਰ ਦੇਂਣਗੇ।2025 ਵਿੱਚ ਨਵਿਆਇਆ ਅਤੇ ਪੁੰਨਰਗਠਤ ਸ਼੍ਰੋਮਣੀ ਅਕਾਲੀ ਦਲ ਮੁੜ ਸਿੱਖ-ਪੰਥ, ਪੰਜਾਬ ਅਤੇ ਪੰਜਾਬੀਆਂ ਦੀ ਸੇਵਾ ਵਿਚ ਜੁਟ ਸਕੇਗਾ - ਇਹੋ ਹੀ ਵਿਸ਼ਵ-ਵਿਆਪਕ ਸਿੱਖ-ਪੰਥ ਦੀ ਪ੍ਰਮੁੱਖ ਉਮੀਦ ਹੈ।

-ਡਾਕਟਰ ਸੁਜਿੰਦਰ ਸਿੰਘ ਸੰਘਾ ਇੰਗਲੈਂਡ


ਆਵਾਜ਼ਿ ਕੌਮ AWAZE QAUM
International Newspaper & WEB TV



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਕੰਨਾ | ਸਿਹਾਰੀ | ਬਿਹਾਰੀ
ਔਂਕੜ | ਦੁਲੈਂਕੜ | ਲਾਂ | ਦੁਲਾਵਾਂ
ਹੋੜਾ | ਕਨੌੜਾ | ਟਿੱਪੀ | ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI


ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ
ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ
ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ
ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ । ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।
4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ
5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ
6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ
ਵਿਸ਼ੇਸ਼ ਬੇਨਤੀ
ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ ।
ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ ।
ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ । ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ ।
ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।
ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ
ਅੰਮ੍ਰਿਤ ਸੰਚਾਰ ਸੰਬੰਧੀ
1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ।
ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ
ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ੍ਰ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

# HAYES PLANT HIRE

WE TRAIN YOU GAIN

NPORS ACCREDITED



Telescopic Handler



Excavator 360



Road Roller



Forward Tipping Dumper



Tractor



Dozer

Plant Training and Testing on All CATEGORIES OF MACHINERY.



Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715128621**




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ । ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ । ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ । ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ । ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ । ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ । ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ । ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ । ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ । ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ । ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ●●

ਆਵਾਜ਼ਿ ਕੌਮ AWAZE QAUM International Newspaper & WEB TV



ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
ਬ੍ਰਹਮ ਗਿਆਨੀ ਬਾਬਾ ਖੁਸ਼ਾ ਸਿੰਘ ਜੀ (ਬਾਪੂ ਖੁਸ਼ਾ ਜੀ)
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੋਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340




ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




## 322.19 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ

# ਤਲਵੰਡੀ ਸਾਬੋ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਨਹੀਂ ਆਉਣ ਦਿੱਤੀ ਜਾਵੇਗੀ ਘਾਟ : ਪ੍ਰੋ. ਬਲਜਿੰਦਰ ਕੌਰ

**☛ 1 ਕਰੋੜ 10 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ ☛ ਜ਼ਿਲ੍ਹੇ ਅੰਦਰ ਹੋਣ ਵਾਲੇ ਵਿਕਾਸ ਕਾਰਜਾਂ ਨੂੰ ਪ੍ਰਸ਼ਾਸਨ ਲੈ ਰਿਹਾ ਗੰਭੀਰਤਾ ਨਾਲ- ਡਿਪਟੀ ਕਮਿਸ਼ਨਰ**

ਤਲਵੰਡੀ ਸਾਬੋ, 2 ਦਸੰਬਰ (ਗੁਰਜੰਟ ਸਿੰਘ ਨਥੇਹਾ)- ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਚੀਫ ਵਿੱਪ ਵਿਧਾਇਕ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਖੰਡਾ ਚੌਂਕ ਤੋਂ ਗਿੱਲਾਂ ਵਾਲਾ ਖੂਹ ਵਾਇਆ ਤਖਤ ਸਾਹਿਬ ਨੂੰ ਜਾਂਦੀ ਸੜਕ ਦਾ ਸੁੰਦਰੀਕਰਨ ਕਰਨ ਲਈ ਅਤੇ ਸ਼ਹਿਰ ਦੇ ਵਾਟਰ ਵਰਕਸ 'ਚ ਪੀਣ ਵਾਲੇ ਪਾਣੀ ਦੀ ਸਹੂਲਤ ਲਈ ਫਿਲਟਰ ਮੀਡੀਆ ਲਗਾਉਣ ਲਈ 322.19 ਲੱਖ ਰੁਪਏ ਦੇ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਇਸ ਮੌਕੇ ਉਹਨਾਂ ਦੇ ਨਾਲ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਹੀ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਲਈ ਕ੍ਰਾਂਤੀਕਾਰੀ ਪਹਿਲਕਦਮੀਆ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਉਹਨਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਦੇ ਯਤਨਾਂ ਸਦਕਾ ਅੱਜ ਤਲਵੰਡੀ ਸਾਬੋ ਦੇ ਵਾਸ਼ਿੰਦਿਆਂ ਦੀ ਲੰਮੇ ਸਮੇਂ ਤੋਂ ਲਟਕ ਰਹੀ ਮੰਗ ਨੂੰ ਪੂਰਾ ਕੀਤਾ ਹੈ। ਉਹਨਾਂ ਕਿਹਾ ਕਿ ਤਖਤ ਸ਼੍ਰੀ ਦਮਦਮਾ ਸਾਹਿਬ ਦੀ ਨੁਹਾਰ ਬਦਲਣ ਲਈ ਭਵਿੱਖ ਵਿੱਚ ਵੀ ਹੋਰ ਵਿਲੱਖਣ ਵਿਕਾਸ ਕਾਰਜ ਕੀਤੇ ਜਾਣਗੇ। ਇਸ ਉਪਰੰਤ ਚੀਫ ਵਿਪ੍ਹ ਪ੍ਰੋ. ਬਲਜਿੰਦਰ ਕੌਰ ਨੇ 50 ਲੱਖ ਰੁਪਏ ਦੀ ਲਾਗਤ ਨਾਲ ਬਣੇ ਗਿੱਲ ਚੌਂਕ ਵਿੱਚ ਇੰਟਰਲਾਕ ਟਾਇਲ ਅਤੇ ਸੰਗਤ ਰੋਡ 'ਤੇ ਸੀਸੀ ਫਲੋਰਿੰਗ ਪਾਉਣ ਦੇ ਕਾਰਜ ਦਾ ਉਦਘਾਟਨ ਵੀ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਹੋਣ ਵਾਲੇ ਵਿਕਾਸ ਕਾਰਜਾਂ ਨੂੰ ਪ੍ਰਸ਼ਾਸ਼ਨ ਪੂਰੀ ਗੰਭੀਰਤਾ ਨਾਲ ਲੈ ਰਿਹਾ ਹੈ। ਇਸ ਮੌਕੇ ਉਹਨਾਂ ਇਹ ਵੀ ਕਿਹਾ ਕਿ ਪਿੰਡਾਂ ਅੰਦਰ ਹੋਣ ਵਾਲੇ ਵਿਕਾਸ ਕਾਰਜਾਂ ਨੂੰ ਲੈ ਕੇ ਲਗਾਤਾਰ ਪਿੰਡ ਦੀਆਂ ਪੰਚਾਇਤਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਪਿੰਡਾਂ ਦੀ ਨੁਹਾਰ ਨੂੰ ਬਦਲਿਆ ਜਾ ਸਕੇ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਬਾਲਕ ਪ੍ਰਧਾਨ ਤਰਸੇਮ ਸਿੰਗਲਾ, ਗੁਰਦੀਪ ਸਿੰਘ ਤੂਰ ਆਮ ਆਦਮੀ ਪਾਰਟੀ, ਕੇਵਲ ਸਿੰਘ ਆਦਿ ਹਾਜ਼ਰ ਸਨ। ••










ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਬਰਤਾਨੀਆ ਦੀ ਸੰਸਦ 'ਚ ਪ੍ਰਕਾਸ਼ ਪੁਰਬ ਸਮਾਗਮ ਮੌਕੇ ਸੰਸਦ ਮੈਂਬਰ ਤੇ ਸਿੱਖ ਆਗੂ।

# ਬਰਤਾਨੀਆ ਦੀ ਸੰਸਦ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਲੰਡਨ • ਆਵਾਜ਼ਿ ਕੌਮ ਬਿਊਰੋ**

ਬਰਤਾਨੀਆ ਦੀ ਸੰਸਦ 'ਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਵਿਸ਼ੇਸ਼ ਸਮਾਗਮ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ (ਏ.ਪੀ.ਪੀ.ਜੀ.) ਵਲੋਂ ਸਿੱਖ ਨੈਟਵਰਕ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਹ ਸਮਾਗਮ 2017 'ਚ ਪਹਿਲੀ ਸਿੱਖ ਮਹਿਲਾ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਅਤੇ ਪਹਿਲੇ ਦਸਤਾਰਧਾਰੀ ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਵਲੋਂ ਚੁਣੇ ਜਾਣ ਤੋਂ ਬਾਅਦ ਸ਼ੁਰੂ ਹੋਇਆ ਸੀ। ਜੋ ਹਰ ਸਾਲ ਕਰਵਾਇਆ ਜਾਂਦਾ ਹੈ। ਇਸ ਸਮਾਗਮ 'ਚ ਬਰਤਾਨੀਆ ਭਰ ਤੋਂ ਸਿੱਖ ਆਗੂ, ਦਰਜ਼ਨ ਤੋਂ ਵੱਧ ਸੰਸਦ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਫ਼ਾਰ ਸਿੱਖਸ ਦੇ ਚੇਅਰਮੈਨ ਅਤੇ ਇਲਫੋਰਡ ਦੱਖਣੀ ਤੋਂ ਲੇਬਰ ਸੰਸਦ ਮੈਂਬਰ ਜਸਬੀਰ ਸਿੰਘ ਜੱਸ ਅਠਵਾਲ ਅਤੇ ਬਰਮਿੰਘਮ ਐਜਬੈਸਟਨ ਲਈ ਲੇਬਰ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਸਮਾਗਮ 'ਚ ਮੁੱਖ ਭੂਮਿਕਾ ਨਿਭਾਈ। ਮੁੱਖ ਬੁਲਾਰੇ ਮਨਦੀਪ ਕੌਰ ਐਮ.ਬੀ.ਈ. ਸਿੱਖ ਚੈਪਲੇਨ ਬ੍ਰਿਟਿਸ਼ ਆਰਮਡ ਫੋਰਸਿਜ਼, ਅਵਤਾਰ ਸਿੰਘ ਖੰਡਾ ਦੇ ਪਰਿਵਾਰ ਦੀ ਨੁਮਾਇੰਦਗੀ ਕਰਨ ਵਾਲੇ ਬੈਰਿਸਟਰ ਮਾਈਕਲ ਪੋਲਕ, ਸਿੱਖ ਨੈਟਵਰਕ ਤੋਂ ਜਸ ਸਿੰਘ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਤੋਂ ਦਬਿੰਦਰਜੀਤ ਸਿੰਘ ਅਤੇ ਸੰਸਦ ਮੈਂਬਰਾਂ ਨੇ ਸੰਬੋਧਨ ਕਰਦਿਆਂ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਮਨੁੱਖਤਾ ਲਈ ਸੇਵਾਵਾਂ ਬਾਰੇ ਚਾਨਣਾ ਪਾਇਆ। ਇਸ ਸਮਾਗਮ 'ਚ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਦਾ ਸਨਮਾਨ ਕੀਤਾ ਗਿਆ। ਲਾਰਡ ਟੌਮ ਵਾਟਸਨ ਨੂੰ ਰਾਜਨੀਤਕ ਸੇਵਾਵਾਂ, ਮਨਦੀਪ ਕੌਰ ਮੌੜ ਨੂੰ ਖੇਡਾਂ, ਗੁਰੂ ਨਾਨਕ ਗੁਰਦੁਆਰਾ, ਸਮੈਦਿਕ ਗੁਰਮਤਿ ਅਕੈਡਮੀ ਨੂੰ ਸਿੱਖਿਆ 'ਚ ਯੋਗਦਾਨ, ਗੁਰਸੇਵਕ ਸਿੰਘ ਸ਼ੇਰਗਿੱਲ (ਬ੍ਰਿਟ ਏਸ਼ੀਆ) ਨੂੰ ਕਾਰੋਬਾਰ, ਐਂਗਸ ਸਕਾਟ (ਸਤਲੁਜ ਟੀ.ਵੀ.) ਨੂੰ ਮੀਡੀਆ, ਮਾਈਕਲ ਪੋਲਕ ਨੂੰ ਮਨੁੱਖੀ ਅਧਿਕਾਰ, ਉਸਤਾਦ ਉਪਤੇਜ ਸਿੰਘ (ਬਾਬਾ ਫਤਿਹ ਸਿੰਘ ਗਤਕਾ ਅਖਾੜਾ) ਨੂੰ ਸਮਾਜ ਸੇਵਾ, ਭਾਈ ਮੋਨਿੰਦਰ ਸਿੰਘ ਕੈਨੇਡਾ ਨੂੰ ਅੰਤਰਰਾਸ਼ਟਰੀ ਯੋਗਦਾਨ ਅਤੇ ਹਰਮੰਦਰ ਸਿੰਘ ਨੂੰ ਉਮਰ ਭਰ ਦੀਆਂ ਪ੍ਰਾਪਤੀਆਂ ਪੁਰਸਕਾਰ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੇਬਰ ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ (ਸਲੋਹ), ਸਤਵੀਰ ਕੌਰ (ਸਾਊਥੈਂਪਟਨ ਟੈਸਟ), ਹਰਪ੍ਰੀਤ ਕੌਰ (ਹਡਰਸਫੀਲਡ), ਵਰਿੰਦਰ ਜੱਸ (ਵੁਲਵਰਹੈਂਪਟਨ ਵੈਸਟ), ਬੈਗੀ ਸ਼ੰਕਰ (ਡਰਬੀ ਸਾਊਥ) ਅਤੇ ਸੋਨੀਆ ਕੁਮਾਰ (ਡਡਲੀ), ਸੰਸਦ ਮੈਂਬਰ ਸਾਰਾਹ ਕੋਮਬਜ਼ (ਵੈਸਟ ਬ੍ਰਾਮਿਚ), ਵੈਲੇਰੀ ਵਾਜ਼ (ਵਾਲਸਾਲ ਅਤੇ ਬਲੋਕਸਵਿਚ), ਸੁਰੀਨਾ ਬ੍ਰੈਕਨਰਿਜ (ਵੁਲਵਰਹੈਂਪਟਨ ਨਾਰਥ ਈਸਟ), ਡ੍ਰੇਡਰੇ ਕੋਸੀਗਟਨ (ਈਲਿੰਗ ਸਾਊਥਾਲ) ਅਤੇ ਡਾ. ਲੌਰੇਨ ਸੁਲੀਵਾਨ (ਗ੍ਰੇਵਸ਼ਮ), ਲੈਸਟਰ ਸਾਊਥ ਤੋਂ ਆਜ਼ਾਦ ਸੰਸਦ ਮੈਂਬਰ ਸ਼ੌਕਤ, ਸੈਲੀ ਜੇਮਸਨ (ਡੌਨਕਾਸਟਰ ਸੈਂਟਰਲ), ਐਂਟਨੀਆ ਬੈਂਸ (ਟਿਪਟਨ ਅਤੇ ਵੈਡਨਸਬਰੀ), ਜੇਮਸ ਨਾਈਸ਼ (ਰਸ਼ਕਲਿਫ) ਅਤੇ ਲਿਬਰਲ ਡੈਮੋਕਰੇਟ ਸੰਸਦ ਮੈਂਬਰ, ਮੋਨਿਕਾ ਹਾਰਡਿੰਗ (ਈਸ਼ਰ ਅਤੇ) ਵਾਲਟਨ) ਆਦਿ ਹਾਜ਼ਰ ਸਨ।





# ਵਿਸ਼ਵ ਏਡਜ ਦਿਵਸ ਸੰਬੰਧੀ ਜ਼ਿਲ੍ਹਾ ਪੱਧਰੀ ਜਾਗਰੂਕਤਾ ਮੁਹਿੰਮ ਦਾ ਕੀਤਾ ਆਗਾਜ

**ਜੰਡਿਆਲਾ ਗੁਰੂ 2 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਦੀ ਅਗਵਾਹੀ ਹੇਠਾਂ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਤੋਂ ਵਿਸ਼ਵ ਏਡਜ ਦਿਵਸ ਜਾਗੁਕਤਾ ਮੁਹਿੰਮ ਦਾ ਆਗਾਜ ਜਿਲਾ ਪੱਧਰੀ ਵਰਕਾਸ਼, ਰੈਲੀ ਅਤੇ ਨੁਕੜ ਨਾਟਕ ਕਰਵਾ ਕੇ ਕੀਤਾ ਗਿਆ। ਇਸ ਸਮਾਗਮ ਦੌਰਾਣ ਸਵਾਮੀ ਵਿਵੇਕਾਨੰਦ ਮੈਡੀਕਲ ਮਿਸ਼ਨ, ਅਭਿਵਿਅਕਤੀ ਫਾਂਓਡੇਸ਼ਨ, ਮਨਸਾ ਫਾਂਓਡੇਸ਼ਨ, ਆਰ.ਪੀ ਫਾਂਓਡੇਸ਼ਨ, ਸਵੇਰਾ ਸੁਸਾਈਟੀ, ਸ਼ੇਪ ਇੰਡੀਆ, ਐਲ ਵੁਮਿਨ ਕਾਨਫਰੈਂਸ, ਲਿੰਕ ਵਰਕਰ ਸਕੀਮ ਐਨ.ਜੀ.ਓ. ਦੇ ਨੁਮਾਇੰਦੇ ਸ਼ਾਮਲ ਹੋਏ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਐਚ.ਆਈ.ਵੀ./ਏਡਜ ਸੰਬਧੀ ਜਾਣਕਾਰੀ ਅਤੇ ਸਾਵਧਾਨੀ ਹੀ ਇਸਦਾ ਦਾ ਇਲਾਜ ਹੈ। ਜੇਕਰ ਕਿਸੇ ਵੀ ਵਿਅਕਤੀ ਨੂੰ ਇਸ ਦੇ ਕੋਈ ਵੀ ਲੱਛਣ ਨਜਰ ਆਉਣ ਤਾਂ ਉਹ ਤੁਰੰਤ ਨਜਦੀਕੀ ਸਰਕਾਰੀ ਹਸਪਤਾਲ ਜਾਂ ਆਈ.ਸੀ.ਟੀ.ਸੀ. ਸ਼ੈਂਟਰ ਤੇ ਜਾ ਕੇ ਆਪਣੀ ਜਾਂਚ ਕਰਵਾ ਕੇ, ਏ.ਆਰ.ਟੀ ਸੈਂਟਰ ਤੋਂ ਆਪਣਾਂ ਇਲਾਜ ਕਰਵਾ ਸਕਦਾ ਹੈ।ਇਹਨਾਂ ਸੈਂਟਰਾਂ ਵਿਚ ਮੁਫਤ ਜਾਂਚ, ਇਲਾਜ ਅਤੇ ਕੌਂਸਲਿਗ ਕੀਤੀ ਜਾਂਦੀ ਹੈ ਅਤੇ ਮਰੀਜ ਦਾ ਨਾਮ-ਪਤਾ ਅਤੇ ਰਿਕਾਰਡ ਗੁਪਤ ਰੱਖਿਆ ਜਾਂਦਾ ਹੈ। ਉਹਨਾਂ ਕਿਹਾ ਕਿ ਏਡਜ ਦੇ ਮਰੀਜਾਂ ਨਾਲ ਬਿਨਾਂ ਕਿਸੇ ਭੇਦਭਾਵ ਦੇ ਪੇਸ਼ ਆਉਣਾਂ ਚਾਹੀਦਾ ਹੈ ਅਤੇ ਉਹਨਾਂ ਦੇ ਇਲਾਜ ਵਿਚ ਸਹਿਯੋਗ ਕਰਨਾਂ ਚਾਹੀਦਾ ਹੈ। ਇਸ ਮੌਕੇ ਤੇ ਜਿਲਾ ਏਡਜ ਕੰਟਰੋਲ ਅਫਸਰ ਡਾ ਵਿਜੇ ਗੋਤਵਾਲ ਵਲੋਂ ਲੋਕਾਂ ਨੂੰ ਏਡਜ ਦੇ ਕਾਰਣ, ਲੱਛਣ ਅਤੇ ਬਚਾਓ ਸੰਬਧੀ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਡੀ.ਡੀ.ਐਚ.ਓ. ਡਾ ਜਗਨਜੋਤ ਕੌਰ, ਜਿਲਾ ਸਿਹਤ ਅਫਸਰ ਡਾ ਜਸਪਾਲ ਸਿੰਘ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡੈਪਕੋ ਸਟਾਫ ਮੈਡਮ ਸ਼ਿਖਾ, ਮੈਡਮ ਅੰਜੂ, ਸਮੂਹ ਆਈ.ਸੀ.ਟੀ.ਸੀ. ਅਤੇ ਏ.ਆਰ.ਟੀ. ਸਟਾਫ ਹਾਜਰ ਸਨ।




# ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਪਸ਼ੂ ਪਾਲਕਾਂ ਅਤੇ ਬੇਰੋਜਗਾਰ ਨੌਜਵਾਨਾਂ ਨੂੰ ਮੁਫਤ ਡੇਅਰੀ ਸਿਖਲਾਈ ਦਾ ਬੈੱਚ 9 ਦਸੰਬਰ ਤੋਂ ਸ਼ੁਰੂ

**ਜੰਡਿਆਲਾ ਗੁਰੂ, 2 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਡੇਅਰੀ ਵਿਕਾਸ ਵਿਭਾਗ, ਪੰਜਾਬ ਵੱਲੋਂ ਜਿਲਾ ਅੰਮ੍ਰਿਤਸਰ ਵਿਖੇ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਪਸ਼ੂ ਪਾਲਕਾਂ ਅਤੇ ਬੇਰੋਜਗਾਰ ਨੌਜਵਾਨਾਂ ਲਈ ਮੁਫਤ ਡੇਅਰੀ ਸਿਖਲਾਈ ਕੋਰਸ 09 ਦਸੰਬਰ 2024 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸ: ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫਤੇ ਦੀ ਮੁਫਤ ਡੇਅਰੀ ਸਿਖਲਾਈ ਦੇ ਨਾਲ ਨਾਲ ਸਫਲਤਾ ਪੂਰਵਕ ਟ੍ਰਨਿੰਗ ਕਰਨ ਉਪਰੰਤ ਰੁਪਏ 3500/- ਵਜੀਫਾ ਅਤੇ ਡੇਅਰੀ ਨਾਲ ਸਬੰਧਿਤ ਲਿਟਰੇਚਰ ਵੀ ਦਿੱਤਾ ਜਾਵੇਗਾ। ਇਸ ਸਬੰਧੀ ਚਾਹਵਾਨ ਲੜਕੇ/ ਵਿਆਹੀਆਂ ਲੜਕੀਆਂ ਜਿਸ ਦੀ ਉਮਰ 18 ਤੋਂ 55 ਸਾਲ ਹੋਵੇ ,ਪਿੰਡ ਦਾ ਵਸਨੀਕ ਹੋਵੇ, ਆਪਣਾ ਅਨੁਸੂਚਿਤ ਜਾਤੀ ਨਾਲ ਸਬੰਧਿਤ ਡਿਜੀਟਲ ਸਰਟੀਫਿਕੇਟ ਸਮੇਤ ਪਾਸਪੋਰਟ ਸਾਈਜ ਫੋਟੋ, ਘੱਟੋ ਘੱਟ ਪੰਜਵੀਂ ਪਾਸ ਦਾ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਦਫਤਰ ਵਿਖੇ ਹਾਜਰ ਹੋਣ। ਚੁਣੇ ਗਏ ਲਾਭਪਾਤਰੀਆਂ ਨੂੰ ਡੇਅਰੀ ਸਿਖਲਾਈ ਸੈਂਟਰ, ਵੇਰਕਾ(ਅੰਮ੍ਰਿਤਸਰ) ਵਿਖੇ ਸਿਖਲਾਈ ਦਿੱਤੀ ਜਾਵੇਗੀ। ਪਸ਼ੂਆਂ ਦਾ ਡੇਅਰੀ ਯੂਨਿਟ ਸਥਾਪਿਤ ਕਰਨ ਉਪਰੰਤ ਲਾਭਪਾਤਰੀ ਨੂੰ 33 ਪ੍ਰਤੀਸ਼ਤ ਸਬਸਿਡੀ ਦਿੱਤੀ ਜਾਵੇਗੀ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਮੋਬਾਈਲ ਨੰ: 94657-25610 ਅਤੇ 84271-70001 ਤੇ ਸੰਪਰਕ ਕੀਤਾ ਜਾ ਸਕਦਾ ਹੈ।



ਪਹਿਲੀ ਬਰਸੀ 'ਤੇ ਵਿਸ਼ੇਸ਼

# ਜਲਾਵਤਨੀ ਸੰਘਰਸ਼ੀ ਸਿੱਖ ਆਗੂ ਭਾਈ ਲਖਵੀਰ ਸਿੰਘ ਰੋਡੇ




ਭਾਈ ਲਖਵੀਰ ਸਿੰਘ ਰੋਡੇ ਨੂੰ ਬਾਣੀ-ਬਾਣੇ ਦਾ ਗੁਰਸਿੱਖੀ ਜੀਵਨ ਵਿਰਸੇ ਵਿੱਚੋਂ ਪ੍ਰਾਪਤ ਹੋਇਆ, ਕਿਉਂਕਿ ਉਨ੍ਹਾਂ ਦੇ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਸ਼ੁਰੂ ਤੋਂ ਹੀ ਦਮਦਮੀ ਟਕਸਾਲ ਨਾਲ ਜੁੜੇ ਹੋਏ ਸਨ। ਫਿਰ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੂੰ ਦਮਦਮੀ ਟਕਸਾਲ ਦੇ ਮੁਖੀ ਹੋਣ ਦਾ ਸੁਭਾਗ ਪ੍ਰਾਪਤ ਹੋਇਆ। ਇਸ ਦੌਰਾਨ ਉਨ੍ਹਾਂ ਨੇ ਸਿੱਖਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਅਤੇ ਭਾਰਤ ਭਰ ਵਿੱਚ ਵਿਚਰ ਕੇ ਸਿੱਖ ਧਰਮ ਦਾ ਪ੍ਰਚਾਰ ਕੀਤਾ। 1 ਮਈ 1984 ਨੂੰ ਸੰਤਾਂ ਦੇ ਭਰਾਤਾ ਭਾਈ ਜਗਜੀਤ ਸਿੰਘ ਨੂੰ ਪੰਜਾਬ ਸਰਕਾਰ ਨੇ ਬਿਨਾਂ ਕਾਰਨ ਹੀ ਗ੍ਰਿਫਤਾਰ ਕਰ ਲਿਆ। ਇਸ ਕਾਰਨ ਇਲਾਕੇ ਦੇ ਸਿੱਖਾਂ ਵਿੱਚ ਭਾਰੀ ਰੋਹ ਫੈਲਿਆ ਅਤੇ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਮੋਗੇ ਕਚਹਿਰੀਆਂ ਦਾ ਘਿਰਾਓ ਕੀਤਾ। ਬਾਅਦ ਵਿੱਚ ਸੰਗਤਾਂ ਮੋਗੇ ਵਿਖੇ ਗੁਰਦੁਆਰਾ ਸਾਹਿਬ ਵਿੱਚ ਇਕੱਤਰ ਹੋਈਆਂ, ਜਿਸ ਨੂੰ ਸੀਆਰਪੀਐਫ ਨੇ ਘੇਰਾ ਪਾ ਕੇ ਨਿਹੱਥੇ ਸਿੱਖਾਂ ਉੱਪਰ ਹੀ ਗੋਲੀ ਚਲਾ ਦਿੱਤੀ, ਜਿਸ ਵਿੱਚ 8 ਸਿੱਖ ਸ਼ਹੀਦ ਹੋ ਗਏ ਸਨ। ਉਸ ਸਮੇਂ ਭਾਈ ਲਖਵੀਰ ਸਿੰਘ ਰੋਡੇ ਵੀ ਸੰਗਤਾਂ ਦੇ ਉਸ ਇਕੱਠ ਵਿੱਚ ਸ਼ਾਮਲ ਸਨ। ਬਾਅਦ ਵਿੱਚ ਬਹੁਤ ਸਾਰੀਆਂ ਸੰਗਤਾਂ ਸੰਤ ਭਿੰਡਰਾਂਵਾਲਿਆਂ ਕੋਲ ਸ੍ਰੀ ਦਰਬਾਰ ਸਾਹਿਬ ਪਹੁੰਚੀਆਂ, ਜਿੱਥੇ ਕਈ ਤਰ੍ਹਾਂ ਦੀਆਂ ਵਿਚਾਰਾਂ ਹੋਈਆਂ। ਸੰਤਾਂ ਦੇ ਕਹਿਣ 'ਤੇ ਭਾਈ ਲਖਵੀਰ ਸਿੰਘ ਪਹਿਲਾਂ ਤੋਂ ਚੱਲ ਰਹੇ ਆਪਣੇ ਕਾਰੋਬਾਰ ਲਈ ਦੁਬੱਈ ਚਲੇ ਗਏ। ਕੁੱਝ ਦਿਨਾਂ ਬਾਅਦ ਹੀ ਅਪਰੇਸ਼ਨ ਬਲਿਊ ਸਟਾਰ ਵਾਪਰ ਗਿਆ। ਇਸ ਦੌਰਾਨ ਭਾਈ ਲਖਵੀਰ ਸਿੰਘ ਦੇ ਪਿਤਾ ਭਾਈ ਜੰਗੀਰ ਸਿੰਘ, ਉਨ੍ਹਾਂ ਦੇ ਭਰਾਤਾ ਭਾਈ ਸਵਰਨ ਸਿੰਘ, ਚਾਚੇ ਦੇ ਪੁੱਤਰ ਭਾਈ ਹਰਦੀਪ ਸਿੰਘ, ਬਹੁਤ ਸਾਰੇ ਰਿਸ਼ਤੇਦਾਰ ਅਤੇ ਜਾਣ-ਪਛਾਣ ਵਾਲੇ ਸੈਂਕੜੇ ਗੁਰੂ ਦੇ ਸਿੰਘ ਸ਼ਹੀਦੀਆਂ ਪ੍ਰਾਪਤ ਕਰ ਗਏ। ਇਸ ਘੱਲੂਘਾਰੇ ਨੇ ਸਭ ਸਿੱਖਾਂ ਨੂੰ ਧੁਰ ਅੰਦਰ ਤੱਕ ਝੰਜੋੜ ਕੇ ਰੱਖ ਦਿੱਤਾ, ਕਿਉਂਕਿ ਦੁਨੀਆ ਵਿੱਚ ਕਿੱਧਰੇ ਵੀ ਅਜਿਹਾ ਨਹੀਂ ਹੋਇਆ ਕਿ ਸ਼ਾਂਤਮਈ ਸੰਘਰਸ਼ ਨੂੰ ਕਿਸੇ ਵੀ ਲੋਕਤੰਤਰੀ ਦੇਸ਼ ਵਿੱਚ ਤੋਪਾਂ ਤੇ ਟੈਂਕਾਂ ਨਾਲ ਕੁਚਲਿਆ ਗਿਆ ਹੋਵੇ। ਉਹ ਵੀ ਰੱਬ ਦੇ ਘਰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਜਿਹਾ ਵਾਪਰਿਆ। ਦੁਨੀਆ ਵਿੱਚ ਵੱਸਦੇ ਬਹੁਤ ਸਾਰੇ ਸਿੱਖਾਂ ਨੇ ਵੱਡੇ-ਵੱਡੇ ਅਹੁਦੇ ਤਿਆਗ ਦਿੱਤੇ। ਫੌਜ ਵਿੱਚ ਬਹੁਤ ਸਾਰੇ ਸਿੱਖ ਫੌਜੀਆਂ ਨੇ ਬਗਾਵਤ ਕਰ ਦਿੱਤੀ। ਇਸ ਨਿਰਾਸ਼ਤਾ ਦੇ ਆਲਮ ਵਿੱਚ ਸਿੱਖ ਸੋਚਣ ਵਾਸਤੇ ਮਜਬੂਰ ਸਨ, ਜਿਸ ਦੇਸ਼ ਲਈ ਅਸੀਂ ਗੁਰਧਾਮ ਛੱਡੇ, ਜਾਇਦਾਦਾਂ ਛੱਡੀਆਂ, ਆਰਥਿਕ ਤੌਰ 'ਤੇ ਭਾਰੀ ਨੁਕਸਾਨ ਝੱਲਿਆ, ਜਿਸ ਦਾ ਅੰਦਾਜ਼ਾ ਨਹੀਂ ਲਗਾਇਆ ਜਾ ਸਕਦਾ। ਸਿੱਖ ਸੋਚਦੇ ਸਨ ਕਿ ਕੀ ਇਹੀ ਸਾਡੇ ਲਈ ਆਜ਼ਾਦੀ ਹੈ ? ਇਹੋ ਜਿਹਾ ਹੋਰ ਬਹੁਤ ਕੁੱਝ ਸਿੱਖ ਸੋਚ ਵਿੱਚ ਘੁੰਮਦਾ ਰਿਹਾ। ਆਉਣ ਵਾਲੇ ਭਵਿੱਖ ਲਈ ਹਰ ਸੂਝਵਾਨ ਸਿੱਖ ਫਿਕਰਮੰਦ ਸੀ।

ਇਸੇ ਦੌਰਾਨ ਹੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ (ਇਸ ਲੇਖ ਦੇ ਲੇਖਕ) ਨੇ ਇੰਗਲੈਂਡ ਵਿੱਚ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਸੰਗਠਨ ਦਾ ਐਲਾਨ ਕੀਤਾ ਸੀ ਅਤੇ ਉਨ੍ਹਾਂ ਨੂੰ 25 ਦਸੰਬਰ 1984 ਵਿੱਚ ਹੀ ਵਿਦੇਸ਼ ਵਿੱਚੋਂ ਗ੍ਰਿਫਤਾਰ ਕਰਕੇ ਭਾਰਤ ਲਿਆਂਦਾ ਗਿਆ, ਜਿਸ ਕਾਰਨ ਭਾਈ ਲਖਵੀਰ ਸਿੰਘ ਰੋਡੇ ਦੁਬੱਈ ਤੋਂ ਇੰਗਲੈਂਡ ਚਲੇ ਗਏ ਅਤੇ ਉਨ੍ਹਾਂ ਨੂੰ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ (ਆਈ. ਐਸ. ਵਾਈ.ਐੱਫ) ਦਾ ਕਨਵੀਨਰ ਨਿਯੁਕਤ ਕਰ ਦਿੱਤਾ ਗਿਆ। ਕੁੱਝ ਸਮਾਂ ਇੰਗਲੈਂਡ ਰਹਿਣ ਤੋਂ ਬਾਅਦ ਉਹ ਕੈਨੇਡਾ ਚਲੇ ਗਏ ਅਤੇ ਉੱਥੇ ਵੀ ਆਈ.ਐੱਸ.ਵਾਈ.ਐਫ਼ ਦਾ ਸੰਗਠਨ ਕਾਇਮ ਕੀਤਾ। ਉਸ ਸਮੇਂ ਪੰਜਾਬ ਵਿੱਚ ਸ਼ਰੇਆਮ ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਸਨ ਅਤੇ ਅਪਰੇਸ਼ਨ ਬਲਿਊ ਸਟਾਰ ਦੇ ਰੋਸ ਵਜੋਂ ਸੰਘਰਸ਼ ਕਰਨ ਲਈ ਬਹੁਤ ਸਾਰੇ ਫੈਡਰੇਸ਼ਨ ਅਤੇ ਹੋਰ ਸਿੱਖ ਨੌਜਵਾਨ ਪਾਕਿਸਤਾਨ ਚਲੇ ਗਏ ਸਨ। ਕੈਨੇਡਾ ਵਿਖੇ ਆਈ.ਐੱਸ.ਵਾਈ.ਐੱਫ. ਦੇ ਆਗੂਆਂ ਦੀ ਮੀਟਿੰਗ ਹੋਈ, ਜਿਸ ਵਿੱਚ ਫੈਸਲਾ ਲਿਆ ਗਿਆ ਕਿ ਭਾਈ ਲਖਵੀਰ ਸਿੰਘ ਰੋਡੇ ਪਾਕਿਸਤਾਨ ਜਾਣ ਅਤੇ ਉੱਥੇ ਰਹਿ ਕੇ ਸਿੱਖ ਸੰਘਰਸ਼ ਦੀ ਅਗਵਾਈ ਕਰਨ। ਉਹ 1991 ਨੂੰ ਪਾਕਿਸਤਾਨ ਚਲੇ ਗਏ। ਉੱਥੇ ਰਹਿੰਦਿਆਂ ਕਈ ਘਟਨਾਵਾਂ ਵਾਪਰੀਆਂ।

ਉਨ੍ਹਾਂ ਦੇ ਜਲਾਵਤਨੀ ਸਾਥੀਆਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇੱਕ ਦਿਨ ਭਾਈ ਲਖਵੀਰ ਸਿੰਘ ਰੋਡੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਮੱਥਾ ਟੇਕਣ ਗਏ ਤਾਂ ਵੇਖਿਆ ਕਿ ਗੁਰਦੁਆਰਾ ਸਾਹਿਬ ਦੀ ਜ਼ਮੀਨ ਵਿੱਚ ਚਾਰ ਚੁਫੇਰੇ ਕਬਜ਼ੇ ਕਰਕੇ ਮਕਾਨ ਉਸਾਰੇ ਜਾ ਰਹੇ ਹਨ। ਇਨ੍ਹਾਂ ਨਜਾਇਜ਼ ਕਬਜ਼ਿਆਂ ਨੂੰ ਰੋਕਣ ਲਈ ਉਹ ਸ਼ੇਖੂਪੁਰਾ ਵਿਖੇ ਡੀ.ਸੀ. ਨੂੰ ਮਿਲੇ ਅਤੇ ਉਨ੍ਹਾਂ ਨੂੰ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਕੀਤੇ ਜਾ ਰਹੇ ਨਜਾਇਜ਼ ਕਬਜ਼ਿਆਂ ਨੂੰ ਰੋਕਿਆ ਜਾਵੇ। ਇਸ ਦੇ ਬਦਲੇ ਜੋ ਵੀ ਚਾਹੋ ਅਸੀਂ ਤੁਹਾਨੂੰ ਦੌਲਤ ਦੇ ਦਿਆਂਗੇ। ਕੁੱਝ ਸਮਾਂ ਚੁੱਪ ਰਹਿਣ ਤੋਂ ਬਾਅਦ ਡੀ.ਸੀ. ਦੀਆਂ ਅੱਖਾਂ ਵਿੱਚ ਅੱਥਰੂ ਸਨ ਅਤੇ ਗਲਾ ਭਰਿਆ ਹੋਇਆ ਸੀ। ਉਸ ਨੇ ਇਸੇ ਹਾਲਤ ਵਿੱਚ ਹੀ ਕਿਹਾ ਕਿ ਮੈਨੂੰ ਕਿਸੇ ਤਰ੍ਹਾਂ ਦੀ ਦੌਲਤ ਦੀ ਜ਼ਰੂਰਤ ਨਹੀਂ। ਮੇਰੇ ਘਰ ਕਿਹੜਾ ਕੋਈ ਔਲਾਦ ਹੈ। ਕਿਸ ਲਈ ਮੈਂ ਦੌਲਤ ਲੈਣੀ ਹੈ ? ਇਸ 'ਤੇ ਭਾਈ ਸਾਹਿਬ ਵੀ ਚੁੱਪ ਹੋ ਗਏ ਪਰ ਸੋਚ ਕੇ ਕਹਿਣ ਲੱਗੇ ਕਿ ਸਤਿਗੁਰੂ ਨਾਨਕ ਸਾਹਿਬ ਦੇ ਘਰ ਕੋਈ ਕਮੀ ਨਹੀਂ। ਮੀਆਂ ਜੀ ਤੁਸੀਂ ਮੇਰੇ ਨਾਲ ਪਰਿਵਾਰ ਸਮੇਤ ਸ੍ਰੀ ਨਨਕਾਣਾ ਸਾਹਿਬ ਚੱਲੋ ਅਤੇ ਉੱਥੇ ਆਪਾਂ ਅਰਦਾਸ ਕਰਾਂਗੇ, ਗੁਰੂ ਸਾਹਿਬ ਜ਼ਰੂਰ ਕ੍ਰਿਪਾ ਕਰਨਗੇ। ਇਸੇ ਤਰ੍ਹਾਂ ਹੋਇਆ, ਸ੍ਰੀ ਨਨਕਾਣਾ ਸਾਹਿਬ ਪਹੁੰਚ ਕੇ ਭਾਈ ਸਾਹਿਬ ਨੇ ਦੇਗ ਤਿਆਰ ਕੀਤੀ, ਤਿੰਨ ਸ੍ਰੀ ਜਪੁਜੀ ਸਾਹਿਬ ਅਤੇ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਕੀਤੇ ਅਤੇ ਅਰਦਾਸ ਕੀਤੀ ਕਿ ਸਤਿਗੁਰੂ ਨਾਨਕ ਸਾਹਿਬ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਇਨ੍ਹਾਂ ਨੂੰ ਪੁੱਤਰ ਦੀ ਦਾਤ ਬਖਸ਼ਣ ਅਤੇ ਬਾਅਦ ਵਿੱਚ ਉਨ੍ਹਾਂ ਕਿਹਾ ਕਿ ਡੀ.ਸੀ. ਸਾਹਿਬ ਭਰੋਸਾ ਰੱਖਿਓ ਸ੍ਰੀ ਗੁਰੂ ਨਾਨਕ ਸਭ ਦੇ ਸਾਂਝੇ ਹਨ, ਉਹ ਜ਼ਰੂਰ ਕ੍ਰਿਪਾ ਕਰਨਗੇ। ਇਸ ਤਰ੍ਹਾਂ ਸਮਾਂ ਪਾ ਕੇ ਉਨ੍ਹਾਂ ਦੇ ਘਰ ਪੁੱਤਰ ਪੈਦਾ ਹੋਇਆ ਅਤੇ ਉਨ੍ਹਾਂ ਦੀ ਸ੍ਰੀ ਨਨਕਾਣਾ ਸਾਹਿਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਤੇ ਪੂਰੀ ਸ਼ਰਧਾ ਬਣ ਗਈ। ਪੁੱਤਰ ਪੈਦਾ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਨੇ ਸ੍ਰੀ ਨਨਕਾਣਾ ਸਾਹਿਬ ਵਿਖੇ ਕੀਤੇ ਜਾ ਰਹੇ ਨਾਜਾਇਜ਼ ਕਬਜ਼ੇ ਖਤਮ ਕਰਵਾ ਦਿੱਤੇ ਸਨ। ਇਹ ਸਾਰੀ ਵਿੱਥਿਆ ਡੀ.ਸੀ. ਨੇ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ ਵੀ ਦੱਸੀ। ਇਸ ਕਾਰਨ ਭਾਈ ਸਾਹਿਬ ਦੀ ਨਵਾਜ਼ ਸ਼ਰੀਫ ਨਾਲ ਵੀ ਚੰਗੀ ਜਾਣ-ਪਛਾਣ ਅਤੇ ਆਪਸੀ ਸਦਭਾਵਨਾ ਵੱਧ ਗਈ। ਇਸ ਸਦਕਾ ਹੀ ਉਨ੍ਹਾਂ ਨੇ ਬਹੁਤ ਸਾਰੇ ਗੁਰਦੁਆਰਾ ਸਾਹਿਬਾਨਾਂ ਦੀ ਸੇਵਾ ਕੀਤੀ। ਸ੍ਰੀ ਨਨਕਾਣਾ ਸਾਹਿਬ ਵਿਖੇ ਪੰਜਾਬੀ ਸਕੂਲ ਸਥਾਪਤ ਕੀਤਾ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕਰਵਾਈ। ਹਾਲਾਂਕਿ ਇਸ ਸਾਰੇ ਕਾਰਜ ਲਈ ਉੱਥੇ ਰਹਿ ਰਹੇ ਹੋਰ ਜਲਾਵਤਨੀ ਸਿੱਖਾਂ ਦਾ ਵੀ ਵੱਡਾ ਸਹਿਯੋਗ ਸੀ, ਪਰ ਭਾਈ ਸਾਹਿਬ ਦੀ ਵਿਸ਼ੇਸ਼ ਭੂਮਿਕਾ ਰਹੀ।

ਜਥੇਬੰਦਕ ਤੌਰ 'ਤੇ ਕਈ ਤਰ੍ਹਾਂ ਦੇ ਮਤਭੇਦ ਹੋਣ ਦੇ ਬਾਵਜੂਦ ਵੀ ਭਾਈ ਲਖਵੀਰ ਸਿੰਘ ਰੋਡੇ ਨੇ ਇਨ੍ਹਾਂ ਮਤਭੇਦਾਂ ਨੂੰ ਇਹ ਕਹਿ ਕੇ ਨਕਾਰ ਦਿੱਤਾ ਸੀ ਕਿ ਸਾਡੀਆਂ ਸਾਂਝਾਂ ਬਹੁਤ ਡੂੰਘੀਆਂ ਅਤੇ ਵੱਡੀਆਂ ਹਨ। ਸਾਡਾ ਇੱਕੋ ਸ੍ਰੀ ਗੁਰੂ ਗ੍ਰੰਥ ਸਾਹਿਬ ਹੈ, ਸਾਂਝਾ ਸ੍ਰੀ ਅਕਾਲ ਤਖਤ ਸਾਹਿਬ ਹੈ, ਇੱਕੋ ਅੰਮ੍ਰਿਤ ਹੈ ਅਤੇ ਇੱਕੋ ਹੀ ਸਾਡੀ ਮੰਜ਼ਿਲ ਹੈ। ਇਸ ਲਈ ਬਾਕੀ ਛੋਟੀਆਂ-ਮੋਟੀਆਂ ਗੱਲਾਂ ਨੂੰ ਭੁੱਲ ਕੇ ਆਪਸੀ ਇਤਫ਼ਾਕ ਨਾਲ ਮੰਜ਼ਿਲ ਵੱਲ ਵੱਧਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਕਾਰਨ ਉੱਥੇ ਰਹਿ ਰਹੇ ਬਹੁਤ ਸਾਰੇ ਜਲਾਵਤਨੀ ਸਿੱਖਾਂ ਵਿੱਚ ਜਿੱਥੇ ਭਾਈ ਸਾਹਿਬ ਲਈ ਬਹੁਤ ਸਤਿਕਾਰ ਵਧਿਆ ਉੱਥੇ ਆਪਸੀ ਮਤਭੇਦ ਵੀ ਦੂਰ ਹੋਏ ਅਤੇ ਸਾਂਝਾਂ ਵਧੀਆਂ।

ਭਾਵੇਂ ਜ਼ਿੰਦਗੀ ਦਾ ਇਹ ਜਲਾਵਤਨੀ ਸਫ਼ਰ ਬਹੁਤ ਔਖਾ ਹੈ। ਬਹੁਤ ਵੱਡਾ ਕਾਰੋਬਾਰ ਛੱਡਣਾ ਪਿਆ। ਪਰਿਵਾਰ ਅਤੇ ਘਰ-ਬਾਰ ਛੱਡਣਾ ਪਿਆ। ਇਕੱਲਿਆਂ ਰਹਿੰਦਿਆਂ ਕਈ ਤਰ੍ਹਾਂ ਦੀਆਂ ਸਰੀਰਕ, ਪਰਿਵਾਰਕ ਅਤੇ ਪੰਥਕ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪਿਆ, ਪਰ ਭਾਈ ਸਾਹਿਬ ਦਾ ਬਹੁਤ ਦ੍ਰਿੜ੍ਹ ਇਰਾਦਾ, ਨਰਮ ਸੁਭਾਅ ਅਤੇ ਗੁਰੂ ਸਾਹਿਬ ਉੱਤੇ ਅਟੱਲ ਭਰੋਸਾ ਉਨ੍ਹਾਂ ਦੀ ਜ਼ਿੰਦਗੀ ਦੇ ਵੱਡੇ ਗੁਣ ਸਨ। 1984 ਤੋਂ ਲੈ ਕੇ 2023 ਤੱਕ ਦਾ ਇਹ ਸਫ਼ਰ ਬੜਾ ਕਠਿਨ ਅਤੇ ਲੰਬਾ ਸੀ, ਪਰ ਇਸ ਦੌਰਾਨ ਉਨ੍ਹਾਂ ਨੇ ਜਿੱਥੇ ਉਪਰੋਕਤ ਸੇਵਾਵਾਂ ਨਿਭਾਈਆਂ ਉੱਥੇ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਸੰਘਰਸ਼ ਵਿੱਚ ਵੀ ਵਿੱਤ ਮੁਤਾਬਕ ਯੋਗਦਾਨ ਪਾਇਆ। ਇਹ ਸਭ ਕੁੱਝ ਪ੍ਰਮਾਤਮਾ ਦੀ ਕ੍ਰਿਪਾ ਨਾਲ ਹੀ ਸੰਭਵ ਹੋ ਸਕਿਆ। ਜੁਝਾਰੂ ਖਾਲਸਾ ਪੰਥ ਉਨ੍ਹਾਂ ਦੀ ਸੇਵਾ ਨੂੰ ਹਮੇਸ਼ਾ ਯਾਦ ਰੱਖੇਗਾ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਸੰਪਰਕ : 98140-13915

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਜਵੱਦੀ ਟਕਸਾਲ ਲੁਧਿਆਣਾ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਨੇ ਹਾਜ਼ਰੀ ਭਰੀ






ਅਦੁੱਤੀ ਗੁਰਮਤਿ ਸੰਗੀਤ ਸੰਮੇਲਨ ਜਵੱਦੀ ਟਕਸਾਲ ਲੁਧਿਆਣਾ ਵਿੱਚ ਹਾਜ਼ਰੀ ਭਰਦੇ ਹੋਏ,ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ, ਦਾਸ ਦਾ,ਗਿਆਨੀ ਬਲਵਿੰਦਰ ਸਿੰਘ ਜੀ ਰੋਡਿਆ ਵਾਲਿਆਂ ਦਾ ਸਨਮਾਨ ਕਰਦੇ ਹੋਏ, ਸੰਤ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਪਿੰਡ ਟਕਾਪੁਰ ਵਿੱਚ ਐਨ ਆਰ ਆਈ ਗੁਰਬਿੰਦਰ ਸਿੰਘ ਬੱਲ ਯੂ ਐਸ ਏ ਅਤੇ ਪੰਚਾਇਤ ਦੇ ਸਹਿਯੋਗ ਨਾਲ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਚੌਂਕ, 2 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਐਨ ਆਰ ਆਈ ਸ੍ਰ ਗੁਰਬਿੰਦਰ ਸਿੰਘ ਬੱਲ ਯੂ ਐਸ ਏ ਦੇ ਵਿਸ਼ੇਸ਼ ਸਹਿਯੋਗ ਨਾਲ ਪਿੰਡ ਟਕਾਪੁਰ ਦੀ ਪੰਚਾਇਤ ਵੱਲੋਂ ਚਲਾਈ ਜਾ ਰਹੀ ਟਕਾਪੁਰ ਫੁੱਟਬਾਲ ਅਕੈਡਮੀ ਅਤੇ ਸ਼ਹੀਦ ਬਾਬਾ ਦੀਪ ਸਿੰਘ ਜੀ ਸਪੋਰਟਸ ਕਲੱਬ ਟਕਾਪੁਰ ਵੱਲੋਂ ਕੋਚ ਸ੍ਰ ਜੁਗਰਾਜ ਸਿੰਘ ਸਹੋਤਾ ਦੀ ਅਗਵਾਈ ਵਿੱਚ ਪਹਿਲੀ ਫੁੱਟਬਾਲ ਲੀਗ ਦਾ ਆਰੰਭ ਕੀਤਾ ਗਿਆ। ਲੀਗ ਦਾ ਆਗਾਜ਼ ਸਰਪੰਚ ਸ੍ਰ ਗਿਆਨ ਸਿੰਘ ਵੱਲੋਂ ਫ਼ੀਤਾ ਕੱਟ ਕੇ ਕੀਤਾ ਗਿਆ।ਇਸਤੋਂ ਪਹਿਲਾਂ ਗ੍ਰੰਥੀ ਭਾਈ ਬਿਕਰਮਜੀਤ ਸਿੰਘ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਸਰਪੰਚ ਸ੍ਰ ਹਰਪਾਲ ਸਿੰਘ, ਸ੍ਰ ਬਲਵਿੰਦਰ ਸਿੰਘ ਸੈਕਟਰੀ, ਸ੍ਰ ਸੁਖਦੇਵ ਸਿੰਘ ਬਿੱਟੂ ਕਿਸਾਨ ਆਗੂ, ਸ੍ਰ ਗੁਰਦੇਵ ਸਿੰਘ ਟੋਨੀ ਮੈਂਬਰ ਪੰਚਾਇਤ, ਸ੍ਰ ਗੁਰਬਖਸ਼ ਇੰਦਰ ਸਿੰਘ ਮੈਂਬਰ ਪੰਚਾਇਤ, ਸ੍ਰ ਲਖਵਿੰਦਰ ਸਿੰਘ ਮੈਂਬਰ ਪੰਚਾਇਤ ਸ੍ਰ ਸੁਖਦੇਵ ਸਿੰਘ



ਪ੍ਰਧਾਨ, ਸ੍ਰ ਬਲਵਿੰਦਰ ਸਿੰਘ ਮੈਂਬਰ ਪੰਚਾਇਤ, ਸ੍ਰ ਬਰਿੰਦਰ ਸਿੰਘ, ਸ੍ਰ ਕੁਲਵਿੰਦਰ ਸਿੰਘ, ਸ੍ਰ ਜਸਵੰਤ ਸਿੰਘ, ਬਾਬਾ ਕਿੰਦਰ, ਸ੍ਰ ਗੁਰਮੇਲ ਸਿੰਘ ਅਤੇ ਹੋਰ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਹੋਏ, ਜਿਹਨਾਂ ਨੇ ਟੀਮਾਂ ਦੇ ਖਿਡਾਰੀਆਂ ਨੂੰ ਆਸ਼ੀਰਵਾਦ ਦੇ ਕੇ ਲੀਗ ਦੀ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਵਿਧਾਇਕ ਟੌਂਗ ਨੇ ਚੋਣਾਂ ਨੂੰ ਲੈ ਕੇ ਆਪ ਪ੍ਰਧਾਨ ਨਾਲ ਕੀਤੀ ਮੀਟਿੰਗ



**ਜੰਡਿਆਲਾ ਗੁਰੂ, 2 ਦਸੰਬਰ (ਕੁਲਵੰਤ ਸਿੰਘ ਵਿਰਦੀ)-** ਨਜਦੀਕ ਆ ਰਹੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਹਲਕਾ ਬਾਬਾ ਬਕਾਲਾ ਦੇ ਵਿਧਾਇਕ ਸ: ਦਲਬੀਰ ਸਿੰਘ ਟੌਂਗ ਨੇ ਚੰਡੀਗੜ੍ਹ ਵਿਖੇ ਆਮ ਆਦਮੀ ਪਾਰਟੀ ਪੰਜਾਬ ਦੇ ਨਵਨਿਯੁਕਤ ਪ੍ਰਧਾਨ ਅਮਨ ਅਰੋੜਾ ਨਾਲ ਮੀਟਿੰਗ ਕੀਤੀ ਅਤੇ ਉਨਾਂ ਨੂੰ ਵਧਾਈ ਵੀ ਦਿੱਤੀ।ਸ: ਟੌਂਗ ਨੇ ਦੱਸਿਆ ਕਿ ਆ ਰਹੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਜਿਮਨੀ ਚੋਣਾਂ ਵਾਂਗ ਜਿੱਤ ਪ੍ਰਾਪਤ ਕਰੇਗੀ। ਉਨਾਂ ਕਿਹਾ ਕਿ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦਾ ਕਾਫਲਾ ਦਿਨੋਂ ਦਿਨੀ ਵੱਧ ਰਿਹਾ ਹੈ। ਸ: ਟੌਂਗ ਨੇ ਕਿਹਾ ਕਿ ਆਮ ਲੋਕ ਆਪ ਦੀ ਕਾਰਗੁਜਾਰੀ ਤੋਂ ਕਾਫ਼ੀ ਖੁਸ਼ ਹਨ। ਵਿਧਾਇਕ ਟੌਂਗ ਨੇ ਕਿਹਾ ਕਿ ਸਾਡੀ ਪਾਰਟੀ ਨੇ ਆਪਣੇ ਢਾਈ ਸਾਲ ਦੇ ਕਾਰਜਕਾਲ ਦੌਰਾਨ ਹੀ ਵੱਡੀਆਂ ਪੁਲਾਂਘਾਂ ਪੁੱਟੀਆਂ ਹਨ। ਇਸ ਮੌਕੇ ਕੈਬਨਿਟ ਮੰਤੀ ਲਾਲਜੀਤ ਸਿੰਘ ਪੁੱਲਰ, ਪੀ.ਏ. ਵਿਸ਼ਾਲ ਮੰਨਣ ਅਤੇ ਵਰੁਣ ਮੰਨਣ ਵੀ ਹਾਜ਼ਰ ਸਨ।

# ਬਰਮਿੰਘਮ ਸਿਟੀ ਕੌਂਸਲ ਲੀਡਰ ਨੇ ਸਾਕਾ ਨੀਲਾ ਤਾਰਾ ਵਿਚ ਬਰਤਾਨਵੀ ਸਰਕਾਰ ਦੀ ਭੂਮਿਕਾ ਦੀ ਜਾਂਚ ਦੀ ਕੀਤੀ ਮੰਗ

ਲੰਡਨ • ਆਵਾਜ਼ਿ ਕੌਮ ਬਿਊਰੋ


ਕੌਂਸਲਰ ਲੀਡਰ ਜੌਹਨ ਕੌਟਨ

ਜੂਨ 1984 ਵਿਚ ਭਾਰਤੀ ਸਰਕਾਰ ਦੇ ਆਦੇਸ਼ਾਂ 'ਤੇ ਭਾਰਤੀ ਫੌਜ ਵਲੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਅਨੇਕਾਂ ਹੋਰ ਗੁਰਦੁਆਰਾ ਸਾਹਿਬਾਨਾਂ 'ਤੇ ਹਮਲਾ ਕਰਨ ਦੇ ਮਾਮਲੇ 'ਚ ਬਰਤਾਨੀਆਂ ਸਰਕਾਰ ਦੀ ਭੂਮਿਕਾ ਲੰਮੇਂ ਸਮੇਂ ਤੋਂ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਲੇਬਰ ਸਰਕਾਰ ਨੇ ਬੀਤੇ ਕਈ ਵਰ੍ਹੇ ਵਿਰੋਧੀ ਧਿਰ ਵਿਚ ਹੁੰਦਿਆਂ ਇਸ ਮਾਮਲੇ ਦੀ ਤਹਿ ਤੱਕ ਜਾਣ ਲਈ ਜਾਂਚ ਦੀ ਮੰਗ ਕੀਤੀ ਸੀ, ਜਿਸਨੂੰ ਬਾਅਦ ਚੋਣ ਮਨੋਰਥ ਪੱਤਰ ਦਾ ਵੀ ਹਿੱਸਾ ਬਣਾਇਆ ਗਿਆ। ਲੇਕਨ ਹੁਣ ਲੇਬਰ ਪਾਰਟੀ ਦੀ ਸਰਕਾਰ ਬਣਿਆਂ ਕਈ ਮਹੀਨੇ ਬੀਤ ਗਏ ਹਨ, ਪਰ ਸਰਕਾਰ ਵਲੋਂ ਉਕਤ ਮਾਮਲੇ ਵੱਲ ਕੋਈ ਤਵੱਜੋ ਨਹੀਂ ਦਿੱਤੀ ਗਈ। ਸਰਕਾਰ ਦੀ ਇਸ ਚੁੱਪ 'ਤੇ ਸਿੱਖ ਭਾਈਚਾਰੇ ਵਲੋਂ ਸਵਾਲ ਉਠਾਏ ਜਾ ਰਹੇ ਹਨ। ਬਰਮਿੰਘਮ ਸਿਟੀ ਕੌਂਸਲ ਦੇ ਲੀਡਰ ਕੌਂਸਲਰ ਜੌਹਨ ਕੌਟਨ ਨੇ ਬਰਤਾਨੀਆਂ ਦੀ ਡਿਪਟੀ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਅੰਮ੍ਰਿਤਸਰ ਘੱਲੂਘਾਰੇ ਨੂੰ 40 ਸਾਲ ਬੀਤ ਗਏ ਹਨ, ਭਾਰਤੀ ਫੌਜ ਵਲੋਂ ਸਿੱਖਾਂ ਦੇ ਸਰਵ ਉੱਚ ਅਸਥਾਨ 'ਤੇ ਕੀਤੇ ਹਮਲੇ ਵਿਚ ਸੈਂਕੜੇ ਨਾਗਰਿਕ ਮਾਰੇ ਗਏ ਸਨ, ਸਿੱਖਾਂ ਦੀ ਇਤਿਹਾਸਕ ਇਮਾਰਤ ਨੂੰ ਢਹਿ ਢੇਰੀ ਕਰ ਦਿੱਤਾ ਗਿਆ ਸੀ ਤੇ ਇਤਿਹਾਸਕ ਲਿਖਤਾਂ ਤਬਾਹ ਕਰ ਦਿੱਤੀਆਂ ਸਨ। ਜੌਹਨ ਕੌਟਨ ਨੇ ਲਿਖਿਆ ਕਿ ਬਰਮਿੰਘਮ ਸ਼ਹਿਰ ਸਿੱਖਾਂ ਦਾ 65 ਸਾਲਾਂ ਤੋਂ ਵੱਧ ਸਮੇਂ ਤੋਂ ਘਰ ਹੈ, ਜਿਸ ਲਈ ਸਿੱਖਾਂ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਨੇ ਸਿੱਖਾਂ ਖਿਲਾਫ ਹਿੰਸਾ, ਤਸ਼ੱਦਦ, ਜਬਰਦਸਤੀ ਲਾਪਤਾ ਕਰਨ ਸਮੇਤ ਸਿੱਖ ਵਿਰੋਧੀ ਹਿੰਸਾ ਨੂੰ ਪ੍ਰੇਰਿਤ ਕੀਤਾ। 1984 ਤੋਂ 1995 ਤੱਕ ਭਾਰਤ ਵਿਚ ਵਾਪਰੀਆਂ ਘਟਨਾਵਾਂ ਨੂੰ ਲੈ ਕੇ ਇਨਸਾਫ ਨਾ ਮਿਲਣ ਕਾਰਨ ਸਿੱਖ ਭਾਈਚਾਰੇ ਵਿਚ ਭਾਰੀ ਰੋਸ ਹੈ। ਉਨ੍ਹਾਂ ਮੰਗ ਕੀਤੀ ਕਿ ਸਾਕਾ ਨੀਲਾ ਤਾਰਾ ਵਿਚ ਬਰਤਾਨੀਆਂ ਦੀ ਭੂਮਿਕਾ ਸਬੰਧੀ ਜਲਦੀ ਤੋਂ ਜਲਦੀ ਨਿਰਪੱਖ ਜਾਂਚ ਕਰਵਾਈ ਜਾਵੇ।

### ਕਥਾਵਾਚਕ ਸਿੰਘ ਸਾਹਿਬ ਗਿਆਨੀ ਗੁਰਪ੍ਰੀਤ ਸਿੰਘ ਦਰਦੀ ਹੋਏ

# ਪੰਥਕ ਕਵੀ ਅੰਮ੍ਰਿਤਪਾਲ ਸਿਘ ਪਨੂੰ ਗੁਰਮਤਿ ਅਵਾਰਡ ਨਾਲ ਸਨਮਾਨਿਤ







**ਜੰਡਿਆਲਾ ਗੁਰੂ, 2 ਦਸੰਬਰ (ਕੁਲਵੰਤ ਸਿੰਘ ਵਿਰਦੀ)**- ਪਾਰਲੀਮੈਂਟਰੀ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖੱਬੇ ਰਾਜਪੂਤਾਂ ਵਿਖੇ ਨੌਜਵਾਨ ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਦੀ ਯਾਦ ਵਿੱਚ ਪਹਿਲਾ ਗੁਰਮਤਿ ਅਵਾਰਡ ਸਮਾਗਮ ਕਰਵਾਇਆ ਗਿਆ, ਜਿਸ ਤਹਿਤ ਕਥਾਵਾਚਕ ਸਿੰਘ ਸਾਹਿਬ ਗਿਆਨੀ ਗੁਰਪ੍ਰੀਤ ਸਿੰਘ ਦਰਦੀ ਜੀ ਨੂੰ ਪਹਿਲੇ ਅੰਮ੍ਰਿਤਪਾਲ ਸਿੰਘ ਪਨੂੰ ਯਾਦਗਾਰੀ ਗੁਰਮਤਿ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 349ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਸ ਸਮਾਗਮ ਤਹਿਤ ਭਾਈ ਰਵੀਦਾਸ ਸਿੰਘ ਜੀ ਭੋਮੇ ਵਾਲਿਆਂ ਨੇ ਮੌਜੂਦ ਸੰਗਤਾਂ ਨੂੰ ਕੀਰਤਨ ਦੇ ਨਾਲ ਜੋੜਿਆ, ਉਪਰੰਤ ਵਿਸ਼ੇਸ਼ ਕਵੀ ਦਰਬਾਰ ਵਿੱਚ ਉੱਘੇ ਪੰਥਕ ਕਵੀ ਬੀਬੀ ਮਨਜੀਤ ਕੌਰ (ਪਹੂਵਿੰਡ), ਸ. ਸ਼ੁਕਰਗੁਜ਼ਾਰ ਸਿੰਘ ਐਡਵੋਕੇਟ (ਜੰਡਿਆਲਾ ਗੁਰੂ), ਬੀਬੀ ਰੁਪਿੰਦਰ ਕੌਰ ਖਾਲਸਾ ਨੇ ਹਾਜ਼ਰੀਆਂ ਭਰੀਆਂ। ਸਮਾਗਮ ਦੌਰਾਨ ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਯਾਦਗਾਰੀ ਲਾਇਬ੍ਰੇਰੀ ਪਿੰਡ ਦੇ ਸਰਪੰਚ ਪਰਮਜੀਤ ਕੌਰ, ਸੁਰਜੀਤ ਸਿੰਘ(ਮੇਜਰ), ਮੁਲਾਜ਼ਮ ਆਗੂ ਅਜੀਤਪਾਲ ਸਿੰਘ, ਡਾ. ਸਰਦੂਲ ਸਿੰਘ, ਜਸਬੀਰ ਸਿੰਘ ਇਂਚਾਰਜ ਗੁਰਦੁਆਰਾ ਪਾਤ: ਨੌਵੀਂ ਬਾਬਾ ਬਕਾਲਾ ਸਾਹਿਬ, ਸ਼ਿੰਗਾਰਾ ਸਿੰਘ ਬੱਲ, ਚੇਅਰਮੈਨ ਲਖਵਿੰਦਰ ਸਿੰਘ ਸੋਨਾ, ਮਦਨ ਸਿੰਘ, ਮਾਸਟਰ ਕੈਲਾਸ਼ ਸਿੰਘ, ਲਵਪ੍ਰੀਤ ਸਿੰਘ, ਬਾਬਾ ਹਰਭਜਨ ਸਿੰਘ- ਬੀਬੀ ਜੋਗਿੰਦਰ ਕੌਰ-ਬੀਬੀ ਅਰਸ਼ਪ੍ਰੀਤ ਕੌਰ (ਅੰਮ੍ਰਿਤਪਾਲ ਸਿੰਘ ਪਨੂੰ ਦੇ ਪਿਤਾ- ਮਾਤਾ-ਪਤਨੀ), ਹਰਜੀਤ ਸਿੰਘ ਮੈਂਬਰ ਪੰਚਾਇਤ, ਮਾਸਟਰ ਅਮਰਜੀਤ ਸਿੰਘ, ਥਾਣੇਦਾਰ ਕੁਲਵੰਤ ਸਿੰਘ, ਸ਼ਿੰਗਾਰਾ ਸਿੰਘ, ਪੰਜਾਬ ਸਿੰਘ, ਮੈਂਬਰ ਕੇਵਲ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਕੇਵਲ ਸਿੰਘ, ਬਾਬਾ ਅਜੀਤ ਸਿੰਘ, ਪ੍ਰਧਾਨ ਪੂਰਨ ਸਿੰਘ, ਬਲਜੀਤ ਸਿੰਘ ਸੈਦੋਕੇ, ਪ੍ਰਧਾਨ ਬਲਜੀਤ ਸਿੰਘ, ਬਾਬਾ ਕੁਲਵੰਤ, ਪੱਤਰਕਾਰ ਜਗਦੀਸ਼ ਸਿੰਘ ਬਮਰਾਹ ਤੇ ਇਸਤਰੀ ਸਤਿਸੰਗ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਲੋਕ ਅਰਪਿਤ ਕੀਤੀ ਗਈ। ਅਖੀਰ ਵਿੱਚ ਬਾਬਾ ਹਰਭਜਨ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਯਾਦਗਾਰੀ ਲਾਇਬ੍ਰੇਰੀ ਹੋਈ ਲੋਕ ਅਰਪਿਤ

# ਸੇਂਟ ਸੋਲਜਰ ਸਕੂਲ ਵਿਖੇ ਪਲੇਪੇਨ ਦੇ ਨੰਨੇ ਮੁੰਨੇ ਬੱਚਿਆਂ ਤੋਂ ਲੈਕੇ ਚੌਥੀ ਕਲਾਸ ਦੇ ਵਿਦਿਆਰਥੀਆਂ ਦੀਆਂ ਖੇਡਾਂ ਕਰਵਾਈਆਂ ਗਈਆਂ

## ਵਿਦਿਆਰਥੀ ਆਪਣੇ ਵਿਕਾਸ ਲਈ ਖੇਡਾਂ ਨੂੰ ਜ਼ਰੂਰ ਹਿੱਸਾ ਬਣਾਉਣ ਡਾ: ਮੰਗਲ ਸਿੰਘ ਕਿਸ਼ਨਪੁਰੀ





ਜੰਡਿਆਲਾ ਗੁਰੂ 2 ਦਸੰਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਪਲੇਪੇਨ ਤੋਂ ਲੈ ਕੇ 4ਵੀਂ ਜਮਾਤ ਤੱਕ ਦੀ ਸਾਲਾਨਾ 27 ਸਪੋਰਟਸ ਮੀਟ ਅੱਜ ਬੜੇ ਉਤਸ਼ਾਹ ਨਾਲ ਕਰਵਾਈ ਗਈ।ਸਕੂਲ ਦਾ ਖੇਡ ਮੈਦਾਨ ਉਤਸ਼ਾਹ ਅਤੇ ਊਰਜਾ ਨਾਲ ਭਰਿਆ ਹੋਇਆ ਸੀ ਕਿਉਂਕਿ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਦੌੜਾਂ ਅਤੇ ਖੇਡਾਂ ਵਿੱਚ ਹਿੱਸਾ ਲਿਆ ਜੋ ਉਨ੍ਹਾਂ ਦੀ ਸਰੀਰਕ ਤੰਦਰੁਸਤੀ ਅਤੇ ਖੇਡਾਂ ਦਾ ਪ੍ਰਦਰਸ਼ਨ ਕਰਦੇ ਸਨ।ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ ਅਮਰਪ੍ਰੀਤ ਕੌਰ ਦੇ ਨਿੱਘਾ ਸੁਆਗਤ ਨਾਲ ਹੋਈ, ਜਿਨ੍ਹਾਂ ਨੇ ਨੌਜਵਾਨ ਸਿਖਿਆਰਥੀਆਂ ਵਿੱਚ ਟੀਮ ਵਰਕ, ਅਨੁਸ਼ਾਸਨ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਖੇਡਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਡਾਇਰੈਕਟਰ - ਡਾ. ਮੰਗਲ ਸਿੰਘ ਕਿਸਨਪੁਰੀ ਜੀ ਨੇ ਆਪਣੀ ਹਾਜ਼ਰੀ ਨਾਲ ਇਸ ਮੌਕੇ ਨੂੰ ਨਿਹਾਲ ਕੀਤਾ ਅਤੇ ਵਿਦਿਆਰਥੀਆਂ ਨੂੰ ਖੇਡਾਂ ਨੂੰ ਆਪਣੇ ਵਿਕਾਸ ਲਈ ਜ਼ਰੂਰੀ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਬਨੀ ਰੇਸ ਨੇ ਸ਼ੋਅ ਨੂੰ ਚੁਰਾ ਲਿਆ ਕਿਉਂਕਿ ਛੋਟੇ ਬੱਚਿਆਂ ਨੇ ਹਰ ਕਿਸੇ ਦੇ ਚਿਹਰਿਆਂ 'ਤੇ ਮੁਸਕਰਾਹਟ ਫੈਲਾਉਂਦੇ ਹੋਏ, ਫਾਈਨਲ ਲਾਈਨ ਤੱਕ ਪਹੁੰਚ ਕੀਤੀ। ਸਿੱਕਾ ਰੇਸ ਵਿੱਚ, ਵਿਦਿਆਰਥੀਆਂ ਨੂੰ ਟੋਕਰੀਆਂ ਵਿੱਚ ਛੁਪੇ ਸਿੱਕੇ ਲੱਭਣੇ ਪੈਂਦੇ ਸਨ ਅਤੇ ਫਿਰ ਅੰਤਮ ਲਾਈਨ ਵੱਲ ਦੌੜਦੇ ਸਨ, ਮਜ਼ੇਦਾਰ ਅਤੇ ਚੁਣੌਤੀ ਦਾ ਇੱਕ ਤੱਤ ਜੋੜਦੇ ਹੋਏ। ਦਿਨ ਦੀ ਖਾਸ ਗੱਲ ਹਰਡਲ ਗੇਮਜ਼ ਸੀ, ਜਿੱਥੇ ਵਿਦਿਆਰਥੀਆਂ ਨੇ ਰੁਕਾਵਟਾਂ ਨੂੰ ਪਾਰ ਕਰਦੇ ਹੋਏ ਆਪਣੇ ਤਾਲਮੇਲ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕੀਤਾ।ਗੋਰਿਲਾ ਰੇਸ ਨੇ ਹਾਸੇ ਦੀਆਂ ਲਹਿਰਾਂ ਲਿਆਂਦੀਆਂ ਕਿਉਂਕਿ ਵਿਦਿਆਰਥੀਆਂ ਨੇ ਰੇਸਿੰਗ ਦੌਰਾਨ ਗੋਰਿਲਾ ਦੀ ਚਾਲ ਦੀ ਨਕਲ ਕੀਤੀ, ਆਪਣੀ ਰਚਨਾਤਮਕਤਾ ਅਤੇ ਉਤਸ਼ਾਹ ਨਾਲ ਦਰਸ਼ਕਾਂ ਦਾ ਮਨੋਰੰਜਨ ਕੀਤਾ। ਆਕਟੋਪਸ ਰੇਸ ਨੇ ਆਪਣੇ ਵਿਲੱਖਣ ਮੋੜਾਂ ਅਤੇ ਮੋੜਾਂ ਨਾਲ ਬੱਚਿਆਂ ਨੂੰ ਸੰਤੁਲਨ ਬਣਾਉਣ ਲਈ ਚੁਣੌਤੀ ਦਿੱਤੀ। ਦਰਸ਼ਕਾਂ ਨੂੰ ਉਹਨਾਂ ਦੀਆਂ ਸੀਟਾਂ ਦੇ ਕਿਨਾਰੇ 'ਤੇ ਰੱਖਦੇ ਹੋਏ ਨੈਵੀਗੇਟ ਕਰੋ, ਅਤੇ ਸਪ੍ਰਿੰਟ ਕਰੋ ਡੇਜ਼ੀ ਹਾਊਸ, ਲੋਟਸ ਹਾਊਸ, ਪੈਨਸੀ ਹਾਊਸ, ਲਿਲੀ ਹਾਊਸ ਅਤੇ ਰੋਜ਼ ਹਾਊਸ ਦੇ ਨਾਲ ਅਧਿਆਪਕਾਂ ਨੇ ਉੱਚੀ-ਉੱਚੀ ਤਾੜੀਆਂ ਮਾਰੀਆਂ, ਉਭਰਦੇ ਐਥਲੀਟਾਂ ਨੂੰ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਮੁਕਾਬਲੇ ਦੀ ਖੁਸ਼ੀ ਅਤੇ ਭਾਵਨਾ ਹਰ ਪ੍ਰਤੀਯੋਗੀ ਵਿੱਚ ਸਪੱਸ਼ਟ ਸੀ। ਜੇਤੂਆਂ ਨੂੰ ਉਨ੍ਹਾਂ ਦੇ ਯਤਨਾਂ ਅਤੇ ਪ੍ਰਾਪਤੀਆਂ ਨੂੰ ਮਾਨਤਾ ਦਿੰਦੇ ਹੋਏ ਮੈਡਲ ਅਤੇ ਸਰਟੀਫਿਕੇਟ ਦਿੱਤੇ ਗਏ।ਸਮਾਗਮ ਦੀ ਸਮਾਪਤੀ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਦੇ ਧੰਨਵਾਦ ਦੇ ਮਤੇ ਨਾਲ ਹੋਈ ਅਤੇ ਸਮਾਗਮ ਨੂੰ ਸ਼ਾਨਦਾਰ ਢੰਗ ਨਾਲ ਸਫਲ ਬਣਾਉਣ ਲਈ ਸਟਾਫ਼, ਡੀਪੀਜ਼ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ। ਆਪੋ-ਆਪਣੇ ਬਲਾਕਾਂ ਦੇ ਕੋਆਰਡੀਨੇਟਰ ਸ਼੍ਰੀਮਤੀ ਸ਼ਿਲਪਾ ਸ਼ਰਮਾ, ਸ਼੍ਰੀਮਤੀ ਨੀਲਕਸ਼ੀ ਅਤੇ ਸ਼੍ਰੀਮਤੀ। ਪ੍ਰਿਅੰਕਾ ਨੇ ਵਿਦਿਆਰਥੀਆਂ ਦੀ ਖੇਡ ਭਾਵਨਾ ਦੀ ਸ਼ਲਾਘਾ ਕੀਤੀ।ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਦੀ ਮੌਜੂਦਗੀ ਨੇ ਇਸ ਸਮਾਗਮ ਨੂੰ ਬਹੁਤ ਮਹੱਤਵ ਦਿੱਤਾ, ਜਿਸ ਨੇ ਵਿਦਿਆਰਥੀਆਂ ਨੂੰ ਉੱਚੇ ਟੀਚੇ ਲਈ ਪ੍ਰੇਰਿਆ ਅਤੇ ਵਿਦਿਆਰਥੀਆਂ ਵਿੱਚ ਇੱਕ ਸ਼ਕਤੀ ਭਰਪੂਰ ਊਰਜਾ ਪੈਦਾ ਕੀਤੀ। ਹਰ ਬੱਚੇ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ, ਸਿੱਖਿਆ ਦੇ ਇੱਕ ਅਹਿਮ ਹਿੱਸੇ ਵਜੋਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਤ ਜਾਗ੍ਰਿਤੀ ਸਭਾ ਬਠਿੰਡਾ ਦੀ ਮਹੀਨਾਵਾਰ ਇਕੱਤਰਤਾ ਵਿਚ ਹੋਈਆਂ, ਸਾਹਿਤਕ ਅਤੇ ਜਥੇਬੰਦਕ ਵਿਚਾਰਾਂ



**ਬਠਿੰਡਾ, 02 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਪਿਛਲੇ ਦਿਨੀਂ ਸਾਹਿਤ ਜਾਗ੍ਰਿਤੀ ਸਭਾ ਬਠਿੰਡਾ ਦੀ ਮਹੀਨਾਵਾਰ ਇਕੱਤਰਤਾ ਟੀਚਰਜ ਹੋਮ ਬਠਿੰਡਾ ਵਿਖੇ ਸਭਾ ਦੇ ਪ੍ਰਧਾਨ ਅਮਰਜੀਤ ਸਿੰਘ ਜੀਤ ਦੀ ਪ੍ਰਧਾਨਗੀ 'ਚ ਹੋਈ। ਸਭਾ ਦਾ ਸਲਾਨਾ ਸਾਹਿਤਕ ਸਮਾਗਮ ਕਰਾਉਣ ਬਾਰੇ ਅਤੇ ਹੋਰ ਜਥੇਬੰਦਕ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਜਲਦ ਹੀ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਕਰਵਾਏ ਜਾਣ ਲਈ ਅਮਲ ਤੇਜ ਕਰਨ ਦਾ ਫ਼ੈਸਲਾ ਲਿਆ ਗਿਆ। ਇਸ ਮੌਕੇ ਸਭਾ ਦੇ ਸਰਪ੍ਰਸਤ ਜਸਪਾਲ ਜੱਸੀ ਨੇ ਅਹਿਮ ਨੁਕਤਾ ਸਾਂਝਿਆਂ ਕਰਦੇ ਹੋਏ ਕਿਹਾ ਕਿ ਬੇਸ਼ੱਕ ਸ਼ੋਸ਼ਲ ਮੀਡੀਆ ਦਾ ਰੋਲ ਸਾਹਿਤਕ ਖੇਤਰ ਵਿਚ ਗੌਲਣਯੋਗ ਹੈ ਪਰ ਮਿਆਰੀ ਸਾਹਿਤ ਸਿਰਜਣਾ ਲਈ ਪੁਸਤਕ ਸਭਿਆਚਾਰ ਨਾਲ ਜੁੜਨਾ ਸਾਹਿਤਕਾਰਾਂ ਲਈ ਅਤੀਅੰਤ ਜ਼ਰੂਰੀ ਹੈ। ਕਵੀਆਂ ਨੇ ਆਪੋ ਆਪਣੀਆਂ ਰਚਨਾਵਾਂ ਦਾ ਪਾਠ ਕੀਤਾ। ਇਕੱਤਰਤਾ ਵਿਚ ਸਭਾ ਦੇ ਵਿੱਤ ਸਕੱਤਰ ਮਨਜੀਤ ਸਿੰਘ ਜੀਤ, ਰਾਜਬੀਰ ਕੌਰ, ਦਲਜੀਤ ਬੰਗੀ, ਜਗਦੀਸ਼ ਰਾਏ ਬਾਂਸਲ, ਇਕਬਾਲ ਸਿੰਘ ਪੀ. ਟੀ, ਗੁਰਸੇਵਕ ਸਿੰਘ ਚੁੱਘੇਖੁਰਦ, ਹਰਦਰਸ਼ਨ ਸਿੰਘ ਸੋਹਲ, ਲਾਲ ਚੰਦ ਸਿੰਘ, ਜਗਤਾਰ ਅਣਜਾਣ ਅਤੇ ਪ੍ਰੀਤ ਕੈਂਥ ਹੁਰਾਂ ਸ਼ਿਰਕਤ ਕੀਤੀ। ਅੰਤ ਵਿਚ ਸਭਾ ਦੇ ਜਨਰਲ ਸਕੱਤਰ ਐਡਵੋਕੇਟ ਗੁਰਵਿੰਦਰ ਸਿੰਘ ਨੇ ਸ਼ਿਰਕਤ ਕਰਨ ਲਈ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯਾਦਗਾਰੀ ਹੋ ਨਿਬੜਿਆ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ

# 17ਵੀਂ ਸਲਾਨਾ ਬਰਸੀ ਸਮਾਗਮ







**ਫ਼ਿਰੋਜ਼ਪੁਰ, 2 ਦਸੰਬਰ (ਮਨੋਹਰ ਲਾਲ) :—** ਯਾਦਗਾਰੀ ਹੋ ਨਿਬੜਿਆ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਬਰਸੀ ਸਮਾਗਮ ਜ਼ੋ ਕਿ ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿੱਲ ਬੀ 19 ਏ.ਏਬਰਮਿੰਘਮ ਯੂ.ਕੇ ਵਿਖੇ ਜ਼ੋ ਕਿ 25 ਨਵੰਬਰ ਤੋਂ ਇਕ ਦਸੰਬਰ ਤੱਕ ਹੋਇਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਤਿੰਨ ਲੜੀਆਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੀਆਂ ਚਲੀਆਂ ਜ਼ੋ ਕਿ 25 ਨਵੰਬਰ ਤੋਂ 27 ਨਵੰਬਰ ਤੱਕ ਪਹਿਲੀ ਪਾਠਾਂ ਦੀ ਲੜੀ ਦੇ ਭੋਗ ਪਾਏ, ਦੂਸਰੀ ਲੜੀ ਸ੍ਰੀ ਆਖੰਡ ਪਾਠ ਸਾਹਿਬ ਜੀ 27 ਨਵੰਬਰ ਤੋਂ ਆਰੰਭ ਹੋਏ ਅਤੇ 29 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ, ਇਸੇ ਤਰ੍ਹਾਂ ਤੀਸਰੀ ਲੜੀ 29 ਨਵੰਬਰ ਨੂੰ ਆਰੰਭ ਹੋਈ ਜ਼ੋ ਕਿ ਇਕ ਦਸੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ 7 ਦਿਨ ਹੀ ਸੰਤਾਂ ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ, ਬਾਬਾ ਮਨਜੀਤ ਸਿੰਘ ਅਲੀਪੁਰ ਵਾਲੇ, ਭਾਈ ਜਸ਼ਨਪ੍ਰੀਤ ਸਿੰਘ, ਭਾਈ ਨਿਰਮਲ ਸਿੰਘ ਰਬਾਬੀ, ਮੁਖਤਿਆਰ ਸਿੰਘ ਢਾਡੀ ਜਥਾ ਮਖੂ, ਮੋਹਨ ਸਿੰਘ ਖਿਆਲੀ, ਜਗਦੇਵ ਸਿੰਘ ਗਗਰੀ, ਹਰਪਾਲ ਸਿੰਘ ਵਾਦੀਆ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਨ੍ਹਾਂ ਦਾ ਸਨਮਾਨ ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿਲ ਬੀ 19 ਏ.ਏ ਬਰਮਿੰਘਮ ਯੂ.ਕੇ ਦੀ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ। ਇਸ ਮੌਕੇ ਤੇ ਦੇਸ਼—ਵਿਦੇਸ਼ਾਂ ਤੋਂ ਵੀ ਸੰਗਤਾਂ ਭਾਰੀ ਗਿਣਤੀ ਵਿਚ ਪਹੁੰਚ ਕੇ ਹਾਜ਼ਰੀ ਲੁਆਈ। ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿਲ ਬੀ ਏ.ਏ ਬਰਮਿੰਘਮ ਯੂ.ਕੇ ਦੀ ਪ੍ਰਬੰਧਕ ਕਮੇਟੀ ਨੇ ਸਮੂਹ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ, ਜਿਸ ਵਿਚ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਗਿੰਦਰ ਸਿੰਘ ਧੰਜਲ ਅਤੇ ਗੁਰਮੀਤ ਸਿੰਘ ਸੈਂਭੀ, ਬਲਕਾਰ ਸਿੰਘ ਗੋਪੀ, ਅਮਰੀਕ ਸਿੰਘ ਮੀਤਾ ਅਤੇ ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੰਡੂ, ਰਛਪਾਲ ਸਿੰਘ, ਹਰਪਾਲ ਸਿੰਘ, ਅਮਤੋਜ਼ ਸਿੰਘ ਸੱਗੂ ਨੇ ਵੀ ਕਥਾ ਕੀਰਤਨ ਰਾਹੀਂ 25 ਤੋਂ ਇਕ ਦਸੰਬਰ ਤੱਕ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਦਿਨ—ਰਾਤ ਸੰਗਤਾਂ ਦੀ ਹੱਥੀਂ ਸੇਵਾ ਕੀਤੀ ਅਤੇ ਸੰਤਾਂ ਮਹਾਂਪੁਰਸ਼ਾਂ ਨੂੰ ਜੀ ਆਇਆ ਆਖਿਆ ਅਤੇ ਸੰਤਾਂ ਮਹਾਂਪੁਰਸ਼ਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਬਹੁਤ ਹੀ ਵਧੀਆ—ਵਧੀਆ ਪਕਵਾਨ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜਿਸ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਗਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਨੇ 7 ਦਿਨ ਤੱਕ ਦਿਨ—ਰਾਤ ਲੰਗਰਾਂ ਵਿਚ ਸੇਵਾ ਕੀਤੀ। ਸਟੇਜ਼ ਦੀ ਸੇਵਾ ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

**ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿਲ ਬਰਮਿੰਘਮ ਇੰਗਲੈਂਡ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਵਿਸ਼ੇਸ਼ ਤੌਰ 'ਤੇ ਪਹੁੰਚੇ—ਸੰਗਤਾਂ ਦਾ ਆਇਆ ਹੜ੍ਹ**

### ਸਿੱਖ ਬੀਬੀਆਂ ਦੀ ਸ਼ਹਾਦਤਾਂ ਨੂੰ ਸਮਰਪਿਤ ਕਿਤਾਬ

# 'ਕੌਰਨਾਮਾ' ਦੀ ਨਵੀਂ ਛਾਪ ਗੁਰਦੁਆਰਾ ਸ੍ਰੀ ਪੰਜਾ ਸਾਹਿਬ



**ਨਵੀਂ ਦਿੱਲੀ, 2 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਲਹਿੰਦੇ ਪੰਜਾਬ ਦੀ ਇਤਿਹਾਸਕ ਨਗਰੀ ਸ਼ਹਿਰ ਹਸਨ ਅਬਦਾਲ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਕਿਤਾਬ "ਕੌਰਨਾਮਾ" ਦੀ ਨਵੀਂ ਛਾਪ ਵਿਦੇਸ਼ੀ ਸਿੱਖ ਸੰਗਤ ਵਲੋਂ ਜਾਰੀ ਕੀਤੀ ਗਈ। ਬੁਲਾਰਿਆਂ ਨੇ ਨਵੇਂ ਐਡੀਸ਼ਨ 'ਚ ਕਿਤਾਬ ਵਿਚਲੀਆਂ ਸੋਧਾਂ ਤੇ ਵਾਧਿਆਂ ਬਾਰੇ ਜਾਣਕਾਰੀ ਦਿੱਤੀ। ਪਿਛਲੇ ਲੰਮੇ ਸਮੇਂ ਤੋਂ ਸਰਗਰਮ ਪੰਥਕ ਆਗੂ ਭਾਈ ਗੁਰਦਿਆਲ ਸਿੰਘ ਉਰਫ਼ ਲਾਲੀ ਸੁਖ ਜਰਮਨ ਨੇ ਕਿਹਾ ਕਿ ਘਟਨਾਵਾਂ ਦੀ ਖ਼ੋਜ ਤੇ ਲਿਖਣ ਕਾਰਜ ਲਈ ਸੀਨੀਅਰ ਪੱਤਰਕਾਰ ਤੇ ਲੇਖਕ ਬਲਜਿੰਦਰ ਸਿੰਘ ਕੋਟਭਾਰਾ ਵੱਲੋਂ ਭਾਈ ਦਲਜੀਤ ਸਿੰਘ ਬਿੱਟੂ ਦੀ ਰਹਿਨਮਾਈ ਤੇ ਭਾਈ ਗੁਰਮੀਤ ਸਿੰਘ ਖਨਿਆਣ ਵਲੋਂ ਲਗਾਤਾਰ ਕੀਤੇ ਜਾ ਰਹੇ ਯਤਨਾਂ ਦੀ ਸ਼ਮੂਲੀਅਤ ਇਸ ਨੂੰ ਹੋਰ ਵਿਸ਼ਾਲਤਾ ਪ੍ਰਦਾਨ ਕਰੇਗੀ। ਉਹਨਾਂ ਕਿਹਾ ਕਿ ਮੈਂ ਤੇ ਸਿੱਖ ਸੰਗਤਾਂ ਭਵਿੱਖ ਵਿਚ ਅਜਿਹੇ ਇਤਿਹਾਸਕ ਕਾਰਜ ਜਾਰੀ ਰਹਿਣ ਲਈ ਆਸਮੰਦ ਹਾਂ। ਉਹਨਾਂ ਕਿਹਾ ਕਿ ਵੀਹਵੀਂ ਸਦੀ ਦਾ ਸਿੱਖ ਹਥਿਆਰਬੰਦ ਸੰਘਰਸ਼ ਸਿੱਖ ਇਤਿਹਾਸ 'ਚ ਇਕ ਅਮਿੱਟ ਤੇ ਸੁਨਹਿਰੀ ਛਾਪ ਛੱਡ ਗਿਆ, ਜਿਸ ਨੂੰ ਪਿਛਲੇ ਘੱਲੂਘਾਰਿਆਂ ਵਾਂਗ ਮਨਫੀ ਨਹੀਂ ਕੀਤਾ ਜਾ ਸਕਦਾ, ਇਹ ਸਮਾਂ ਪਿਛਲੀਆਂ ਸਦੀਆਂ ਦੀਆਂ ਕੁਰਬਾਨੀਆਂ, ਜੁਝਾਰੂ ਜਜਬਾ, ਬੰਦ ਬੰਦ ਕਟਵਾ ਕੇ ਵੀ ਗੁਪਤ ਭੇਤ ਨਸ਼ਰ ਨਾ ਕਰਨੇ, ਤਸੀਹਿਆਂ ਨੂੰ ਖਿੜੇ ਮੱਥੇ ਝੱਲਣਾ ਆਦਿ ਸਾਰਾ ਕੁਝ ਦੁਹਰਾਅ ਗਿਆ। ਇਸ ਸਮਾਗਮ ਵਿਚ ਜਰਮਨ, ਬੈਲਜੀਅਮ, ਇੰਗਲੈਂਡ ਤੇ ਅਮਰੀਕਾ ਤੋਂ ਆਈ ਸੰਗਤ ਨੇ ਹਿੱਸਾ ਲਿਆ। ਸ਼ਹੀਦ ਪਰਿਵਾਰਾਂ 'ਚੋਂ ਤੇ ਜਰਮਨ ਤੋਂ ਸਿੱਖ ਫੈਡਰੇਸ਼ਨ ਦੇ ਆਗੂ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਪ੍ਰਿਥੀਪਾਲ ਸਿੰਘ ਬੈਲਜੀਅਮ, ਭਾਈ ਮੱਖਣ ਸਿੰਘ ਅਮਰੀਕਾ, ਭਾਈ ਬਘੇਲ ਸਿੰਘ ਇੰਗਲੈਂਡ, ਸੁਖਦੇਵ ਸਿੰਘ ਹੇਰਾਂ, ਭਾਈ ਅਮਰਜੀਤ ਸਿੰਘ ਮੰਗੂਪੁਰ, ਭਾਈ ਹਰੀ ਸਿੰਘ ਖੱਟਰ, ਭਾਈ ਮੱਖਣ ਸਿੰਘ ਯੂ.ਐਸ.ਏ., ਭਾਈ ਅਵਤਾਰ ਸਿੰਘ ਪੱਡਾ ਤੇ ਹੋਰ ਸਿੱਖ ਆਗੂ ਵੀ ਮੌਜੂਦ ਸਨ।

# ਜਿਉਂ—ਜਿਉਂ ਦਵਾ ਕੀ ਮਰਜ ਬੜਤੀ ਗਈ, ਨਸ਼ਾ ਕੇਂਦਰ ਨਸ਼ਾ ਛੁਡਾਉ ਨਹੀਂ ਲਵਾਓ ਬਣ ਕੇ ਰਹਿ ਗਏ—ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 2 ਦਸੰਬਰ (ਮਨੋਹਰ ਲਾਲ) :—** ਅੱਜ ਅਸੀਂ ਦੇਖ ਰਹੇ ਹਾਂ ਜ਼ਿੰਦਗੀ ਦੇ ਹਰ ਦਾਇਰੇ ਵਿਚ ਚਾਹੇ ਸਿਹਤ, ਸਿੱਖਿਆ ਨਾਲ ਸਬੰਧਤ ਹੈ, ਚਾਹੇ ਕਾਨੂੰਨ ਵਿਵਸਥਾ ਦਾ ਜਾਂ ਫਿਰ ਇਹ ਕਰ ਲਵੋ, ਰਾਜਨੀਤੀ ਵਿਵਸਥਾ ਜਾਂ ਫਿਰ ਕਾਨੂੰਨਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਨੱਥ ਪਾਉਣ ਦੀ ਸਾਰੇ ਦਾਇਰਿਆਂ ਦਾ ਇਕੋ—ਇਕ ਮਨਸ਼ਾ ਹੈ, ਜਨਤਾ ਜਨਾਰਧਨ ਨੂੰ ਸਰੀਰਕ, ਮਾਨਸਿਕ, ਸਮਾਜਿਕ, ਤੰਦਰੁਸਤੀ, ਖੁਸ਼ੀ ਤੇ ਵਧੀਆ ਸਮਾਜ ਦੀ ਸਿਰਜਨਾ ਕਰਕੇ ਹਰ ਬਸਰ ਚਾਹੇ ਉਹ ਬੱਚਾ ਨੌਜਵਾਨ, ਬੁੱਢਾ, ਗਰੀਬ, ਅਮੀਰ ਕਿਸੇ ਵੀ ਵਰਗ, ਦਾਇਰੇ, ਧਰਮ, ਜਾਤ, ਪਾਤ ਇਲਕੇ ਦੀ ਭਾਗੀਦਾਰੀ ਕਰਦਾ ਹੋਵੇ, ਭਾਵ ਰੋਟੀ, ਕਪੜਾ, ਮਕਾਨ ਜਿਉਣ ਜੀਵਨ ਲਈ ਉਹ ਸੁਵਿਧਾਵਾਂ ਜਿਹੜੀਆਂ ਮੁਢਲੀਆਂ ਲੋੜਾਂ ਵਿਚ ਆਉਂਦੀਆਂ ਹਨ, ਭਾਵ ਹਰ ਸਹੂਲਤ ਉਸ ਨੂੰ ਮਿਲਣਾ ਜਾਂ ਦੇਣਾ ਸਰਕਾਰ ਦਾ ਮੁੱਖ ਮੰਤਵ ਹੈ। ਇਨ੍ਹਾਂ ਵਿਚਾਰਾਂ ਨੂੰ ਧਿਆਨ ਵਿਚ ਰਖਦੇ ਹੋਏ ਸ੍ਰੀ ਪੀ.ਸੀ ਕੁਮਾਰ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਭਾਰਤ ਦਾ ਵਫਾਦਾਰ ਨਾਗਰਿਕ, ਜਨਤਾ ਦਾ ਸੇਵਕ, ਸੀਨੀਅਰ ਸਿਟੀਜਨ, ਉੱਘੇ ਸਮੂਹ ਸਮਾਜ ਸੇਵੀ ਸੰਸਥਾਵਾਂ ਦਾ ਨੌਕਰੀ ਤੇ ਨੌਕਰੀ ਮਗਰੋਂ ਕਾਰਜਰਤਾ ਆਪਣੇ ਸਾਥੀਆਂ, ਉੱਚ ਅਧਿਕਾਰੀਆਂ ਤੇ ਹਰ ਮਹਿਕਮੇ ਦੇ ਦੇ ਜਨਤਾ ਦਾ ਭਲਾ ਮੇਲ ਨਾਲ ਰੋਜਾਨਾ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ, ਧਾਰਮਿਕ, ਸਮਾਜਿਕ, ਰਾਜਨੀਤਕ ਕਾਰਜ ਕਰਤਾ ਨਾਲ ਤਾਲਮੇਲ ਕਰਕੇ ਨਗਰ ਕੌਂਸਲ ਦੇ ਵਾਇਸ ਪ੍ਰਧਾਨ ਹੁੰਦੇ ਹੋਏ ਰੋਜ਼ਾਨਾ 50 ਸਾਲ ਸੈਂਕੜਿਆਂ ਦੀ ਗਿਣਤੀ ਵਿਚ ਇਕੱਠਾਂ, ਬੱਚਿਆਂ, ਟੀਚਰਾਂ, ਮਾਪਿਆਂ, ਪਿੰਡਾਂ ਤੇ ਸ਼ਹਿਰਾਂ, ਪਛੜਿਆਂ ਇਲਾਕਿਆਂ ਵਿਚ ਸਿਹਤ ਤੇ ਸਿੱਖਿਆ ਦੀਆਂ ਸਹੂਲਤਾਂ ਜ਼ੋ ਸਰਕਾਰਾਂ ਵੱਲੋਂ ਸਮੇਂ—ਸਮੇਂ ਸਿਰ ਦਿੱਤੀਆਂ ਜਾ ਰਹੀਆਂ ਹਨ, ਦੇਣੀਆਂ ਬਣਦੀਆਂ ਹਨ, ਸਾਂਝੀ ਕਰਦਿਆਂ ਇਸ ਨਤੀਜੇ ਤੇ ਜਨਤਾ ਦੇ ਜਨਤਾ ਲਈ ਤੇ ਜਨਤਾ ਦੁਆਰਾ ਚਲਾਏ ਜਾ ਰਹੇ ਪ੍ਰੋਗਰਾਮ ਆਮ ਤੌਰ ਤੇ ਸਰਕਾਰ ਬਨਕੇ ਰਹਿ ਗਏ, ਰਹ ਰਹੇ ਹਨ। ਆਉਣ ਵਾਲੇ ਸਮੇਂ ਵਿਚ ਵੀ ਜਿਓ—ਜਿਓ ਦਵਾ ਕੀ ਮਰਜ਼ ਬੜਤੀ ਗਈ, ਵਾਲੀ ਗੱਲ ਹਰ ਖੇਤਰ ਵਿਚ ਸੁਧਾਰ ਦੀ ਬਜਾਏ ਪਹਿਲਾਂ ਨਾਲੋਂ ਗਿਰਾਵਟ ਆਈ, ਅੱਜ ਜ਼ੋ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ, ਅਰਾਜਕਤਾ ਵੱਧ ਰਹੀ ਹੈ, ਉਸ ਦਾ ਇਕੋ—ਇਕ ਕਾਰਨ ਹਰ ਦਾਇਰਾ ਸਰਕਾਰੂ ਬਨਕੇ ਰਹਿ ਗਿਆ, ਭਾਵ ਦੁਕਾਨਦਰੀ ਗੱਲ ਕਰਦੇ ਹਾਂ, ਨਸ਼ਿਆਂ ਦੀ ਜ਼ੋ ਆਜ਼ਾਦੀ ਸਮੇਂ ਉਨ੍ਹਾਂ ਦੇ ਬਰਾਬਰ ਇਕ ਆਦਿ ਨਸ਼ਾ ਇਕ ਆਦਿ ਖਾਣ ਵੇਚਣ ਵਾਲਾ ਸਰਕਾਰ ਦੀ ਪੂਰੀ ਪਕੜ ਨਾਲ ਪਰਿਵਾਰਕ, ਸਮਾਜਿਕ, ਧਾਰਮਿਕ ਪਾਬੰਦੀਆਂ ਜਿਨ੍ਹਾਂ ਸਦਕਾ ਪਰਿਵਾਰ ਦਾ, ਸਕੂਲ ਦਾ, ਸਮਾਜ ਦਾ ਕੋਈ ਅੰਗ ਗਲਤ ਕੰਮ ਕਰਨਾ ਚੰਗਾ ਨਹੀਂ ਬਲਕਿ ਖਾਮੋਸ਼ੀ ਤੋਂ ਡਰਦਾ ਕੋਈ ਨਸ਼ਾ ਕੇਂਦਰ ਛੁਡਾਊ ਨਹੀਂ ਅੱਜ ਥਾਂ—ਥਾਂ ਨਸ਼ਾ ਛੁਡਾਊ ਜ਼ੋ ਨਸ਼ਾ ਲਗਾਓ ਇਕ ਵੀ ਸੈਂਟਰ ਅੱਜ ਆਪਣੀ ਲਿਸਟ ਦੇਵੇ ਮੈਂ ਐਨੇ ਜਵਾਨਾਂ ਦਾ ਨਸ਼ਾ ਛੁਡਾਇਆ, ਪੜਤਾਲ ਤੇ ਨਤੀਜਾ ਜ਼ੀਰੋ ਕਹਿਣੀ, ਕਰਨੀ, ਕਥਨੀ ਇਕੋ—ਇਕ ਪੇਸ਼ਾ, ਆਓ ਅੱਜ ਆਪਾ ਖੁਦ ਅੰਦਰ ਝਾਤੀ ਮਾਰੀਏ, ਅਸੀਂ ਹਾਲਤ ਹੀ ਹਾਲਤ ਸੁਧਾਰ ਕਿਥੋਂ ਹੋਵੇਗਾ। ਗੱਲ ਹਾਲਾਂ ਕੀ ਅਮਲਾ ਦੀ ਹੈ ਨਾ ਕਿ ਜਿਓ—ਜਿਓ ਦਵਾ ਕੀ ਮਰਜ ਵਧਦੀ ਗਈ।

# ਕਿਸਾਨੀ ਮਸਲਿਆਂ ਦੇ ਹੱਲ ਲਈ ਉਲੀਕੀ ਰੂਪ-ਰੇਖਾ



**ਫ਼ਿਰੋਜ਼ਪੁਰ, 2 ਦਸੰਬਰ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫਿਰੋਜ਼ਪੁਰ ਦੀ ਮਹੀਨਾ ਵਾਰੀ ਮੀਟਿੰਗ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ। ਇਸ ਮੀਟਿੰਗ ਵਿਚ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਜਿਹੜਾ ਮਾਨਸਾ ਦੇ ਪਿੰਡ ਕੁੱਲਰੀਆਂ ਜਮੀਨੀ ਵਿਵਾਦ ਨੂੰ ਲੈ ਕੇ ਜਥੇਬੰਦੀ ਵੱਲੋਂ ਕਾਫੀ ਲੰਬੇ ਸਮੇਂ ਤੋਂ ਇਹ ਘੋਲ ਲੜਿਆ ਜਾ ਰਿਹਾ ਹੈ, ਜਿਸ ਨੂੰ ਹੋਰ ਤੇਜ਼ ਅਤੇ ਤਿੱਖਾ ਕਰਨ ਦੀ ਵਿਉਂਤਬੰਦੀ ਕੀਤੀ ਗਈ। ਉਨ੍ਹਾਂ ਕਿਹਾ ਕਿ ਸੀਜਨਲ ਫੰਡ ਅਤੇ ਜਥੇਬੰਦੀ ਦੀ ਮੈਂਬਰਸ਼ਿਪ ਕਰਨ ਲਈ ਵਿਚਾਰ ਚਰਚਾ ਕੀਤੀ ਗਈ ਅਤੇ ਜਥੇਬੰਦੀ ਵੱਲੋਂ ਤਿੰਨ ਅਤੇ ਚਾਰ ਜਨਵਰੀ 2025 ਨੂੰ ਜਥੇਬੰਦੀ ਦੇ ਇਜਲਾਸ ਨੂੰ ਲੈ ਕੇ ਵੱਧ ਤੋਂ ਵੱਧ ਮੈਂਬਰਸ਼ਿਪ ਕੱਟਣ ਲਈ ਬਲਾਕ ਆਗੂਆਂ ਨੂੰ ਪ੍ਰੇਰਿਤ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਇਸ ਸੀਜ਼ਨ ਵਿੱਚ ਝੋਨੇ ਦੀ ਖਰੀਦ ਨੂੰ ਲੈ ਕੇ ਲਗਾਏ ਗਏ ਕੱਟ ਸਬੰਧੀ ਸ਼ੈਲਰ ਮਾਲਕਾਂ ਵੱਲੋਂ ਆੜਤੀਆਂ ਅਤੇ ਕਿਸਾਨਾਂ ਦੀ ਹੋਈ ਲੁੱਟ ਦੇ ਵਿਰੁੱਧ ਵਿਚਾਰ ਚਰਚਾ ਕੀਤੀ ਗਈ, ਪਰਾਲੀ ਸਾੜਨ ਸਬੰਧੀ ਕਿਸਾਨਾਂ ਉੱਪਰ ਕੀਤੇ ਗਏ ਪਰਚੇ ਅਤੇ ਮਾਲ ਰਿਕਾਰਡ ਵਿੱਚ ਹੋਈਆਂ ਲਾਲ ਐਂਟਰੀਆਂ ਦੇ ਸੰਬੰਧ ਵਿੱਚ ਸਖਤੀ ਨਾਲ ਨੋਟਿਸ ਲਿਆ ਗਿਆ ਅਤੇ ਜਥੇਬੰਦੀ ਵੱਲੋਂ ਵਿਸ਼ਵਾਸ਼ ਦਵਾਇਆ ਗਿਆ ਕਿ ਇਹ ਸਾਰੇ ਪਰਚੇ ਆਉਣ ਵਾਲੇ ਦਿਨਾਂ ਵਿੱਚ ਰੱਦ ਕਰਵਾਏ ਜਾਣਗੇ ਅਤੇ ਮਾਲ ਰਿਕਾਰਡ ਵਿੱਚ ਹੋਈਆਂ ਲਾਲ ਐਂਟਰੀਆਂ ਨੂੰ ਵੀ ਰੱਦ ਕਰਵਾਇਆ ਜਾਵੇਗਾ। ਇਸ ਦੌਰਾਨ ਪਿੰਡ ਇਕਾਈ ਪ੍ਰਧਾਨ ਜਗਤਾਰ ਸਿੰਘ ਰੋੜਾਂਵਾਲੀ ਦੇ ਮਾਤਾ ਦਾ ਦੇਹਾਂਤ ਹੋਣ ਤੇ ਜਥੇਬੰਦੀ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰਵੱਛਾ, ਜ਼ਿਲ੍ਹਾ ਮੀਤ ਪ੍ਰਧਾਨ ਬਗੀਚਾ ਸਿੰਘ, ਜ਼ਿਲਾ ਖਜਾਨਚੀ ਜਤਿੰਦਰ ਸਿੰਘ ਕੜਮਾ, ਜਿਲਾ ਕਮੇਟੀ ਮੈਂਬਰ ਪਰਵਿੰਦਰ ਕੌਰ, ਬਲਾਕ ਮਮਦੋਟ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਹਰਬੰਸ ਸਿੰਘ ਜੋਧਪੁਰ, ਹਰਜੀਤ ਸਿੰਘ ਗੱਟੀ, ਜਗਰਾਜ ਸਿੰਘ ਗੱਟੀ, ਜਗਤਾਰ ਸਿੰਘ ਭੱਟੀਆਂ, ਸੋਨੂ ਉੱਪਲ, ਮਹਿਲ ਸਿੰਘ ਕੜਮਾ, ਮੰਗਲ ਦਾਸ ਢੋਟ ਜ਼ੀਰਾ, ਬਲਾਕ ਪ੍ਰਧਾਨ ਪ੍ਰਨੀਤ ਸਿੰਘ ਭੜਾਣਾ, ਜਥੇਦਾਰ ਪ੍ਰੀਤਮ ਸਿੰਘ, ਡਾਕਟਰ ਪਰਮਜੀਤ ਸਿੰਘ, ਸੁਖਵਿੰਦਰ ਸਿੰਘ ਘੱਲ ਬਲਾਕ ਪ੍ਰਧਾਨ ਸਾਹਿਬ ਸਿੰਘ ਵਾੜਾ ਭਾਈ ਕਾ ਰੇਸ਼ਮ ਸਿੰਘ, ਸਤਨਾਮ ਸਿੰਘ ਮਖੂ ਬਲਾਕ ਪ੍ਰਧਾਨ ਮੁਨਸ਼ਾ ਸਿੰਘ ਫਿਰੋਜਪੁਰ ਬਲਾਕ ਪ੍ਰਧਾਨ ਅਮਰੀਕ ਸਿੰਘ ਪੱਲਾ ਮੇਘਾ ਗੁਰੂਹਰਸਹਾਇ ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡਵਾਲਾ ਸੁਖਦੇਵ ਕੁਮਾਰ ਢੋਟ ਆਦਿ ਹਾਜ਼ਰ ਸਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਭੋਗ 'ਤੇ ਵਿਸ਼ੇਸ਼

# ਸਵ: ਡਾਕਟਰ ਦੀਦਾਰ ਸਿੰਘ ਗਹਿਰੀ ਬੁੱਟਰ

**ਘਲੇ ਆਵਿਹ ਨਾਨਕਾ ਸਦੇ ਉਠੀ ਜਾਹਿ।।**



ਗੁਰਬਾਣੀ ਦੇ ਮਹਾਂਵਾਕ ਅਨੁਸਾਰ ਡਾਕਟਰ ਸਰਦਾਰ ਦੀਦਾਰ ਸਿੰਘ ਜੀ ਪਰਮਾਤਮਾ ਦੁਆਰਾ ਬਖਸ਼ੀ ਆਪਣੀ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਇਸ ਫਾਨੀ ਸੰਸਾਰ ਤੋਂ ਮਿਤੀ 23/11/2024 ਨੂੰ ਰੁਖ਼ਸਤ ਹੋ ਗਏ ਹਨ।ਇਸ ਰੱਬੀ ਅਤੇ ਰੱਜੀ ਰੂਹ ਦਾ ਜਨਮ 01/03/1957 ਨੂੰ ਸੁਭਾਗੇ ਦਿਨ ਪਿੰਡ ਮਟ ਦਾਦੂ (ਸਿਰਸਾ) ਵਿਖੇ ਨੇਕ ਪਰਿਵਾਰ 'ਚ ਪਿਤਾ ਸਰਦਾਰ ਮੁਖਤਿਆਰ ਸਿੰਘ ਦੇ ਗ੍ਰਹਿ ਵਿਖੇ ਮਾਤਾ ਸਰਦਾਰਨੀ ਸੁਰਜੀਤ ਕੌਰ ਜੀ ਦੀ ਸੁਲੱਖਣੀ ਕੁੱਖੋਂ ਹੋਇਆ।ਆਪ ਆਪਣੇ ਭੈਣ -ਭਰਾਵਾਂ ਅਵਤਾਰ ਸਿੰਘ, ਬਲਦੇਵ ਕੌਰ ਤੇ ਸੁਖਪਾਲ ਕੌਰ ਤੋਂ ਸਭ ਤੋਂ ਛੋਟੇ ਅਤੇ ਮਾਂ -ਬਾਪ ਦੇ ਲਾਡਲੇ ਤੇ ਹੋਣਹਾਰ ਸਪੁੱਤਰ ਸਨ। ਆਪ ਨੇ ਪਿਤਾ ਜੀ ਦੀ ਉਂਗਲ ਫੜ ਕੇ ਨੰਨ੍ਹੇ ਕਦਮਾਂ ਨਾਲ ਤੁਰ ਕੇ ਪ੍ਰਾਇਮਰੀ ਸਕੂਲ ਮਟ ਦਾਦੂ ਵਿਖੇ ਪਹਿਲੀ ਜਮਾਤ ਵਿੱਚ ਦਾਖ਼ਲਾ ਲਿਆ ਅਤੇ ਮੁੱਢਲੀ ਸਿੱਖਿਆ ਹਾਸਿਲ ਕੀਤੀ, ਇਸ ਉਪਰੰਤ ਦਸਵੀਂ ਜਮਾਤ ਸਰਕਾਰੀ ਹਾਈ ਸਕੂਲ ਗੋਰੀਵਾਲਾ ਤੋਂ ਭਲੇ ਵੇਲਿਆਂ 'ਚ ਚੰਗੇ ਅੰਕਾਂ ਨਾਲ਼ ਪਾਸ ਕੀਤੀ। ਵਿੱਦਿਆ ਨਾਲ ਗੂੜ੍ਹਾ ਮੋਹ ਹੋਣ ਕਾਰਨ ਪਰੈਪ ਤੱਕ ਦੀ ਸਿੱਖਿਆ ਗੁਰੂ ਨਾਨਕ ਕਾਲਜ ਕਿੱਲਿਆਂਵਾਲੀ ਤੋਂ ਅਤੇ ਬੀ. ਏ. ਦੀ ਉਚੇਰੀ ਵਿੱਦਿਆ ਡੀ. ਏ. ਵੀ. ਕਾਲਜ ਅਬੋਹਰ ਤੋਂ ਸਾਲ 1978 'ਚ ਹਾਸਿਲ ਕੀਤੀ। ਇਸ ਉਪਰੰਤ ਬਠਿੰਡਾ ਦੇ ਨਾਮੀ ਡਾਕਟਰਾਂ ਦੀ ਅਗਵਾਈ 'ਚ ਡਾਕਟਰੀ ਦੀ ਵਿਹਾਰਕ ਸਿੱਖਿਆ ਹਾਸਲ ਕਰ ਕੇ ਸਾਲ 1985 'ਚ ਪਿੰਡ ਗਹਿਰੀ ਬੁੱਟਰ (ਬਠਿੰਡਾ) ਵਿਖੇ ਆਰ. ਐਮ. ਪੀ .ਡਾਕਟਰ ਵਜੋਂ ਡਾਕਟਰੀ ਪੇਸ਼ੇ ਦੀ ਸ਼ੁਰੂਆਤ ਕੀਤੀ, ਜਿੱਥੇ ਲਗਭਗ 32 ਸਾਲ ਪਿੰਡ ਵਾਸੀਆਂ ਦੀ ਦਿਲੋਂ ਤੇ ਬੇਮਿਸਾਲ ਸੇਵਾ ਕਰ ਕੇ ਲੋਕ -ਮਨਾਂ 'ਚ ਖ਼ਾਸ ਥਾਂ ਬਣਾਉਣ 'ਚ ਕਾਮਯਾਬ ਹੋਏ। ਮਿਹਨਤੀ, ਇਮਾਨਦਾਰ ਤੇ ਕਰਮਸ਼ੀਲ ਸ. ਦੀਦਾਰ ਸਿੰਘ ਜੀ ਦਾ ਪਵਿੱਤਰ ਵਿਆਹ ਸਾਲ 1980 'ਚ ਇਤਿਹਾਸਕ ਪਿੰਡ ਫ਼ਕਰਸਰ (ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ) ਦੇ ਖੇਤੀਬਾੜੀ ਨਾਲ ਸਬੰਧਤ ਸਰਦਾਰ ਗੀਟਾ ਸਿੰਘ ਤੇ ਸਰਦਾਰਨੀ ਕੌਰਾਂ ਕੌਰ ਦੀ ਹੋਣਹਾਰ ਤੇ ਸਤਯੁਗੀ ਧੀ ਗੁਰਮੀਤ ਕੌਰ ਜੀ ਨਾਲ ਹੋਇਆ। ਆਪ ਦੀ ਪਰਿਵਾਰਕ ਫੁਲਵਾੜੀ 'ਚ ਕਾਕਾ ਮਨਦੀਪ ਸਿੰਘ ਤੇ ਧੀ ਚਰਨਜੀਤ ਕੌਰ ਦੀ ਆਮਦ ਮਹਿਕਦੇ ਤਾਜ਼ੇ ਫੁੱਲਾਂ ਦੀ ਤਰ੍ਹਾਂ ਹੋਈ।ਸ਼ਾਂਤ, ਸਾਊ, ਕੰਮ ਨੂੰ ਪੂਜਾ ਸਮਝਣ ਵਾਲ਼ੇ ਅਤੇ ਪੈਸੇ ਨਾਲ ਬਹੁਤਾ ਮੋਹ ਨਾ ਰੱਖਣ ਵਾਲ਼ੇ ਡਾਕਟਰ ਦੀਦਾਰ ਸਿੰਘ ਨੇ ਡਾਕਟਰੀ ਪੇਸ਼ਾ ਸੇਵਾ ਭਾਵਨਾ ਤੇ ਇਮਾਨਦਾਰੀ ਨਾਲ ਗਰੀਬਾਂ ਦਾ ਮਸੀਹਾ ਬਣ ਕੇ ਸ਼ਾਨਦਾਰ ਤਰੀਕੇ ਨਾਲ ਨਿਭਾਇਆ।ਮਰੀਜਾਂ ਦਾ ਸਹੀ ਸਮੇਂ ਢੁਕਵਾਂ ਇਲਾਜ, ਪਿੰਡ ਵਾਸੀਆਂ ਲਈ ਦਿਨ-ਰਾਤ ਉਪਲਭਧਤਾ, ਸਹੀ ਮਾਰਗ-ਦਰਸ਼ਨ, ਗਰੀਬਾਂ ਲਈ ਹਮਦਰਦੀ ਅਤੇ ਮਰੀਜ਼ਾਂ ਅਤੇ ਉਹਨਾਂ ਦੇ ਵਾਰਸਾਂ ਲਈ ਧਿਰ ਬਣ ਕੇ ਖੜ੍ਹਨਾ, ਟੀਕਾਕਰਨ ਲਈ ਜਾਗਰੂਕਤਾ, ਇਹਨਾਂ ਦੇ ਸੁਭਾਅ ਅਤੇ ਪੇਸ਼ੇ ਦੇ ਅਹਿਮ ਗੁਣ ਸਨ। ਪਿੰਡ ਦੇ ਬੱਚਿਆਂ ਨੂੰ ਵਿੱਦਿਆ ਪ੍ਰਾਪਤੀ ਲਈ ਜਾਗਰੂਕ ਕਰ ਕੇ ਹਰ ਸੰਭਵ ਮਦਦ ਕਰਨਾ, ਦੋ ਧਿਰਾਂ ਦੇ ਝਗੜੇ ਨੂੰ ਸਲੀਕੇ ਨਾਲ਼ ਬੈਠ ਕੇ ਨਿਬੇੜਨਾ, ਸਾਂਝੇ ਕੰਮਾਂ 'ਚ ਮੋਹਰੀ ਭੂਮਿਕਾ ਅਦਾ ਕਰਨੀ, ਹਰੇਕ ਦੇ ਦੁੱਖ -ਸੁੱਖ 'ਚ ਸ਼ਾਮਿਲ ਹੋਣਾ, ਰਾਜਸੀ ਤੌਰ 'ਤੇ ਨਿਰਪੱਖ ਰਹਿ ਕੇ ਵਿਚਰਨਾ, ਹਮੇਸ਼ਾ ਸੱਚ ਦਾ ਸਾਥ ਦੇਣਾ ਅਤੇ ਉੱਚੀ-ਸੁੱਚੀ ਤੇ ਨਿੱਗਰ ਸੋਚ ਦੇ ਧਾਰਨੀ ਹੋਣ ਕਾਰਨ ਪਿੰਡ ਗਹਿਰੀ ਬੁੱਟਰ ਵਾਸੀਆਂ ਦੇ ਦਿਲਾਂ 'ਚ ਇਹਨਾਂ ਪ੍ਰਤੀ ਅਥਾਹ ਸਤਿਕਾਰ ਤੇ ਮਾਣ ਰਿਹਾ। ਵਿਹਲੇ ਸਮੇਂ ਅਖ਼ਬਾਰ ਪੜ੍ਹਨਾ, ਕ੍ਰਿਕਟ ਮੈਚ ਵੇਖਣਾ,ਟੀ. ਵੀ ਤੋਂ ਖ਼ਬਰਾਂ ਸੁਣਨੀਆਂ ਅਤੇ ਬੁੱਧੀਜੀਵੀ ਮਿੱਤਰਾਂ ਦੀ ਸੰਗਤ ਕਰਨਾ,ਇਹਨਾਂ ਦੇ ਸ਼ੌਂਕ ਦਾ ਖ਼ਾਸ ਹਿੱਸਾ ਸੀ। ਮਿਲਾਪੜੇ, ਸਹਿਯੋਗੀ ਤੇ ਹਸਮੁਖ ਸੁਭਾਅ ਹੋਣ ਕਾਰਨ ਆਪ ਪਿੰਡ ਮਟ ਦਾਦੂ ਤੋਂ ਗਹਿਰੀ ਬੁੱਟਰ ਤੇ ਗਹਿਰੀ ਬੁੱਟਰ ਤੋਂ ਬਠਿੰਡਾ ਵਿਖੇ ਆਸਾਨੀ ਨਾਲ ਸੈੱਟ ਹੋ ਕੇ ਆਪਣੀ ਵਜ਼ਨਦਾਰ ਸ਼ਖ਼ਸੀਅਤ ਦੀ ਅਮਿਟ ਛਾਪ ਛੱਡਣ 'ਚ ਸਫ਼ਲ ਰਹੇ। ਤਕਰੀਬਨ ਸੱਤ ਸਾਲ ਵੱਖ-ਵੱਖ ਸਰੀਰਕ ਸਮੱਸਿਆਵਾਂ ਦੀ ਜਕੜ ਤੇ ਪਕੜ ਨੂੰ ਆਪ ਹੌਂਸਲੇ ਤੇ ਜ਼ਿੰਦਾਦਿਲੀ ਨਾਲ ਮਾਤ ਦਿੰਦੇ ਰਹੇ। ਇਹਨਾਂ ਨੇ ਜੀਵਨ ਸਾਥਣ ਸਰਦਾਰਨੀ ਗੁਰਮੀਤ ਕੌਰ ਜੀ ਦੇ ਬੇਵਕਤ ਅਕਾਲ ਚਲਾਣੇ ਦੌਰਾਨ ਖ਼ੁਦ ਤਕੜੇ ਹੋ ਕੇ ਪਰਮਾਤਮਾ ਦਾ ਭਾਣਾ ਮੰਨਣ ਦੇ ਨਾਲ਼-ਨਾਲ ਪਰਿਵਾਰ ਨੂੰ ਇਸ ਨਾਜ਼ਕ ਦੌਰ ਵਿੱਚ ਟੁੱਟਣ ਨਹੀਂ ਦਿੱਤਾ।ਰੌਸ਼ਨ ਦਿਮਾਗ਼ ਅਤੇ ਪੜ੍ਹਾਈ ਦੀ ਮਹੱਤਤਾ ਤੋਂ ਜਾਣੂ ਹੋਣ ਕਾਰਨ ਆਪ ਨੇ ਪੁੱਤਰ ਮਨਦੀਪ ਸਿੰਘ ਤੇ ਧੀ ਚਰਨਜੀਤ ਕੌਰ ਨੂੰ ਖ਼ੂਬ ਪੜ੍ਹਾਇਆ -ਲਿਖਾਇਆ ਤੇ ਚੰਗੇ ਸੰਸਕਾਰ ਦਿੱਤੇ। ਇਹੀ ਕਾਰਨ ਹੈ ਕਿ ਲਾਇਕ ਪੁੱਤਰ ਮਨਦੀਪ ਸਿੰਘ ਗੀਡਰ ਵਜੋਂ ਵਾਇਰਲੈੱਸ ਵਿੰਗ ਐੱਸ. ਐੱਸ. ਪੀ ਦਫ਼ਤਰ ਬਠਿੰਡਾ ਵਿਖੇ ਆਪਣੀ ਸ਼ਾਨਦਾਰ ਸੇਵਾ ਨਿਭਾ ਰਿਹਾ ਹੈ, ਨੇਕ ਨੂੰਹ-ਰਾਣੀ ਪਲਵਿੰਦਰ ਕੌਰ ਬਤੌਰ ਕੰਪਿਊਟਰ ਅਧਿਆਪਕਾ ਵਜੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਸੀ ਬਾਗਵਾਲੀ (ਬਠਿੰਡਾ) ਵਿਖੇ ਆਪਣੀ ਸੇਵਾ ਨਿਭਾ ਰਹੀ ਹੈ। ਬਾਪ ਨਾਲ ਦਿਲੀ ਮੋਹ ਰੱਖਣ ਵਾਲੀ ਧੀ ਚਰਨਜੀਤ ਕੌਰ ਆਪਣੇ ਹਮਸਫ਼ਰ ਸਰਦਾਰ ਲਖਵਿੰਦਰ ਸਿੰਘ ਵਿਰਕ (ਪੰਜਾਬ ਪੁਲਿਸ) ਤੇ ਪੁੱਤਰ ਸਨੇਹ ਪ੍ਰਤਾਪ ਸਿੰਘ ਨਾਲ ਖ਼ੁਸ਼ਗਵਾਰ ਜੀਵਨ ਬਤੀਤ ਕਰ ਰਹੀ ਹੈ। ਛੋਟੀ ਉਮਰੇ ਰਾਸ਼ਟਰੀ ਖਿਡਾਰਨ ਬਣੀ ਹੋਣਹਾਰ ਪੋਤਰੀ ਪਰਮੀਤ ਕੌਰ ਤੇ ਪੋਤਰੇ ਸੁਖਮੀਤ ਸਿੰਘ ਲਈ ਪਿਆਰਾ ਦਾਦੂ ਹਮੇਸ਼ਾ ਵੱਡਾ ਸਹਾਰਾ ਅਤੇ ਪ੍ਰੇਰਨਾ ਦਾ ਸਰੋਤ ਰਿਹਾ।ਸਰਵਣ ਪੁੱਤਰ ਬਣ ਕੇ ਬੀਬੇ ਪੁੱਤਰ ਮਨਦੀਪ ਸਿੰਘ ਨੇ ਆਪਣੇ ਸਾਊ ਬਾਪ ਦੇ ਇਲਾਜ ਤੇ ਸੰਭਾਲ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਪਰ ਹੋਰਾਂ ਨੂੰ ਸਿਹਤਮੰਦ ਜੀਵਨ ਤੇ ਜ਼ਿੰਦਗੀਆਂ ਬਖਸ਼ਣ ਵਾਲ਼ੇ ਡਾਕਟਰ ਦੀਦਾਰ ਸਿੰਘ 23 ਨਵੰਬਰ ਦੇ ਮਨਹੂਸ ਦਿਨ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਮੌਤ ਦੇ ਹੱਥੋਂ ਜ਼ਿੰਦਗੀ ਦੀ ਜੰਗ ਹਾਰ ਗਏ।ਪਰਮਾਤਮਾ ਦੇ ਚਰਨਾਂ 'ਚ ਜਾ ਬਿਰਾਜੀ ਇਸ ਪਾਵਨ ਰੂਹ ਤੇ ਸਤਿਕਾਰਤ ਹਸਤੀ ਨਮਿਤ ਰੱਖੇ ਗਏ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ ਮਿਤੀ 03/12/2024 (ਮੰਗਲਵਾਰ) ਨੂੰ ਗੁਰਦੁਆਰਾ ਜੀਵਨ ਪ੍ਰਕਾਸ਼ ਫੇਸ 1, ਬਠਿੰਡਾ ਵਿਖੇ ਦੁਪਹਿਰ 12 ਤੋਂ 1ਵਜੇ ਦੇ ਦਰਮਿਆਨ ਹੋਵੇਗੀ, ਜਿੱਥੇ ਪਰਿਵਾਰਕ ਜੀਅ, ਰਿਸ਼ਤੇਦਾਰ, ਸੰਬੰਧੀ, ਇਲਾਕਾ ਨਿਵਾਸੀ, ਰਾਜਸੀ ਆਗੂ, ਸੱਭਿਆਚਾਰਕ ਤੇ ਕਲਾ ਵਰਗ, ਧਾਰਮਿਕ ਹਸਤੀਆਂ ਅਤੇ ਮੁਲਾਜ਼ਮ ਵਰਗ ਆਦਿ ਖੇਤਰਾਂ ਦੇ ਸੁਹਿਰਦ ਸੱਜਣ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਅਰਪਿਤ ਕਰਨਗੇ।

**ਸ਼ਬਦ ਰਚਨਾ: ਲੈਕਚਰਾਰ ਤਰਸੇਮ ਸਿੰਘ ਬੁੱਟਰ**
**ਪੇਸ਼ਕਸ਼: ਗੁਰਜੰਟ ਸਿੰਘ ਨਥੇਹਾ**

ਹਰ ਕੋਈ ਹੈਰਾਨ... ਹੈਰਾਨ... ਹੈਰਾਨ...

# ਪਰ ਖੁਫੀਆ ਏਜੰਸੀਆਂ ਅਤੇ ਦਿੱਲੀ ਪਰੇਸ਼ਾਨ

ਇੱਕ ਪਰਿਵਾਰ ਪਾਰਟੀ ਦਾ ਭੋਗ ਅਤੇ ਖਾਲਸਾ ਪਰਿਵਾਰ ਪਾਰਟੀ ਲਈ ਰਾਹ ਪੱਧਰੇ।

- ਧਾਰਮਿਕ ਸਜ਼ਾਵਾਂ ਵੀ ਸਖਤ ਪਰ ਰਾਜਨੀਤਿਕ ਸਜ਼ਾਵਾਂ ਉਸ ਤੋਂ ਵੀ ਸਖਤ।
- ਸੁਖਬੀਰ ਬਾਦਲ ਪੂਰੀ ਤਰ੍ਹਾਂ ਤੇ ਸੱਚਮੁੱਚ ਸਮਰਪਿਤ ਨਜ਼ਰ ਆਏ।
- ਜਥੇਦਾਰ ਦਾ ਰੁਤਬਾ ਇਕ ਵਾਰ ਮੁੜ ਬੁਲੰਦ ਹੋਇਆ।
- ਪ੍ਰਕਾਸ਼ ਸਿੰਘ ਬਾਦਲ ਨੂੰ ਮਿਲਿਆ ਫਖਰ-ਏ-ਕੌਮ ਦਾ ਰੁਤਬਾ ਖਤਮ।

**ਕਰਮਜੀਤ ਸਿੰਘ ਚੰਡੀਗੜ੍ਹ ਸੀਨੀਅਰ ਪੱਤਰਕਾਰ**

ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਅੱਜ 2 ਦਸੰਬਰ 2024 ਨੂੰ ਜਥੇਦਾਰ ਸਿੰਘ ਸਾਹਿਬ ਭਾਈ ਰਘਬੀਰ ਸਿੰਘ ਵੱਲੋਂ ਸਿੱਖ ਆਗੂਆਂ ਨੂੰ ਸਜ਼ਾਵਾਂ ਦੇ ਜੋ ਐਲਾਨ ਕੀਤੇ ਗਏ,ਉਸ ਬਾਰੇ ਹਾਲ ਦੀ ਘੜੀ ਇਹ ਕਿਹਾ ਜਾ ਸਕਦਾ ਹੈ ਕਿ ਇਹ ਐਲਾਨ ਸੱਚਮੁੱਚ ਹੈਰਾਨ ਕਰ ਦੇਣ ਵਾਲੇ ਹਨ। ਬਾਗੀ ਅਕਾਲੀ ਆਗੂ ਵੀ ਹੈਰਾਨ, ਦਾਗੀ ਅਕਾਲੀ ਆਗੂ ਵੀ ਹੈਰਾਨ ਅਤੇ ਜੇ ਸੱਚ ਪੁੱਛੋ ਤਾਂ ਸਮੁੱਚੀ ਕੌਮ ਵੀ ਹੈਰਾਨ।

ਅਜੇ ਫੈਸਲੇ ਦੇ ਹਰ ਸ਼ਬਦ,ਹਰ ਵਾਕ ਨੂੰ ਚੰਗੀ ਤਰ੍ਹਾਂ ਘੋਖ ਕੇ ਪੜਨ ਮਗਰੋਂ ਹੀ ਫੈਸਲੇ ਦੀ ਨਿਰਪੱਖ ਵਿਆਖਿਆ ਕੀਤੀ ਜਾਵੇਗੀ ।ਪਰ ਅੱਜ ਮੀਰੀ ਪੀਰੀ ਦੇ ਸ਼ਿਹਨਸ਼ਾਹ ਦੀ ਕਲਾ ਜ਼ਰੂਰ ਵਰਤੀ ਹੈ ਅਤੇ ਫੈਸਲਿਆਂ ਬਾਰੇ ਸ਼ੱਕ ਦੇ ਆਧਾਰ ਤੇ ਕੀਤੀਆਂ ਤਮਾਮ ਕਿਆਸ ਅਰਾਈਆਂ ਨੂੰ ਵੱਡੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ ।ਸਿੰਘ ਸਾਹਿਬਾਨ ਦਾ ਰੁਤਬਾ ਬੁਲੰਦ ਰੂਪ ਵਿੱਚ ਅੱਜ ਸਾਡੇ ਸਾਹਮਣੇ ਆਇਆ ਹੈ।

ਧਾਰਮਿਕ ਸਜ਼ਾ ਵੀ ਸਖਤ ਸੀ ਅਤੇ ਰਾਜਨੀਤਿਕ ਸਜ਼ਾ ਉਸ ਤੋਂ ਵੀ ਕਿਤੇ ਸਖਤ ਸੀ ਤੇ ਹੈਰਾਨਕੁਨ ਵੀ। ਪਹਿਲਾਂ ਧਾਰਮਿਕ ਸਜ਼ਾਵਾਂ ਰਸਮੀ ਜਿਹੀਆਂ ਹੁੰਦੀਆਂ ਸਨ ਅਤੇ ਰਾਜਨੀਤਿਕ ਸਜ਼ਾ ਦਾ ਤਾਂ ਜਿਵੇਂ ਰਿਵਾਜ ਹੀ ਖਤਮ ਹੋ ਗਿਆ ਸੀ ।ਅੱਜ ਇਉਂ ਲੱਗਿਆ ਜਿਵੇਂ ਪੀਰੀ ਦੇ ਆਧਾਰ ਤੇ ਹੀ ਮੀਰੀ ਦੇ ਫੈਸਲੇ ਕੀਤੇ ਗਏ ਹਨ ਜੋ ਭਵਿੱਖ ਲਈ ਵੱਡੇ ਮਾਪ ਬਣਨਗੇ ।

ਅੱਜ ਦੁਨੀਆ ਵੀ ਤੇ ਕੌਮ ਦੇ ਆਗੂਆਂ ਨੂੰ ਵੀ ਇਹ ਅਹਿਸਾਸ ਪੈਦਾ ਹੋਇਆ ਹੈ ਕਿ ਇੰਝ ਹੋਣਾ ਚਾਹੀਦਾ ਹੈ ਧਰਮ ਤੇ ਇੰਝ ਹੋਣੀ ਚਾਹੀਦੀ ਹੈ ਸਿੱਖ ਰਾਜਨੀਤੀ ।

ਸਿੱਖ ਆਗੂਆਂ ਦੇ ਗਲਾਂ ਵਿੱਚ ਲਟਕਾਈਆਂ ਤਖਤੀਆਂ ਹੁਣ ਇਹ ਦੱਸਣਗੀਆਂ ਕਿ ਇਹ ਦੋਸ਼ੀ ਸਿੱਧ ਹੋਏ ਹਨ ।ਟਾਇਲਟ ਸਾਫ ਕਰਨ ਦੀ ਸੇਵਾ ਬਾਰੇ ਤਾਂ ਨਵੀਆਂ ਨਵੀਆਂ ਵਿਆਖਿਆਵਾਂ ਜ਼ਰੂਰ ਹੋਣਗੀਆਂ।

ਪ੍ਰਕਾਸ਼ ਸਿੰਘ ਬਾਦਲ ਨੂੰ ਫਖਰੇ ਕੌਮ ਦਾ ਖਿਤਾਬ ਵਾਪਸ ਲੈਣ ਦਾ ਫੈਸਲਾ ਇਹ ਦੱਸਦਾ ਹੈ ਕਿ ਵਕਤ ਆਉਣ ਤੇ ਅਕਾਲ ਤਖਤ ਸਾਹਿਬ ਦਾ ਜਥੇਦਾਰ ਬਹੁਤ ਦੂਰ ਤੱਕ ਜਾ ਸਕਦਾ ਹੈ। ਇਹ ਵੱਡੇ ਬਾਦਲ ਨੇ ਹੀ ਸਮੇਂ ਤੇ ਸਮੇਂ ਤੋਂ ਉੱਪਰ ਉੱਠ ਕੇ ਸੋਚ ਸਕਣ ਵਾਲੇ ਅਕਾਲੀ ਦਲ ਨੂੰ ਪੰਜਾਬੀ ਪਾਰਟੀ ਬਣਾ ਕੇ ਸਿੱਖੀ ਦੀ ਪ੍ਰਭੂ ਸੱਤਾ ਤੇ ਨਿਆਰੀ ਹੋਂਦ ਨੂੰ ਦੂਜੇ ਨੰਬਰ ਤੇ ਕਰ ਦਿੱਤਾ ਸੀ। ਹੁਣ ਅਕਾਲੀ ਦਲ ਮੁੜ ਸੁਰਜੀਤ ਹੋਵੇਗਾ ਅਤੇ ਯਕੀਨਨ ਚੜ੍ਹਦੀ ਜਵਾਨੀ ਨੂੰ ਇਸ ਵਿੱਚ ਪਰਮੁੱਖ ਥਾਂ ਹਾਸਲ ਹੋਏਗੀ।

ਆਪਾਂ ਕਹਿ ਸਕਦੇ ਹਾਂ ਕਿ ਇੱਕ ਪਰਿਵਾਰ ਦੀ ਪਾਰਟੀ ਅੱਜ ਖਤਮ ਹੋਈ ਤੇ ਖਾਲਸਾ ਪਰਿਵਾਰ ਦੀ ਪਾਰਟੀ ਕਾਇਮ ਹੋਣ ਦੇ ਰਾਹ ਪੱਧਰੇ ਹੋਏ। ਹਾਂ,ਅਜੇ ਇਹ ਗੱਲ ਪੂਰੀ ਤਰ੍ਹਾਂ ਸਪਸ਼ਟ ਨਹੀਂ ਹੋਈ ਕਿ ਡੈਲੀਗੇਟਾਂ ਦੀ ਚੋਣ ਕਿਵੇਂ ਹੋਵੇਗੀ ਅਤੇ ਸਿਫਾਰਸ਼ੀ ਤੇ ਅਸਰ ਸੂਖ ਵਾਲੇ ਅਨਸਰ ਤਾਂ ਪਾਰਟੀ ਉੱਤੇ ਕਿਤੇ ਮੁੜ ਕਾਬਜ਼ ਤਾਂ ਨਹੀਂ ਹੋ ਜਾਣਗੇ।

ਇਹ ਗੱਲ ਮੰਨਣ ਤੋਂ ਮੈਨੂੰ ਸੰਕੋਚ ਨਹੀਂ ਕਿ ਸੁਖਬੀਰ ਸਿੰਘ ਬਾਦਲ ਅੱਜ ਸੱਚਮੁੱਚ ਪੂਰੀ ਤਰ੍ਹਾਂ ਸਮਰਪਤ ਨਜ਼ਰ ਆਏ ।ਉਹਨਾਂ ਦੇ ਜਵਾਬਾਂ ਵਿੱਚ ਸੁੱਚੀ ਨਿਮਰਤਾ ਦੀ ਝਲਕ ਸੀ।

ਰੰਗੀ ਤੇ ਕੱਟੀ ਦਾੜੀ ਵਾਲੇ ਮਨਪ੍ਰੀਤ ਬਾਦਲ ਨਾਲ ਤਾਂ ਜਿਵੇਂ ਬੁਰੀ ਹੋਈ ਪਰ ਇਸ ਤੋਂ ਪਤਾ ਲੱਗਦਾ ਹੈ ਕਿ ਫੈਸਲਾ ਕਰਨ ਵਾਲੇ ਇਸ ਹੱਦ ਤੱਕ ਤਿਆਰ ਸਨ ।

ਜੋ ਐਲਾਨ ਅੱਜ ਹੋਏ ਉਸ ਨਾਲ ਦਿੱਲੀ ਨੂੰ ਅਤੇ ਖਾਸ ਕਰਕੇ ਖੁਫੀਆਂ ਏਜੰਸੀਆਂ ਨੂੰ ਸਿੱਖ ਕੌਮ ਬਾਰੇ ਨਵੀਆਂ ਰਣਨੀਤੀਆਂ ਘੜਨੀਆਂ ਪੈਣਗੀਆਂ ।ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੀਆਂ ਸਿਧਾਂਤਕ ਤਕਰੀਰਾਂ ਨੇ ਵੀ ਵੈਸੇ ਇਸ਼ਾਰਾ ਕਰ ਦਿੱਤਾ ਸੀ ਕਿ ਆਉਣ ਵਾਲਾ ਫੈਸਲਾ ਕਿਸ ਤਰ੍ਹਾਂ ਹੋਵੇਗਾ।

ਅੱਜ ਦੇ ਐਲਾਨ ਵਿੱਚ ਮਿਲੀ ਇਹ ਖੁਸ਼ੀ ਵੀ ਬਹੁਤ ਵੱਡੀ ਤੇ ਹੈਰਾਨ ਕਰ ਦੇਣ ਵਾਲੀ ਸੀ ਕਿ ਸਿੱਖੀ ਸਿਧਾਂਤਾਂ ਮੁਤਾਬਕ ਅਕਾਲ ਤਖਤ ਦਾ ਜਥੇਦਾਰ ਵੀ ਜੇਕਰ ਕੁਤਾਹੀ ਕਰਦਾ ਹੈ ਤਾਂ ਉਹ ਵੀ ਸਜ਼ਾ ਦੇ ਘੇਰੇ ਵਿੱਚ ਆ ਸਕਦਾ ਹੈ। ਇਸ ਸਬੰਧ ਵਿੱਚ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੂੰ ਮਿਲੀ ਸਜ਼ਾ ਤੋਂ ਸਭ ਲੋਕਾਂ ਨੂੰ ਅਤੇ ਆਉਣ ਵਾਲੇ ਜਥੇਦਾਰਾਂ ਨੂੰ ਇਹ ਸਬਕ ਮਿਲਦਾ ਹੈ ਕਿ ਆਉਣ ਵਾਲੇ ਕੱਲ ਨੂੰ ਜੇਕਰ ਕੋਈ ਵੀ ਜਥੇਦਾਰ ਰਾਜਨੀਤੀ ਦੀ ਚਕਾਚੌਂਧ ਅਤੇ ਡਰ ਤੋਂ ਪ੍ਰਭਾਵਿਤ ਹੋ ਕੇ ਕੋਈ ਵੀ ਗੈਰ- ਸਿਧਾਂਤਕ ਫੈਸਲਾ ਕਰਦਾ ਹੈ ਤਾਂ ਕੌਮ ਉਸ ਨੂੰ ਵੀ ਕਟਹਿਰੇ ਵਿੱਚ ਖੜਾ ਕਰ ਸਕਦੀ ਹੈ।

# ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕੈਬਨਿਟ ਮੰਤਰੀ ਮਹਿੰਦਰ ਭਗਤ ਕੋਲ ਡੱਲਾ ਗੋਰੀਆਂ ਸੈਨਿਕ ਸਕੂਲ ਨੂੰ ਖੋਲ੍ਹਣ ਦਾ ਮੁੱਦਾ ਚੁੱਕਿਆ



**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 2 ਦਸੰਬਰ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਪਿੰਡ ਡੱਲਾ ਗੋਰੀਆਂ ਵਿਖੇ ਮਨਜ਼ੂਰ ਹੋਏ ਸੈਨਿਕ ਸਕੂਲ ਨੂੰ ਜਲਦ ਖੋਲ੍ਹਣ ਦਾ ਮੁੱਦਾ ਸੂਬੇ ਦੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਮੰਤਰੀ ਸ੍ਰੀ ਮਹਿੰਦਰ ਭਗਤ ਕੋਲ ਚੁੱਕਿਆ ਹੈ। ਅੱਜ ਚੰਡੀਗੜ੍ਹ ਵਿਖੇ ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਨਾਲ ਮੁਲਾਕਾਤ ਕਰਕੇ ਐਡਵੋਕੇਟ ਜਗਰੂਪ ਸਿੰਘ ਨੇ ਕਿਹਾ ਕਿ ਸਾਲ 2010 ਵਿੱਚ ਜਦੋਂ ਉਨ੍ਹਾਂ ਦੇ ਪਿਤਾ ਸਵਰਗਵਾਸੀ ਜਥੇਦਾਰ ਸੇਵਾ ਸਿੰਘ ਸੇਖਵਾਂ ਰੱਖਿਆ ਸੇਵਾਵਾਂ ਵਿਭਾਗ ਦੇ ਮੰਤਰੀ ਸਨ ਉਦੋਂ ਉਨ੍ਹਾਂ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਡੱਲਾ ਗੋਰੀਆਂ ਵਿਖੇ ਸੈਨਿਕ ਸਕੂਲ ਮਨਜ਼ੂਰ ਕੀਤਾ ਗਿਆ ਸੀ। ਇਸ ਸਕੂਲ ਲਈ ਉਸ ਵੇਲੇ ਸਰਕਾਰ ਵੱਲੋਂ 40 ਏਕੜ ਜ਼ਮੀਨ ਐਕਵਾਇਰ ਕਰਨ ਦੇ ਨਾਲ 50 ਲੱਖ ਰੁਪਏ ਦੀ ਰਾਸ਼ੀ ਵੀ ਜਾਰੀ ਕੀਤੀ ਗਈ ਸੀ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਬੀਤੀਆਂ ਸਰਕਾਰਾਂ ਵੱਲੋਂ ਸੈਨਿਕ ਸਕੂਲ ਦੇ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਨ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ ਗਈ ਜਿਸ ਕਾਰਨ ਇਹ ਪ੍ਰੋਜੈਕਟ ਠੰਡੇ ਬਸਤੇ ਹੀ ਪਿਆ ਰਿਹਾ। ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੇ ਨੌਜਵਾਨ ਹਮੇਸ਼ਾਂ ਹੀ ਦੇਸ਼ ਦੀਆਂ ਰੱਖਿਆ ਸੈਨਾਵਾਂ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਦੇ ਰਹੇ ਹਨ ਅਤੇ ਜ਼ਿਲ੍ਹੇ ਦੇ ਨੌਜਵਾਨਾਂ ਲਈ ਸੈਨਿਕ ਸਕੂਲ ਦੀ ਬਹੁਤ ਲੋੜ ਹੈ। ਚੇਅਰਮੈਨ ਸੇਖਵਾਂ ਨੇ ਕਿਹਾ ਕਿ ਸੈਨਿਕ ਸਕੂਲ ਲਈ 50 ਲੱਖ ਰੁਪਏ ਦੀ ਰਾਸ਼ੀ ਵੀ ਡਿਪਟੀ ਕਮਿਸ਼ਨਰ ਦੇ ਖਾਤੇ ਵਿੱਚ ਪਈ ਹੋਈ ਹੈ ਪਰ ਕੁਝ ਮਾਮੂਲੀ ਤਕਨੀਕੀ ਕਾਰਨਾਂ ਕਰਕੇ ਸੈਨਿਕ ਸਕੂਲ ਦਾ ਕੰਮ ਸ਼ੁਰੂ ਨਹੀਂ ਹੋ ਸਕਿਆ। ਸ. ਸੇਖਵਾਂ ਨੇ ਕਿਹਾ ਕਿ ਉਨ੍ਹਾਂ ਨੇ ਇਸ ਸਬੰਧੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਵੀ ਮੁਲਾਕਾਤ ਕੀਤੀ ਹੈ ਅਤੇ ਅੱਜ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਮੰਤਰੀ ਸ੍ਰੀ ਮਹਿੰਦਰ ਭਗਤ ਕੋਲ ਵੀ ਮੁੱਦਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਤੇ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਸੈਨਿਕ ਸਕੂਲ ਦੇ ਪ੍ਰੋਜੈਕਟ ਵਿੱਚ ਜੋ ਵੀ ਤਕਨੀਕੀ ਅੜਚਨਾ ਹਨ ਉਨ੍ਹਾਂ ਨੂੰ ਦੂਰ ਕਰਕੇ ਜਲਦ ਇਸ ਪ੍ਰੋਜੈਕਟ ਨੂੰ ਸ਼ੁਰੂ ਕੀਤਾ ਜਾਵੇਗਾ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਜਥੇਦਾਰ ਸੇਵਾ ਸਿੰਘ ਸੇਖਵਾਂ ਦੇ ਸੁਪਨਿਆਂ ਦਾ ਪ੍ਰੋਜੈਕਟ ਸੀ ਅਤੇ ਉਹ ਚਾਹੁੰਦੇ ਸਨ ਕਿ ਸਾਡੇ ਇਲਾਕੇ ਦੇ ਨੌਜਵਾਨ ਸੈਨਿਕ ਸਕੂਲ ਤੋਂ ਪੜ੍ਹ ਕੇ ਸੁਰੱਖਿਆ ਸੈਨਾਵਾਂ ਵਿੱਚ ਭਰਤੀ ਹੋ ਕੇ ਜਿਥੇ ਰੁਜ਼ਗਾਰ ਹਾਸਲ ਕਰਨ ਓਥੇ ਨਾਲ ਹੀ ਦੇਸ ਸੇਵਾ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਉਹ ਨੌਜਵਾਨ ਪੀੜ੍ਹੀ ਦੀ ਲੋੜ ਅਤੇ ਆਪਣੇ ਪਿਤਾ ਜੀ ਦੇ ਇਸ ਸੁਪਨੇ ਨੂੰ ਪੂਰਾ ਕਰਨ ਲਈ ਯਤਨਸ਼ੀਲ ਹਨ।

# ਥਾਣਾ ਸੁਲਤਾਨਵਿੰਡ ਵੱਲੋਂ ਘਰ ਦੇ ਗੇਟ ਤੇ ਗੋਲੀਆਂ ਮਾਰਨ ਵਾਲੇ ਸਮੇਤ ਪਿਸਟਲ 03 ਕਾਬੂ



**ਚੌਕ ਮਹਿਤਾ, 2 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਹ ਮੁਕੱਦਮਾਂ ਮੁਦੱਈਆ ਸੋਨੀਆ ਪਤਨੀ ਸੁਖਵਿੰਦਰ ਸਿੰਘ ਵਾਸੀ ਰਾਮ ਐਵੀਨਿਊ, ਪਿੰਡ ਸੁਲਤਾਨਵਿੰਡ ਅੰਮ੍ਰਿਤਸਰ ਦੇ ਬਿਆਨ ਪਰ ਦਰਜ਼ ਰਜਿਸਟਰ ਕੀਤਾ ਗਿਆ ਕਿ ਉਹ ਆਪਣੀ ਬਿਊਟੀ ਪਾਰਲਰ ਦੀ ਦੁਕਾਨ ਡਰੰਮਾਂਵਾਲਾ ਸੁਲਤਾਨਵਿੰਡ ਰੋਡ ਤੇ ਕੰਮ ਕਰਦੀ ਹੈ ਤੇ ਉਹ ਆਪਣੀ ਬੇਟੀ ਨਾਲ ਬਜ਼ਾਰ ਤੋਂ ਖਾਣ ਵਾਸਤੇ ਸਮਾਨ ਲੈ ਕਿ ਘਰ ਪਹੁੰਚੀ ਸੀ ਕਿ ਵਕਤ ਕਰੀਬ 10:00 ਪੀ.ਐਮ, ਮਿਤੀ 24.11.2024 ਨੂੰ ਕੋਈ ਅਣਪਛਾਤੇ ਵਿਅਕਤੀਆ ਵੱਲੋਂ ਉਸਦੇ ਘਰ ਦੇ ਗੇਟ ਵਿੱਚ ਗੋਲੀਆ ਮਾਰ ਕੇ ਦੋੜ ਗਏ। ਜਿਸਤੇ ਮੁਕੱਦਮਾ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਕਮਿਸ਼ਨਰ ਪੁਲਿਸ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਆਈ.ਪੀ.ਐਸ ਜੀ ਦੀਆਂ ਹਦਾਇਤਾਂ ਤੇ ਸ੍ਰੀ ਆਲਮ ਵਿਜੈ ਸਿੰਘ, ਡੀ.ਸੀ.ਪੀ ਲਾਅ ਐਂਡ ਆਰਡਰ, ਅਤੇ ਸ੍ਰੀ ਵਿਸ਼ਾਲਜੀਤ ਸਿੰਘ ਏ.ਡੀ.ਸੀ.ਪੀ ਸਿਟੀ-।, ਦੇ ਦਿਸ਼ਾ ਨਿਰਦੇਸ਼ਾਂ ਤੇ ਸ੍ਰੀ ਪ੍ਰਵੇਸ਼ ਚੋਪੜਾ ਏ.ਸੀ.ਪੀ ਦੱਖਣੀ ਦੀ ਨਿਗਰਾਨੀ ਹੇਠ ਇੰਸਪੈਕਟਰ ਮੋਹਿਤ ਕੁਮਾਰ ਮੁੱਖ ਅਫਸਰ ਥਾਣਾ ਸੁਲਤਾਨਵਿੰਡ ਦੀ ਪੁਲਿਸ ਪਾਰਟੀ ਵੱਲੋਂ ਦੋਸ਼ੀ ਪਰਮਜੀਤ ਸਿੰਘ ਉਰਫ ਸੋਨੂੰ ਨੂੰ ਮਿਤੀ 26.11.2024 ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ ਇਕ ਪਿਸਟਲ .32 ਬੋਰ ਤੇ 06 ਜਿੰਦਾ ਰੱਦ ਬ੍ਰਾਮਦ ਕੀਤੇ ਅਤੇ ਇਸਦੀ ਪੁੱਛਗਿੱਛ ਤੇ ਇਸਦੇ ਦੂਸਰੇ ਸਾਥੀ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਸੁਖਦੇਵ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਤਰਸੇਮ ਸਿੰਘ ਨੂੰ ਮਿਤੀ 30.11.2024 ਨੂੰ ਗ੍ਰਿਫਤਾਰ ਕੀਤਾ ਗਿਆ ਤੇ ਇਹਨਾਂ ਪਾਸੋਂ ਵਾਰਦਾਤ ਵਿੱਚ ਵਰਤਿਆ ਮੋਟਰ ਸਾਇਕਲ ਪਲਸਰ ਬ੍ਰਾਮਦ ਕੀਤਾ ਗਿਆ ਹੈ। ਇਸਦੇ ਦੇ 03 ਹੋਰ ਸਾਥੀਆਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਬਾਬਾ ਸੇਵਾ ਸਿੰਘ ਜੀ ਦੀ 32ਵੀਂ ਬਰਸੀ ਮਨਾਈ














**ਚੌਕ ਮਹਿਤਾ, 2 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਅਮਰ ਸ਼ਹੀਦ ਸੰਤ ਬਾਬਾ ਸੇਵਾ ਸਿੰਘ ਜੀ ਤੇ ਸ਼ਹੀਦ ਭਾਈ ਗੁਰਮੇਜ ਸਿੰਘ ਸਾਧਪੁਰ ਦੀ ਨਿੱਘੀ ਯਾਦ ਨੂੰ ਸਮਰਪਿਤ 32ਵੀਂ ਬਰਸੀ ਸਮਾਗਮ ਮੌਜੂਦਾ ਮੁਖੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਜਿਸ ਵਿੱਚ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ,ਉਪਰੰਤ ਖੁੱਲੇ ਭੰਡਾਲ 'ਚ ਦੀਵਾਨ ਸਜਾਏ ਗਏ ਜਿਸ ਵਿੱਚ ਕਵੀਸ਼ਰ ਜਥਾ ਭਾਈ ਮੱਖਣ ਸਿੰਘ ਜੀ ਦਸ਼ਮੇਸ਼ ਨਗਰ, ਅਤੇ ਭਾਈ ਭਗਤ ਸਿੰਘ ਭਿੱਟੇਵਿਡ ਗੁਰਦਾਸਪੁਰੀ ਕਵੀਸ਼ਰੀ ਜਥੇ ਨੇ ਗੁਰਇਤਹਾਸ ਸੁਣਾਂ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਮਹਿਤਾ, ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ ਵਾਲੇ, ਬਾਬਾ ਗੁਰਦਿਆਲ ਸਿੰਘ ਰੋੜੀ ਸਾਹਿਬ ਕਾਲੇਕੇ, ਅਤੇ ਹੋਰ ਸੰਤ ਮਹਾਂਪੁਰਸ਼ਾਂ ਅਤੇ ਸੰਗਤਾਂ ਹਾਜ਼ਰੀ ਲਗਵਾਈ। ਇਸ ਮੌਕੇ ਬਲੱਡ ਸੈਂਟਰ ਐੱਮ ਐੱਸ ਕੇਡੀ ਗਣੇਸ਼ਾ ਹਸਪਤਾਲ ਅੰਮ੍ਰਿਤਸਰ ਵਲੋਂ ਖੂਨਦਾਨ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਨਰਿੰਦਰ ਸਿੰਘ ਭੋਏਂ ਰਣਜੀਤ ਸਿੰਘ ਰਾਣਾ, ਬਾਬਾ ਜੱਸਾ ਸਿੰਘ, ਬਾਬਾ ਸੁੱਖਾ ਸਿੰਘ, ਬਾਬਾ ਰਾਜਾ, ਪ੍ਰਿੰਸੀਪਲ ਗੁਰਸੇਵਕ ਸਿੰਘ,ਜਗਰੂਪ ਸਿੰਘ ਬੋਪਾਰਾਏ,ਬਾਜ ਸਿੰਘ, ਜੋਬਨ ਸਿੰਘ, ਮੇਜਰ ਸਿੰਘ, ਅਜੇਪਾਲ ਸਿੰਘ, ਗੁਰਪ੍ਰੀਤ ਸਿੰਘ ਗੋਪੀ ਮੱਤੇਵਾਲ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਨਾਨਕ ਦੇਵ ਜੀ ਸੀਨੀਅਰ ਸੈਕੰਡਰੀ ਸਕੂਲ ਚੰਨਣਕੇ ਵਿਖੇ

# ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਅਵਤਾਰ ਦਿਹਾੜਾ ਮਨਾਇਆ










**ਚੌਕ ਮਹਿਤਾ, 2 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਐਮ ਡੀ ਕੁਲਜੀਤ ਸਿੰਘ ਬਾਠ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪਵਿੱਤਰ ਪਾਵਨ ਅਵਤਾਰ ਦਿਹਾੜਾ ਮਨਾਇਆ ਗਿਆ, ਪਰਸੋਂ ਰੋਜ ਤੋਂ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਭੋਗ ਪਾਏ ਗਏ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਬਿਕਰਮਜੀਤ ਸਿੰਘ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸਰਵਨ ਕਰਵਾਏ ਉਪਰੰਤ ਸ, ਕੁਲਜੀਤ ਸਿੰਘ ਬਾਠ, ਮੈਡਮ ਕੁਲਵੰਤ ਕੌਰ ਬਾਠ ਨੇ ਬੱਚਿਆਂ ਨੂੰ ਬਹੁਤ ਭਾਰੀ ਨਗਦ ਇਨਾਮ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਤੇ ਸਕੂਲ ਦੇ ਮਿਹਨਤੀ ਸਟਾਫ ਨੂੰ ਵੀ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਮੈਡਮ ਮਨਜੀਤ ਕੌਰ, ਪ੍ਰਿੰਸੀਪਲ ਰਿਤੂ ਖਨੇਜਾ, ਪ੍ਰਿੰਸੀਪਲ ਮਨਪ੍ਰੀਤ ਕੌਰ, ਡੀ ਪੀ ਬਲਦੇਵ ਸਿੰਘ ਜੀ ਨੇ ਬਾਖੂਬੀ ਸਟੇਜ ਸੈਕਟਰੀ ਦੀ ਸੇਵਾ ਨਿਭਾਈ ਇਸ ਮੌਕੇ ਤੇ ਸ, ਕੁਲਜੀਤ ਸਿੰਘ ਬਾਠ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਪਾਵਨ ਅਵਤਾਰ ਦਿਹਾੜਾ ਦੀਆਂ ਸਮੂਹ ਸੰਗਤਾ ਨੂੰ ਵਧਾਈਆ ਦਿੱਤੀਆਂ ਗਈਆਂ। ਗੁਰੂ ਜੀ ਲੰਗਰ ਆਟੁਤ ਵਰਤਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਪੇਂਡੂ ਮਹਿਲਾਵਾਂ ਦੇ ਸਵੈ ਸਹਾਇਤਾ ਸਮੂਹਾਂ ਨੂੰ

# ਸਵੈ ਰੋਜ਼ਗਾਰ ਲਈ ਲਗਭਗ 7.26 ਕਰੋੜ ਰੁਪਏ ਦੇ ਕਰਜ਼ੇ ਵੰਡੇ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 2 ਦਸੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਨਾਲ ਜੁੜੀਆਂ ਪਿੰਡਾਂ ਦੀਆਂ ਮਹਿਲਾਵਾਂ ਦੇ ਸਵੈ ਸਹਾਇਤਾ ਸਮੂਹਾਂ ਨੂੰ ਸਵੈ-ਰੋਜਗਾਰ ਨਾਲ ਜੋੜਨ ਲਈ ਲਗਵਾਏ ਜਿਲ੍ਹਾ ਪੱਧਰੀ ਲੋਨ ਮੇਲੇ ਦੌਰਾਨ 121 ਸਵੈ ਸਹਾਇਤਾ ਸਮੂਹਾਂ ਨੂੰ ਲਗਭਗ 7 ਕਰੋੜ 26 ਲੱਖ ਰੁਪਏ ਦੇ ਕਰਜ਼ਿਆਂ ਦੇ ਪ੍ਰਵਾਨਗੀ ਪੱਤਰ ਵੰਡੇ ਗਏ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਗੁਰਪ੍ਰੀਤ ਸਿੰਘ ਗਿੱਲ ਦੀ ਅਗਵਾਈ ਹੇਠ ਜਿਲ੍ਹਾ ਪ੍ਰੀਸ਼ਦ ਦੇ ਸਕੱਤਰ ਮੈਡਮ ਜ਼ੀਨਤ ਖਹਿਰਾ ਵੱਲੋਂ ਪੰਚਾਇਤ ਭਵਨ ਵਿਖੇ ਇਹ ਪ੍ਰਵਾਨਗੀ ਪੱਤਰ ਜਾਰੀ ਕੀਤੇ ਗਏ। ਉਹਨਾਂ ਨੇ ਇਸ ਮੌਕੇ ਦੱਸਿਆ ਕਿ ਜਿਲ੍ਹਾ ਗੁਰਦਾਸਪੁਰ ਵਿੱਚ 4495 ਸਵੈ ਸਹਾਇਤਾ ਸਮੂਹ ਬਣੇ ਹਨ ਅਤੇ ਪਹਿਲਾਂ ਇਹਨਾਂ ਚੋਂ ਲਗਭਗ 1785 ਸਮੂਹ 1-1 ਲੱਖ ਰੁਪਏ ਦਾ ਕਰਜ਼ਾ ਲੈਕੇ ਆਪਣੇ ਅਤੇ ਆਪਣੇ ਪਰਿਵਾਰ ਦੇ ਕਾਰੋਬਾਰ ਵਿੱਚ ਵਾਧਾ ਕਰ ਰਹੇ ਹਨ ਅਤੇ ਸਫਲਤਾ ਪੂਰਵਕ ਇਹਨਾਂ ਕਰਜ਼ਿਆਂ ਦੀ ਵਾਪਸੀ ਵੀ ਕਰ ਰਹੇ ਹਨ। ਇਸ ਮੌਕੇ ਸ੍ਰੀ ਅਮਰਪਾਲ ਸਿੰਘ, ਜਿਲ੍ਹਾ ਪ੍ਰੋਗਰਾਮ ਮੈਨੇਜਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਵੈ ਸਹਾਇਤਾ ਸਮੂਹਾਂ ਦੇ ਮੈਂਬਰਾਂ ਦੇ ਨਿੱਜੀ ਖਾਤੇ ਵੱਖ-ਵੱਖ ਬੈਂਕ ਵਿੱਚ ਖੁਲਵਾ ਕੇ ਯੋਗ ਮੈਂਬਰਾਂ ਨੂੰ ਬੈਂਕਾਂ ਤੋਂ ਮੁਦਰਾ ਲੋਨ, ਪ੍ਰਧਾਨ ਮੰਤਰੀ ਜੀਵਨ ਜੋਤੀ ਯੋਜਨਾ, ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਅਤੇ ਅਟਲ ਪੈਨਸ਼ਨ ਯੋਜਨਾ ਨਾਲ ਜੋੜਿਆ ਜਾ ਰਿਹਾ ਹੈ। ਇਸ ਮੌਕੇ ਐਲ.ਡੀ.ਐਮ. ਸ੍ਰੀ ਕੇਵਲ ਕਲਸੀ, ਡੀ.ਐਫ.ਐਮ. ਸ੍ਰੀ ਸਿਮਰਨਜੀਤ ਸਿੰਘ, ਡੀ.ਐਫ.ਐਮ. ਸ੍ਰੀ ਵਰਿੰਦਰ ਸਿੰਘ, ਐਮ.ਆਈ.ਐਸ. ਸ੍ਰੀ ਕੁਲਦੀਪ ਸਿੰਘ, ਬੀ.ਪੀ.ਐਮ. ਸ੍ਰੀ ਸਰੋਵਰ ਕੁੰਡਲ, ਐਮ.ਆਈ.ਐਸ. ਰਾਜੇਸ਼ ਕੁਮਾਰ, ਸੀ.ਸੀ. ਸੁਨੀਲ ਕੁਮਾਰ, ਸੀ.ਸੀ. ਸਵਰਨ ਦਾਸ, ਸੀ.ਸੀ. ਨਵਜੋਤ ਸਿੰਘ, ਸੀ.ਸੀ. ਹਰਪ੍ਰੀਤ ਸਿੰਘ, ਸੀ.ਸੀ. ਹਰਪ੍ਰੀਤ ਕੌਰ, ਡੀ.ਸੀ.ਓ. ਸ੍ਰੀ ਵਿਮਲ ਕੁਮਾਰ, ਡੀ.ਸੀ.ਓ. ਸ੍ਰੀ ਸ਼ੁਰੇਸ਼ ਪਾਲ, ਮੈਨੇਜਰ ਸ੍ਰੀ ਜਾਵੇਦ, ਹੋਰ ਬੈਂਕਾਂ ਦੇ ਨੁਮਾਇੰਦੇ ਅਤੇ ਸਵੈ ਸਹਾਇਤਾ ਸਮੂਹਾਂ ਦੇ ਮੈਂਬਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਵ ਏਡਜ ਦਿਵਸ ਸੰਬਧੀ ਜਿਲਾ ਪੱਧਰੀ ਜਾਗਰੂਕਤਾ ਮੁਹਿੰਮ ਦਾ ਕੀਤਾ ਆਗਾਜ




**ਚੌਕ ਮਹਿਤਾ, 2 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੀ ਅਗਵਾਈ ਹੇਠ ਦਫਤਰ ਸਿਵਲ ਸਰਜਨ ਤੋਂ ਵਿਸ਼ਵ ਏਡਜ ਦਿਵਸ ਜਾਗੂਕਤਾ ਮੁਹਿੰਮ ਦਾ ਆਗਾਜ ਜਿਲ੍ਹਾ ਪੱਧਰੀ ਵਰਕਸ਼, ਰੈਲੀ ਅਤੇ ਨੁਕੜ ਨਾਟਕ ਕਰਵਾ ਕੇ ਕੀਤਾ ਗਿਆ। ਇਸ ਸਮਾਗਮ ਦੌਰਾਨ ਸਵਾਮੀ ਵਿਵੇਕਾਨੰਦ ਮੈਡੀਕਲ ਮਿਸਨ, ਅਭਿਵਿਅਕਤੀ ਫਾਂਓਡੇਸ਼ਨ, ਮਨਸਾ ਫਾਂਓਡੇਸ਼ਨ, ਆਰ.ਪੀ ਫਾਂਓਡੇਸ਼ਨ, ਸਵੇਰਾ ਸੁਸਾਈਟੀ, ਸ਼ੇਪ ਇੰਡੀਆ, ਐਲ ਵੁਮਿਨ ਕਾਨਫਰੈਂਸ, ਲਿੰਕ ਵਰਕਰ ਸਕੀਮ ਐਨ.ਜੀ.ਓ. ਦੇ ਨੁਮਾਇੰਦੇ ਸ਼ਾਮਲ ਹੋਏ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਐਚ.ਆਈ.ਵੀ./ਏਡਜ ਸੰਬਧੀ ਜਾਣਕਾਰੀ ਅਤੇ ਸਾਵਧਾਨੀ ਹੀ ਇਸਦਾ ਦਾ ਇਲਾਜ ਹੈ। ਜੇਕਰ ਕਿਸੇ ਵੀ ਵਿਅਕਤੀ ਨੂੰ ਇਸ ਦੇ ਕੋਈ ਵੀ ਲੱਛਣ ਨਜਰ ਆਉਣ ਤਾਂ ਉਹ ਤੁਰੰਤ ਨਜਦੀਕੀ ਸਰਕਾਰੀ ਹਸਪਤਾਲ ਜਾਂ ਆਈ.ਸੀ.ਟੀ.ਸੀ. ਸ਼ੈਂਟਰ ਤੇ ਜਾ ਕੇ ਆਪਣੀ ਜਾਂਚ ਕਰਵਾ ਕੇ, ਏ.ਆਰ.ਟੀ ਸੈਂਟਰ ਤੋਂ ਆਪਣਾਂ ਇਲਾਜ ਕਰਵਾ ਸਕਦਾ ਹੈ।ਇਹਨਾਂ ਸੈਂਟਰਾਂ ਵਿਚ ਮੁਫਤ ਜਾਂਚ, ਇਲਾਜ ਅਤੇ ਕੌਂਸਲਿਗ ਕੀਤੀ ਜਾਂਦੀ ਹੈ ਅਤੇ ਮਰੀਜ ਦਾ ਨਾਮ-ਪਤਾ ਅਤੇ ਰਿਕਾਰਡ ਗੁਪਤ ਰੱਖਿਆ ਜਾਂਦਾ ਹੈ। ਉਹਨਾਂ ਕਿਹਾ ਕਿ ਏਡਜ ਦੇ ਮਰੀਜਾਂ ਨਾਲ ਬਿਨਾਂ ਕਿਸੇ ਭੇਦਭਾਵ ਦੇ ਪੇਸ਼ ਆਉਣਾਂ ਚਾਹੀਦਾ ਹੈ ਅਤੇ ਉਹਨਾਂ ਦੇ ਇਲਾਜ ਵਿਚ ਸਹਿਯੋਗ ਕਰਨਾਂ ਚਾਹੀਦਾ ਹੈ। ਇਸ ਮੌਕੇ ਜਿਲਾ ਏਡਜ ਕੰਟਰੋਲ ਅਫਸਰ ਡਾ ਵਿਜੇ ਗੋਤਵਾਲ ਵਲੋਂ ਲੋਕਾਂ ਨੂੰ ਏਡਜ ਦੇ ਕਾਰਣ, ਲੱਛਣ ਅਤੇ ਬਚਾਓ ਸੰਬਧੀ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਡੀ.ਡੀ.ਐਚ.ਓ. ਡਾ ਜਗਨਜੋਤ ਕੌਰ, ਜਿਲ੍ਹਾ ਸਿਹਤ ਅਫਸਰ ਡਾ ਜਸਪਾਲ ਸਿੰਘ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡੈਪਕੋ ਸਟਾਫ ਮੈਡਮ ਸ਼ਿਖਾ, ਮੈਡਮ ਅੰਜੂ, ਸਮੂਹ ਆਈ.ਸੀ.ਟੀ.ਸੀ. ਅਤੇ ਏ.ਆਰ.ਟੀ. ਸਟਾਫ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

****************************************************************




ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਅਤੇ ਮੈਡਮ ਸ੍ਰੀ ਮਤੀ ਮੈਡਮ ਸੁਰਿੰਦਰ ਕੌਰ ਜੀ ਵਰੇਗੰਢ ਦੀਆਂ ਲੱਖ ਲੱਖ ਵਧਾਈਆ ਹੋਣ ਜੀ ( ਵੱਲੋਂ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਐਕਸਾਈਜ਼ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਦੇ ਮੈਬਰ ਪੰਜਾਬ ਸਰਕਾਰ ,ਜਿਲਾ ਪ੍ਰਧਾਨ ਵਾਪਾਰ ਮੰਡਲ ਵਿੰਗ ਅੰਮ੍ਰਿਤਸਰ,ਪੀ ਏ ਸ੍ਰੀ ਵਿਨੀਤ ਵਰਮਾ ਜੀ। ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਚੇਅਰਮੈਨ ਰਮਨ ਬਹਿਲ ਤੇ ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਰਾਹਤ ਫੰਡ ਵਿਚੋਂ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਪੀੜ੍ਹਤ ਪਰਿਵਾਰ ਨੂੰ ਸੌਂਪਿਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 2 ਦਸੰਬਰ (ਕੁਲਜੀਤ ਸਿੰਘ ਖੋਖਰ)**-ਮਰਹੂਮ ਆਸ਼ੂਤੋਸ਼ ਦੇ ਪਰਿਵਾਰ ਲਈ ਦੁੱਖ ਦੀ ਘੜੀ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਡਾ ਸਹਾਰਾ ਬਣੇ ਹਨ। ਚੇਅਰਮੈਨ ਸ੍ਰੀ ਰਮਨ ਬਹਿਲ ਦੀ ਕੋਸ਼ਿਸ਼ ਸਦਕਾ ਪੰਜਾਬ ਸਰਕਾਰ ਵੱਲੋਂ ਮਰਹੂਮ ਆਸ਼ੂਤੋਸ਼ ਦੀ ਪਤਨੀ ਸ਼ਿਲਪਾ ਨੂੰ ਮੁੱਖ ਮੰਤਰੀ ਰਾਹਤ ਫੰਡ ਵਿਚੋਂ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ ਹੈ। 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਅੱਜ ਚੇਅਰਮੈਨ ਸ੍ਰੀ ਰਮਨ ਬਹਿਲ ਦੀ ਹਾਜ਼ਰੀ ਵਿੱਚ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਪੀੜ੍ਹਤ ਪਰਿਵਾਰ ਨੂੰ ਭੇਂਟ ਕੀਤਾ ਗਿਆ। ਪੀੜ੍ਹਤ ਪਰਿਵਾਰ ਦੀ ਮਾਲੀ ਇਮਦਾਦ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਦਾ ਧੰਨਵਾਦ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ 26 ਸਤੰਬਰ ਨੂੰ ਗੁਰਦਾਸਪੁਰ ਦੇ ਵਾਸੀ ਆਸ਼ੂਤੋਸ਼ ਦੀ ਇੱਕ ਨਿੱਜੀ ਹਸਪਤਾਲ ਵਿੱਚ ਮੌਤ ਹੋ ਗਈ ਸੀ ਅਤੇ ਕੁਝ ਸਮਾਜਿਕ ਜਥੇਬੰਦੀਆਂ ਵੱਲੋਂ ਪੀੜ੍ਹਤ ਪਰਿਵਾਰ ਲਈ ਮੁਆਵਜੇ ਦੀ ਮੰਗ ਨੂੰ ਲੈ ਕੇ ਬੱਬਰੀ ਬਾਈਪਾਸ ਵਿਖੇ ਧਰਨਾ ਲਗਾਇਆ ਗਿਆ ਸੀ। ਉਨ੍ਹਾਂ ਨੇ ਇਸ ਧਰਨੇ ਵਿੱਚ ਪਹੁੰਚ ਕੇ ਪੀੜ੍ਹਤ ਪਰਿਵਾਰ ਨੂੰ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਦਿਵਾਉਣ ਦਾ ਭਰੋਸਾ ਦਿਵਾਇਆ ਸੀ। ਸ੍ਰੀ ਬਹਿਲ ਨੇ ਕਿਹਾ ਕਿ ਉਨ੍ਹਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਧਿਆਨ ਵਿੱਚ ਇਹ ਸਾਰਾ ਮਸਲਾ ਲਿਆਂਦਾ ਸੀ ਅਤੇ ਸ. ਮਾਨ ਜੋ ਕਿ ਅਜਿਹੇ ਮਸਲਿਆਂ ਪ੍ਰਤੀ ਬਹੁਤ ਸੰਵੇਦਨਸ਼ੀਲ ਹਨ, ਵੱਲੋਂ ਪੀੜ੍ਹਤ ਪਰਿਵਾਰ ਨੂੰ ਮੁੱਖ ਮੰਤਰੀ ਰਾਹਤ ਫੰਡ ਵਿਚੋਂ 2 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਭਰੋਸਾ ਦਿੱਤਾ ਸੀ। ਸ੍ਰੀ ਬਹਿਲ ਨੇ ਕਿਹਾ ਕਿ ਮਾਨ ਸਰਕਾਰ ਨੇ ਆਪਣਾ ਵਾਅਦਾ ਨਿਭਾਉਂਦਿਆਂ ਮਾਲੀ ਇਮਦਾਦ ਵਜੋਂ 2 ਲੱਖ ਰੁਪਏ ਦਾ ਚੈੱਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਭੇਜਿਆ ਸੀ, ਜਿਸਨੂੰ ਅੱਜ ਮਰਹੂਮ ਆਸ਼ੂਤੋਸ਼ ਦੀ ਪਤਨੀ ਸ਼ਿਲਪਾ ਦੇ ਸਪੁਰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਂਵੇ ਆਸ਼ੂਤੋਸ਼ ਨੂੰ ਵਾਪਸ ਤਾਂ ਨਹੀਂ ਲਿਆਂਦਾ ਜਾ ਸਕਦਾ ਪਰ ਇਹ ਸਹਾਇਤਾ ਰਾਸ਼ੀ ਉਸਦੇ ਪਰਿਵਾਰ ਦੀਆਂ ਕੁਝ ਲੋੜਾਂ ਪੂਰੀਆਂ ਕਰਨ ਵਿੱਚ ਜ਼ਰੂਰ ਸਹਾਈ ਹੋਵੇਗੀ। ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਔਖੀ ਘੜੀ ਵਿੱਚ ਕਿਸੇ ਨਾਲ ਖੜੇ ਹੋਣਾ ਸਾਡਾ ਇਖਲਾਕੀ ਫ਼ਰਜ ਹੈ। ਉਨ੍ਹਾਂ ਕਿਹਾ ਕਿ ਮਰਹੂਮ ਆਸ਼ੂਤੋਸ਼ ਦੀ ਇੱਕ ਬੇਟੀ ਬਿਮਾਰ ਹੈ ਅਤੇ ਪੰਜਾਬ ਸਰਕਾਰ ਵੱਲੋਂ ਉਸਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਆਪਣਾ ਇਨਸਾਨੀ ਫ਼ਰਜ ਸਮਝਦੇ ਹੋਏ ਹਮੇਸ਼ਾਂ ਇਸ ਪੀੜ੍ਹਤ ਪਰਿਵਾਰ ਦੇ ਨਾਲ ਖੜ੍ਹੇ ਹਨ। ਸਹਾਇਤਾ ਰਾਸ਼ੀ ਲੈਣ ਤੋਂ ਬਾਅਦ ਮਰਹੂਮ ਆਸ਼ੂਤੋਸ਼ ਦੀ ਪਤਨੀ ਸ਼ਿਲਪਾ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਪਰਿਵਾਰ ਦੀ ਬਾਂਹ ਫੜ੍ਹਨ ਲਈ ਉਹ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਚੇਅਰਮੈਨ ਸ੍ਰੀ ਰਮਨ ਬਹਿਲ ਦਾ ਧੰਨਵਾਦ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੁਖਬੀਰ ਬਾਦਲ ਦੇ ਗੁਨਾਹ ਵੱਡੇ, ਪਰ ਤਨਖਾਹ ਮਾਮੂਲੀ ਲੱਗੀ

# ਪੰਥ 'ਚੋਂ ਛੇਕਿਆ ਜਾਣਾ ਚਾਹੀਦਾ ਸੀ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 2 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਕਿਹਾ ਕਿ ਅੱਜ ਖ਼ਾਲਸਾ ਪੰਥ ਦੀ ਜਿੱਤ ਤੇ ਬਾਦਲਕਿਆਂ ਦੀ ਹਾਰ ਹੋਈ ਹੈ।ਸਮੁੱਚੇ ਪੰਥ ਦੀਆਂ ਨਜ਼ਰਾਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਵੱਲ ਸੀ। ਜਥੇਦਾਰ ਗਿਆਨੀ ਰਘਬੀਰ ਸਿੰਘ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਵੱਲੋਂ ਦਿੱਤੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫਖਰ ਏ ਕੌਮ ਤੇ ਪੰਥ ਰਤਨ ਦਾ ਖ਼ਿਤਾਬ ਵਾਪਸ ਲੈ ਕੇ ਅਤੇ ਪੰਥ ਦੇ ਗ.ਦਾਰ ਸੁਖਬੀਰ ਸਿੰਘ ਬਾਦਲ ਤੋਂ ਗੁਨਾਹ ਕਬੂਲ ਕਰਵਾ ਕੇ ਸ਼ਲਾਘਾਯੋਗ ਫੈਸਲਾ ਲਿਆ ਹੈ, ਪਰ ਸੁਖਬੀਰ ਸਿੰਘ ਬਾਦਲ ਨੇ ਜਿੰਨੇ ਵੱਡੇ ਗੁਨਾਹ ਕੀਤੇ ਸਨ ਉਸ ਹਿਸਾਬ ਨਾਲ ਤਨਖਾਹ ਬਹੁਤ ਮਾਮੂਲੀ ਲੱਗੀ ਹੈ, ਇਸ ਨਾਲ ਸੰਗਤਾਂ ਸੰਤੁਸ਼ਟ ਨਹੀਂ ਹਨ। ਜਦੋਂ ਸੁਖਬੀਰ ਸਿੰਘ ਬਾਦਲ ਨੇ ਇੰਨੇ ਵੱਡੇ ਪਾਪ ਗੁਨਾਹ ਅਤੇ ਗਲਤੀਆਂ ਕਬੂਲ ਕੀਤੀਆਂ ਹਨ ਤਾਂ ਉਸ ਨੂੰ ਫਿਰ ਵੀ ਵਿਚਲਾ ਰਾਹ ਕੱਢ ਕੇ ਸੁਰਖਰੂ ਕਰ ਦੇਣਾ ਇਹ ਮਨਜ਼ੂਰ ਨਹੀਂ ਹੈ, ਜਥੇਦਾਰਾਂ ਨੂੰ ਚਾਹੀਦਾ ਸੀ ਕਿ ਉਹ ਸੁਖਬੀਰ ਸਿੰਘ ਬਾਦਲ ਨੂੰ ਖ਼ਾਲਸਾ ਪੰਥ ਵਿੱਚੋਂ ਛੇਕ ਦਿੰਦੇ ਤੇ ਹੋਰਾਂ ਆਗੂਆਂ ਖ਼ਿਲਾਫ਼ ਵੀ ਹੋਰ ਸਖ਼ਤ ਫੈਸਲਾ ਲੈਂਦੇ।ਸੁਖਬੀਰ ਸਿੰਘ ਬਾਦਲ ਨੂੰ ਪੰਥਕ ਅਤੇ ਪੰਜਾਬ ਦੀ ਸਿਆਸਤ ਕਰਨ ਦਾ ਤੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਣ ਦਾ ਕੋਈ ਹੱਕ ਨਹੀਂ ਹੋਣਾ ਚਾਹੀਦਾ, ਇਸ ਨੂੰ ਵਿਰਸਾ ਸਿੰਘ ਵਲਟੋਹਾ ਵਾਂਗ ਹੀ ਘੱਟੋ ਘੱਟ 10 ਸਾਲ ਲਈ ਪਰੇ ਕਰ ਦੇਣਾ ਚਾਹੀਦਾ ਸੀ।ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸੀਂ ਫਿਰ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਦਾ ਸਵਾਗਤ ਕਰਦੇ ਹਾਂ, ਕਿਉਂਕਿ ਜਥੇਦਾਰਾਂ ਤੋਂ ਐਨੀ ਵੀ ਆਸ ਨਹੀਂ ਸੀ, ਲੰਬੇ ਸਮੇਂ ਤੋਂ ਬਾਦਲ ਦਲ ਨੇ ਤਖਤਾਂ ਤੇ ਜਥੇਦਾਰ ਤੋਂ ਤਾਕਤ ਖੋਹੀ ਹੋਈ ਸੀ ਤੇ ਉਹਨਾਂ ਨੂੰ ਆਪਣੇ ਸਿਆਸੀ ਮਕਸਦ ਲਈ ਵਰਤਿਆ ਜਾਂਦਾ ਸੀ। ਉਹਨਾਂ ਕਿਹਾ ਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ, ਸੁਖਬੀਰ ਸਿੰਘ ਬਾਦਲ ਅਤੇ ਸਮੁੱਚੇ ਬਾਦਲ ਦਲ ਨੇ ਖਾਲਸਾ ਪੰਥ ਨੂੰ ਬਹੁਤ ਵੱਡਾ ਸੰਤਾਪ ਦਿੱਤਾ ਸੀ, ਧਾਰਮਿਕ ਅਤੇ ਰਾਜਸੀ ਘਾਣ ਕੀਤਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੁਸ਼ਟਾਂ ਨੂੰ ਬਚਾਇਆ, ਬਲਾਤਕਾਰੀ ਸਿਰਸੇ ਵਾਲੇ ਨੂੰ ਮਾਫੀ ਦਿਵਾਈ, ਗੁਰੂ ਘਰ ਦੀਆਂ ਗੋਲਕਾਂ ਦੀ ਦੁਰਵਰਤੋਂ ਕੀਤੀ, ਸਿੱਖਾਂ ਦੇ ਕਾਤਲ ਬੁੱਚੜ ਪੁਲਿਸ ਅਫਸਰਾਂ ਨੂੰ ਤਰੱਕੀਆਂ ਦਿੱਤੀਆਂ, ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦਾ ਵੱਕਾਰ ਰੋਲਿਆ,



ਸਿੰਘਾਂ ਨੂੰ ਸ਼ਹੀਦ ਕੀਤਾ ਤੇ ਪੰਥਕ ਸਿਧਾਂਤਾਂ ਦੀ ਰੱਜ ਕੇ ਖਿੱਲੀ ਉਡਾਈ ਇਸ ਲਈ ਇਹਨਾਂ ਦੇ ਗੁਨਾਹ ਬਖਸ਼ਣਯੋਗ ਨਹੀਂ ਹਨ।ਜਦੋਂ ਖਾਲਸਾ ਪੰਥ, ਸਿੱਖ ਸੰਗਤਾਂ ਅਤੇ ਪੰਥਕ ਧਿਰਾਂ ਸੁਖਬੀਰ ਸਿੰਘ ਬਾਦਲ ਦੇ ਪੰਥ ਵਿਰੋਧੀ ਕਾਰਿਆਂ ਦਾ ਵਿਰੋਧ ਕਰਦੀਆਂ ਸਨ ਤਾਂ ਇਹਨਾਂ ਦੇ ਹਮਾਇਤੀ, ਪੰਥਕ ਗੁਰਸਿੱਖਾਂ ਨੂੰ ਬੇਹੱਦ ਮੰਦਾ ਬੋਲਦੇ ਸਨ, ਕਾਂਗਰਸੀ ਆਖਦੇ ਸਨ ਤੇ ਜੇਲ੍ਹਾਂ ਵਿੱਚ ਤੁੰਨ ਦਿੰਦੇ ਸਨ ਪਰ ਅੱਜ ਸੱਚ ਦੇ ਡੰਕੇ ਵੱਜੇ ਹਨ ਤੇ ਝੂਠਿਆਂ ਦੇ ਮੂੰਹ ਕਾਲੇ ਹੋਏ ਹਨ। ਉਹਨਾਂ ਕਿਹਾ ਕਿ ਬਾਦਲ ਸੈਨਾ ਨੂੰ ਵੀ ਹੁਣ ਚੱਪਣੀ ਵਿੱਚ ਨੱਕ ਡੋਬ ਕੇ ਮਰ ਜਾਣਾ ਚਾਹੀਦਾ ਹੈ ਜੋ ਉਹ ਬਾਦਲਕਿਆਂ ਦੇ ਪੰਥ ਵਿਰੋਧੀ ਕਾਰਿਆਂ ਦੀ ਅੰਨ੍ਹੀ ਹਮਾਇਤ ਕਰਦੇ ਹੁੰਦੇ ਸੀ, ਬਾਦਲਾਂ ਨੂੰ ਦੁੱਧ ਧੋਤੇ ਦੱਸਦੇ ਸਨ, ਉਲਟਾ ਪੰਥਕ ਗੁਰਸਿੱਖਾਂ ਨੂੰ ਭੰਡਦੇ ਸਨ ਪਰ ਸੱਚੇ ਪਾਤਸ਼ਾਹ ਨੇ ਇਨਸਾਫ ਕੀਤਾ ਤੇ ਬਾਦਲ ਦਲ ਦੇ ਸਿਰ ਵਿੱਚ ਸਵਾਹ ਪਈ ਹੈ। ਉਹਨਾਂ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਹੀ ਆਵਾਜ਼ ਉਠਾਉਂਦੇ ਆ ਰਹੇ ਸੀ ਕਿ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫ਼ਖ਼ਰੇ ਕੌਮ ਖਿਤਾਬ ਵਾਪਸ ਲਿਆ ਜਾਵੇ ਕਿਉਂਕਿ ਇਹ ਵਿਅਕਤੀ ਤਾਂ ਪੰਥ ਅਤੇ ਪੰਜਾਬ ਦਾ ਸਭ ਤੋਂ ਵੱਡਾ ਗੱਦਾਰ ਹੈ, ਇਸ ਨੇ ਤਾਂ ਪੂਰੀ ਕੌਮ ਨੂੰ ਫਿਕਰਾਂ 'ਚ ਪਾਈ ਰੱਖਿਆ ਤੇ ਇਹ ਲੋਟੂ ਟੋਲਾ ਹੈ।ਫੈਡਰੇਸ਼ਨ ਚੀਫ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਇਹ ਵੀ ਕਿਹਾ ਕਿ ਬਾਦਲ ਦਲ ਜਦੋਂ ਸੱਤਾ ਵਿੱਚ ਸੀ ਤਾਂ ਇਸ ਦਾ ਹੰਕਾਰ ਸੱਤਵੇਂ ਅਸਮਾਨ ਉੱਤੇ ਸੀ, ਪਰ ਹੁਣ ਇਹਨਾਂ ਦੀ ਅਕਲ ਜਰੂਰ ਟਿਕਾਣੇ ਆਏਗੀ, ਇਹ ਭੁੱਲ ਜਾਣ ਕਿ ਹੁਣ ਇਹ ਸੰਗਤਾਂ ਵਿੱਚ ਵਿਚਰ ਸਕਦੇ ਹਨ।ਸ੍ਰੀ ਅਕਾਲ ਤਖਤ ਸਾਹਿਬ ਅਤੇ ਜਥੇਦਾਰਾਂ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਸੰਗਤ ਭਾਵੇਂ ਖੁੱਲ ਕੇ ਅੱਜ ਦੇ ਫੈਸਲੇ ਦਾ ਵਿਰੋਧ ਚਾਹੇ ਨਾ ਕਰੇ ਪਰ ਸੁਖਬੀਰ ਸਿੰਘ ਬਾਦਲ ਅਤੇ ਉਸਦੀ ਜੁੰਡਲੀ ਦਾ ਸੰਗਤ ਲਗਾਤਾਰ ਵਿਰੋਧ ਕਰਦੀ ਰਹੇਗੀ ਤੇ ਇਹਨਾਂ ਨੂੰ ਭਵਿੱਖ ਵਿੱਚ ਵੀ ਸਿਆਸੀ ਨੁਕਸਾਨ ਝੱਲਣਾ ਪਵੇਗਾ। ਉਹਨਾਂ ਕਿਹਾ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਇਹ ਕਹਿ ਦਿੱਤਾ ਹੈ ਪੰਥਕ ਅਖਵਾਉਂਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਪੰਥ ਵਿਰੋਧੀ ਕਾਰੇ ਕੀਤੇ ਹਨ ਜੋ ਬਹੁਤ ਸ਼ਰਮਨਾਕ ਗੱਲ ਹੈ।

**ਫ਼ਖ਼ਰ-ਏ-ਕੌਮ ਖ਼ਿਤਾਬ ਵਾਪਸ ਲੈਣਾ ਤੇ ਗੁਨਾਹ ਕਬੂਲ ਕਰਵਾਉਣੇ ਸ਼ਲਾਘਾਯੋਗ**

## ਪੰਥ ਪ੍ਰਸਿੱਧ ਕਥਾ ਵਾਚਕ ਅਤੇ ਸਾਬਕਾ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਦੀ ਵਿਗੜੀ ਸਿਹਤ



## ਦਿਲ 'ਚ ਤਕਲੀਫ ਹੋਣ ਦੇ ਚੱਲਦੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵੱਲਾ 'ਚ ਕਰਵਾਇਆ ਦਾਖਿਲ

## ਅਕਾਲ ਤਖ਼ਤ ਵਲੋਂ ਐਲਾਨੇ ਗਏ ਫੈਸਲੇ ਵਿਰੁੱਧ 4 ਦਸੰਬਰ ਨੂੰ ਪੰਥਕ ਧਿਰਾਂ ਵਲੋਂ ਆਪਣਾ ਪ੍ਰਤੀਕਰਮ ਪ੍ਰਗਟ ਕੀਤਾ ਜਾਵੇਗਾ : ਭਾਈ ਮੋਹਕਮ ਸਿੰਘ

**ਸਰਬੱਤ** ਖਾਲਸਾ ਦੇ ਮੁੱਖ ਪ੍ਰਬੰਧਕ ਤੇ ਪੰਥਕ ਆਗੂ ਭਾਈ ਮੋਹਕਮ ਸਿੰਘ , ਯੂਨਾਈਟਡ ਅਕਾਲੀ ਦਲ ਦੇ ਪ੍ਰਧਾਨ ਗੁਰਦੀਪ ਸਿੰਘ ਬਠਿੰਡਾ , ਸੰਤ ਚਰਨਜੀਤ ਸਿੰਘ ਜੱਸੋਵਾਲ ਭਾਈ ਸਤਨਾਮ ਸਿੰਘ ਮਨਾਵਾਂ ਅਤੇ ਜਤਿੰਦਰ ਸਿੰਘ ਈਸੜੂ ਨੇ ਇੱਕ ਸਾਂਝੇ ਬਿਆਨ ਵਿੱਚ ਦੱਸਿਆ ਕਿ ਅੱਜ 2 ਦਸੰਬਰ ਨੂੰ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਖਬੀਰ ਸਿੰਘ ਬਾਦਲ ਤੇ ਹੋਰਨਾਂ ਵਿਰੁੱਧ ਜੋ ਧਾਰਮਿਕ ਸਜ਼ਾ ਐਲਾਨ ਕੀਤਾ ਗਿਆ ਹੈ । ਇਸ ਲੱਗੀ ਧਾਰਮਿਕ ਸਜ਼ਾ ਦੇ ਸੰਬੰਧ ਵਿੱਚ ਪੰਥਕ ਧਿਰਾਂ ਵੱਲੋਂ 4 ਦਸੰਬਰ ਨੂੰ ਅੰਮ੍ਰਿਤਸਰ ਵਿੱਚ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਕਰਕੇ ਆਪਣਾ ਪ੍ਰਤੀਕਰਮ ਦਿੱਤਾ ਜਾਵੇਗਾ । ਅਕਾਲ ਤਖ਼ਤ ਸਾਹਿਬ ਤੋਂ ਚਿਰਾਂ ਤੋਂ ਉਡੀਕੇ ਜਾ ਰਹੇ ਫ਼ੈਸਲੇ ਸੰਬੰਧੀ ਅੱਜ ਸਿੱਖ ਕੌਮ ਨੂੰ ਨਿਰਾਸ਼ ਹੋ ਕੇ ਘਰਾਂ ਨੂੰ ਪਰਤਣਾ ਪਿਆ ਹੈ। ਸਿੱਖ ਕੌਮ ਨੂੰ ਅਕਾਲ ਤਖ਼ਤ ਸਾਹਿਬ ਤੋਂ ਸਖ਼ਤ ਫ਼ੈਸਲੇ ਦੀ ਉਡੀਕ ਸੀ ।ਭਾਈ ਮੋਹਕਮ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਸ੍ਰੀ ਅਕਾਲ ਤਖਤ ਸਾਹਿਬ (ਧਾਰਮਿਕ ਅਦਾਲਤ) ਤੇ ਆ ਕੇ ਆਪਣੇ ਸਾਰੇ ਗੁਨਾਹ ਕਬੂਲ ਗਿਆ ਪਰ ਜਥੇਦਾਰ (ਜੱਜ) ਉਸਨੂੰ ਸਜ਼ਾ ਦੇਣੀ ਹੀ ਭੁੱਲ ਗਏ। ਇਸ ਤਰ੍ਹਾਂ ਤਾਂ ਹਰ ਦੋਸ਼ੀ ਬੇਅਦਬੀਆਂ ਦੇ ਦੋਸ਼ੀਆਂ ਨੂੰ ਬਚਾ ਕੇ, ਸਿੱਖਾਂ ਦੇ ਕਤਲ ਕਰਵਾ ਕੇ, ਕੌਮ ਦਾ ਧਾਰਮਿਕ ਅਤੇ ਰਾਜਸੀ ਵੱਡਾ ਨੁਕਸਾਨ ਕਰਕੇ ਫਿਰ ਇੱਕ ਦਿਨ ਗੁਨਾਹ ਕਬੂਲ ਕਰਕੇ ਬਰੀ ਹੋ ਜਾਇਆ ਕਰੇਗਾ।ਇਹ ਫੈਸਲਾ ਕੌਮ ਨੂੰ ਬਰਦਾਸ਼ਤ ਨਹੀਂ ਹੈ ਇਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਨੂੰ ਭਾਰੀ ਠੇਸ ਪੁੱਜੀ ਹੈ।



**- ਭਾਈ ਮੋਹਕਮ ਸਿੰਘ 9779750126**

## ਪ੍ਰਕਾਸ਼ ਸਿੰਘ ਬਾਦਲ ਤੋਂ ਫਖਰ-ਏ-ਕੌਮ ਵਾਪਸ ਲਿਆ ਗਿਆ ! ਕਿਉਂਕਿ ਸਰਸੇ ਵਾਲੇ ਨੂੰ ਮੁਆਫੀ ਉਹਨਾਂ ਦੀ ਹਾਜ਼ਰੀ 'ਚ ਮਿਲੀ ਸੀ !

- ☛ ਸਾਬਕਾ ਜਥੇਦਾਰ ਗੁਰਬਚਨ ਸਿੰਘ ਤੋਂ ਸਾਰੀਆਂ ਸਹੂਲਤਾਂ ਵਾਪਸ ਲਈਆਂ ਗਈਆਂ !
- ☛ ਸਰਸੇ ਵਾਲੇ ਦੀ ਮੁਆਫੀ ਦੇ #ਇਸ਼ਿਤਹਾਰਾਂ ਤੇ ਖਰਚੇ ਲੱਖਾ ਰੁਪਏ ਸਮੇਤ ਵਿਆਜ਼ ਸੁਖਬੀਰ ਢੀਂਡਸਾ ਭੂੰਦੜ ਲੰਗਾਹ ਹੀਰਾ ਸਿੰਘ ਗਾਬੜੀਆ ਦਲਜੀਤ ਚੀਮਾ ,ਗੁਲਜਾਰ ਸਿੰਘ ਰਣੀਕੇ ਤੋਂ ਵਸੂਲੇ ਜਾਣਗੇ !
- ☛ ਇਹ ਲੀਡਰਸਿਪ ਆਪਣੇ ਗੁਨਾਹਾਂ ਕਾਰਨ ਸਿੱਖ ਪੰਥ ਦੀ ਰਾਜਸੀ ਅਗਵਾਈ ਕਰਨ ਦਾ ਨੈਤਿਕ ਅਧਾਰ ਗੁਆ ਚੁੱਕੀ ਹੈ, ਸੋ੍ਮਣੀ ਅਕਾਲੀ ਦਲ ਦੀ ਨਵੀਂ ਭਰਤੀ ਸੁਰੂ ਕੀਤੀ ਜਾਵੇ ,ਡੈਲੀਗੇਟਾਂ ਰਾਹੀਂ ਛੇ ਮਹੀਨੇ ਅੰਦਰ ਵਿਧੀ ਵਿਧਾਨ ਰਾਹੀਂ ਨਵੇਂ ਪ੍ਰਧਾਨ ਆਹੁਦੇਦਾਰ ਚੁਣੇ ਜਾਣ ,
- ☛ ਤਿੰਨ ਦਿਨ ਦੇ ਅੰਦਰ ਇਹਨਾਂ ਆਗੂਆਂ ਵੱਲੋਂ ਦਿੱਤੇ ਅਸਤੀਫੇ ਪ੍ਰਵਾਨ ਕੀਤੇ ਜਾਣ!
- ☛ ਸੁਖਬੀਰ ਸਣੇ ਇਹ ਆਗੁ ਗਲ 'ਚ ਤਖਤੀ ਪਾ,ਚੋਲਾ ਪਾ ਬਰਛਾ ਫੜ ਦੋ ਦਿਨ ਗੁਰੂ ਦਰ ਦੇ ਬਾਹਰ ਪਹਿਰੇ ਤੇ ਬੈਠਣਗੇ!
- ☛ ਦਰਬਾਰ ਸਾਹਿਬ ਕੰਪਲੈਕਸ 'ਚ ਬਣੇ ਟੁਆਇਲਟ ਸਾਫ ਕਰਨਗੇ,ਭਾਂਡਿਆਂ ਦੀ ਸੇਵਾ,ਜੋੜਿਆਂ ਦੀ ਸੇਵਾ ਕਰਨਗੇ !
- ☛ ਹਰਵਿੰਦਰ:.ਸਰਨਾ ਤਨਖਾਹੀਆ ਕਰਾਰ
- ☛ ਵਿਰਸਾ:.ਵਲਟੋਹਾ ਨੂੰ ਦੁਬਾਰਾ ਸਖਤ ਤਾੜਨਾ "ਆਪਣੀ ਜੁਬਾਨ ਬੰਦ ਕਰ ਲੈ,ਨਹੀਂ ਅਗਲੀ ਇਕੱਤਰਤਾ 'ਚ ਸਖਤ ਫੈਸਲਾ ਹੋਵੇਗਾ।"

## 3 ਦਸੰਬਰ ਨੂੰ ਪ੍ਰਧਾਨ ਮੰਤਰੀ ਦੀ ਚੰਡੀਗੜ੍ਹ ਫੇਰੀ ਦੇ ਵਿਰੋਧ ਦੀਆਂ ਤਿਆਰੀਆਂ ਮੁਕੰਮਲ - ਕੌਮੀ ਇਨਸਾਫ ਮੋਰਚਾ




ਅੱਜ ਤਾਲਮੇਲ ਕਮੇਟੀ ਕੌਮੀ ਇਨਸਾਫ ਮੋਰਚਾ ਦੀ ਮੀਟਿੰਗ ਮੋਰਚੇ ਵਾਲੇ ਸਥਾਨ ਤੇ ਜਥੇਦਾਰ ਗੁਰਦੀਪ ਸਿੰਘ ਬਠਿੰਡਾ,ਬਾਪੂ ਗੁਰਚਰਨ ਸਿੰਘ ਜੀ ਦੀ ਅਗਵਾਈ ਵਿੱਚ ਹੋਈ,ਮੀਟਿੰਗ ਵਿੱਚ ਕਾਲਾ ਝਾੜ ਸਾਹਬ,ਸੁੱਖ ਗਿਲ਼ ਮੋਗਾ ਸੂਬਾ ਪ੍ਰਧਾਨ ਬੀਕੇਯੂ ਤੋਤੇਵਾਲ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਮੀਟਿੰਗ ਵਿੱਚ 3 ਦਸੰਬਰ ਨੂੰ ਪ੍ਰਧਾਨ ਮੰਤਰੀ ਦੇ ਚੰਡੀਗੜ੍ਹ ਦੌਰੇ ਦੌਰਾਨ ਰੋਸ ਪ੍ਰਗਟ ਕਰਨ ਬਾਰੇ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ। ਮੋਰਚੇ ਨੇ ਇਹ ਵੀ ਸਪੱਸ਼ਟ ਕੀਤਾ ਕੇ ਦੋ ਸਾਲਾਂ ਤੋਂ ਕੌਮੀ ਇਨਸਾਫ ਮੋਰਚਾ ਮੁਹਾਲੀ ਚੰਡੀਗੜ੍ਹ ਸਰਹੱਦ ਤੇ ਲੱਗਿਆ ਹੋਇਆ ਹੈ। ਇਸੇ ਤਰ੍ਹਾਂ ਸ਼ੰਭੂ ਬਾਰਡਰ ਤੇ ਪਿਛਲੇ 8 ਮਹੀਨਿਆਂ ਤੋਂ ਕਿਸਾਨ ਮੋਰਚਾ ਚੱਲ ਰਿਹਾ ਹੈ,ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ ਤੇ ਬੈਠੇ ਹੋਏ ਹਨ,ਅਸੀਂ ਸਮਝਦੇ ਹਾਂ ਕਿ ਚੰਡੀਗੜ੍ਹ ਪੰਜਾਬ ਦੀ ਧਰਤੀ ਹੈ,ਇਸ ਧਰਤੀ ਦੇ ਉੱਤੇ ਪ੍ਰਧਾਨ ਮੰਤਰੀ ਨੂੰ ਭਲਵਾਨੀ ਗੇੜੇ ਨਈ ਮਾਰਨੇ ਚਾਈਦੇ,ਪ੍ਰਧਾਨ ਮੰਤਰੀ ਨੂੰ ਕੌਮੀ ਇਨਸਾਫ ਮੋਰਚੇ ਅਤੇ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਪੰਜਾਬ ਆਉਣਾ ਚਾਈਦਾ ਹੈ ਤਾਂ ਕੇ ਅਸੀਂ ਵੀ ਸਵਾਗਤ ਕਰ ਸਕੀਏ,ਮੋਰਚਾ ਆਗੂਆਂ ਨੇ ਇਹ ਵੀ ਕਿਹਾ ਕੇ ਅਸੀਂ ਕੋਈ ਰਸਤਾ ਨਈ ਰੋਕਾਂਗੇ,ਟਰੈਫਿਕ ਵਿੱਚ ਕੋਈ ਵਿਗਨ ਨਈ ਪਾਵਾਂਗੇ ਸਿਰਫ ਸੜਕ ਦੇ ਇੱਕ ਕਿਨਾਰੇ 'ਤੇ ਖੜਕੇ ਰੋਸ ਪ੍ਰਗਟ ਕਰਾਂਗੇ। ਉਹਨਾਂ ਪ੍ਰਸ਼ਾਸ਼ਨ ਨੂੰ ਵੀ ਕਿਹਾ ਕੇ ਸਾਡੇ ਸ਼ਾਂਤਮਈ ਰੋਸ ਪ੍ਰਗਟ ਕਰਨ ਦੇ ਅਧਿਕਾਰ ਦਾ ਵਿਰੋਧ ਪ੍ਰਗਟ ਨਾ ਕਰਨ,ਮੋਰਚੇ ਵੱਲੋਂ 3 ਦਿਸੰਬਰ ਨੂੰ ਸਵੇਰੇ 10 ਵਜੇ ਤੋਂ ਆਈਸ਼ਰ ਚੌਕ ਵਿੱਚ ਇੱਕ ਪਾਸੇ ਖੜਕੇ ਕਾਲੇ ਝੰਡੇ ਅਤੇ ਤਖਤੀਆਂ ਫੜਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਰੋਧ ਕੀਤਾ ਜਾਵੇਗਾ। ਆਗੂਆਂ ਨੇ ਪ੍ਰੈਸ ਨੂੰ ਜਾਣਕਾਰੀ ਦਿੱਤੀ ਕਿ 3 ਦਸੰਬਰ ਦੇ ਪ੍ਰਧਾਨ ਮੰਤਰੀ ਦੀ ਚੰਡੀਗੜ ਫੇਰੀ ਤੇ "ਮੋਦੀ ਗੋ ਬੈਕ" ਦੇ ਨਾਅਰੇ ਲਾਕੇ ਸ਼ਾਂਤ ਮਈ ਤਰੀਕੇ ਨਾਲ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਪੱਪੀ ਖਰੜ,ਪੀ ਐਸ ਗਿੱਲ,ਬਲਜੀਤ ਸਿੰਘ ਰੁੜਕੀ,ਮੇਵਾ ਘੜੂੰਆਂ,ਜਗਤਾਰ ਕੁੰਬੜਾਂ,ਲਖਮੀਰ ਨਿਹੰਗ ਕੁੰਬੜਾਂ,ਕਰਨੈਲ ਸਿੰਘ ਪਾਤੜਾਂ,ਜੀਤ ਸਿੰਘ,ਸਾਹਬ ਆਈ ਟੀ ਸੈਲ,ਬਾਬਾ ਬਿੱਲਾ ਨਿਹੰਗ ਸਿੰਘ,ਬਾਬਾ ਪਵਨਦੀਪ ਸਿੰਘ,ਗੁੱਜਰ ਤੋਤੇਵਾਲ,ਗੋਰਾ ਤਖਾਨਬੱਦ,ਪਾਲ ਯੂਪੀ,ਮੱਖਣ ਸਿੰਘ ਮਾਨਸਾ,ਬਾਪੂ ਲਾਭ ਸਿੰਘ ਹਾਜਰ ਸਨ।